# ਵਿਕਾਸ ਜਾਗ੍ਰਤੀ



## ਸੜਕ ਸੁਰੱਖਿਆ ਫੋਰਸ



## ਸ੍ਰੀ ਗੁਰੂ ਰਵਿਦਾਸ ਜੀ ਜੈਅੰਤੀ
(12 ਫਰਵਰੀ)

Punjab Land of Unlimited Opportunities




# ਖੇਡਾਂ ਵਿੱਚ
# ਪੰਜਾਬ No. 1

- ਨਵੀਂ ਖੇਡ ਨੀਤੀ-2023 ਕੀਤੀ ਲਾਗੂ
- ਕਲੱਸਟਰ ਪੱਧਰ 'ਤੇ 1000 ਖੇਡ ਨਰਸਰੀਆਂ ਹੋਣਗੀਆਂ ਸ਼ੁਰੂ, ਪਹਿਲੇ ਪੜਾਅ 'ਚ 250 ਖੇਡ ਨਰਸਰੀਆਂ ਖੋਲ੍ਹੀਆਂ
- ਵੱਖ-ਵੱਖ ਖੇਡ ਮੁਕਾਬਲਿਆਂ ਦੇ ਜੇਤੂ ਖਿਡਾਰੀਆਂ ਨੂੰ ਵੰਡੇ ₹88 ਕਰੋੜ
- ਪੈਰਿਸ ਓਲੰਪਿਕਸ 'ਚ ਹਿੱਸਾ ਲੈਣ ਵਾਲੇ ਪੰਜਾਬ ਦੇ 19 ਖਿਡਾਰੀਆਂ ਦਾ ₹12.50 ਕਰੋੜ ਨਾਲ ਸਨਮਾਨ
- ਏਸ਼ੀਅਨ ਖੇਡਾਂ ਵਿੱਚ ਹਿੱਸਾ ਲੈਣ ਵਾਲੇ ਪੰਜਾਬ ਦੇ 58 ਖਿਡਾਰੀਆਂ ਨੂੰ ₹29.25 ਕਰੋੜ ਦਿੱਤੇ
- ਤਿੰਨ ਸਾਲਾਂ ਤੋਂ ਸਫ਼ਲਤਾਪੂਰਵਕ ਕਰਵਾਈਆਂ ਜਾ ਰਹੀਆਂ ਹਨ 'ਖੇਡਾਂ ਵਤਨ ਪੰਜਾਬ ਦੀਆਂ'
- 11 ਨਾਮੀ ਖਿਡਾਰੀਆਂ ਨੂੰ ਡੀ.ਐਸ.ਪੀ ਅਤੇ ਪੀ.ਸੀ.ਐਸ ਬਣਾਇਆ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵੱਟਸਐਪ ਚੈਨਲ ਨਾਲ ਜੁੜੋ

ਇੱਥੇ ਸਕੈਨ ਕਰੋ



ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

# ਵਿਕਾਸ ਜਾਗ੍ਰਤੀ

**ਸੰਪਰਕ ਕਰਨ ਲਈ ਪਤਾ:**
ਵਿਕਾਸ ਜਾਗ੍ਰਤੀ, ਕਮਰਾ ਨੰ:1, ਪੰਜਵੀਂ ਮੰਜਿਲ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ।
Phone Number: 0172-2740668
Email Id: punmagazine2020@gmail.com

| | | |
|---|---|---|
| **ਸੀ.ਈ.ਓ.** | - | ਵਿਮਲ ਕੁਮਾਰ ਸੇਤੀਆ (ਆਈ.ਏ.ਐਸ) |
| **ਡਿਪਟੀ ਡਾਇਰੈਕਟਰ** | - | ਮਨਵਿੰਦਰ ਸਿੰਘ |
| **ਐਡੀਟਰ** | - | |
| **ਕੰਟੈਂਟ ਰਾਈਟਰ** | - | ਸਨਦੀਪ ਕੌਰ |
| **ਡਿਜ਼ਾਈਨਰ** | - | ਕਰਨ ਕੁਮਾਰ |
| **ਪ੍ਰਕਾਸ਼ਕ** | - | ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ |

ਪਰਚੇ ਵਿੱਚ ਲੇਖਕਾਂ ਵੱਲੋਂ ਪ੍ਰਗਟਾਏ ਗਏ ਵਿਚਾਰਾਂ ਨਾਲ ਪੰਜਾਬ ਸਰਕਾਰ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। ਸੰਪਾਦਕ ਨੂੰ ਕਿਸੇ ਵੀ ਰਚਨਾ ਨੂੰ ਕੱਟਣ, ਛਾਂਟਣ ਜਾਂ ਰੱਦ ਕਰ ਦੇਣ ਦਾ ਪੂਰਾ ਅਧਿਕਾਰ ਹੈ। ਕਿਸੇ ਵੀ ਵਿਵਾਦ ਦੀ ਸੂਰਤ ਵਿੱਚ ਅਦਾਲਤੀ ਕਾਰਵਾਈ ਚੰਡੀਗੜ੍ਹ ਵਿੱਚ ਹੀ ਮੰਨਣਯੋਗ ਹੋਵੇਗੀ। ਵਿਮਲ ਕੁਮਾਰ ਸੇਤੀਆ, ਆਈ.ਏ.ਐਸ ਨੇ ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ ਦੀ ਤਰਫੋਂ ਕਮਰਾ ਨੰਬਰ 1, ਪੰਜਵੀਂ ਮੰਜਿਲ, ਸਿਵਲ ਸਕੱਤਰੇਤ, ਚੰਡੀਗੜ੍ਹ ਤੋਂ ਸੰਪਾਦਿਤ ਅਤੇ ਜਾਰੀ ਕੀਤਾ।

ਫਰਵਰੀ - 2025
ਜਿਲਦ - 12 ਅੰਕ - 2




## ▶ ਕਵਰ ਸਟੋਰੀ

# 'ਸੜਕ ਸੁਰੱਖਿਆ ਫੋਰਸ'

ਅਨਮੋਲ ਜ਼ਿੰਦਗੀਆਂ ਬਚਾਉਣ ਲਈ ਫਰਿਸ਼ਤਾ ਬਣ ਕੇ ਉੱਭਰੀ

## ▶ ਲੀਡ ਸਟੋਰੀ


10 ਗਣਤੰਤਰ ਦਿਵਸ ਸਮਾਰੋਹ: ਮੁੱਖ ਮੰਤਰੀ ਮਾਨ ਨੇ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਦੀ ਰਾਖੀ ਲਈ ਚੁੱਕੀ ਸਹੁੰ

14 ਅਮੀਰ ਵਿਰਾਸਤ, ਸੱਭਿਆਚਾਰ ਅਤੇ ਸ਼ਰਧਾ ਦੀ ਪ੍ਰਤੀਕ: ਪੰਜਾਬ ਦੀ ਝਾਕੀ-2025

17 ਪ੍ਰਾਪਤੀਆਂ, ਕਾਰਵਾਈਆਂ ਅਤੇ ਉਮੀਦਾਂ ਦਾ ਸਾਲ


## ▶ ਵਿਕਾਸ


36 ਮੁੱਖ ਮੰਤਰੀ ਨੇ ਸੂਬੇ ਦੇ ਸੈਰ-ਸਪਾਟਾ ਖੇਤਰ ਨੂੰ ਨਵੇਂ ਸਿਖਰ 'ਤੇ ਲੈ ਜਾਣ ਦਾ ਲਿਆ ਪ੍ਰਣ

42 ਮੁੱਖ ਮੰਤਰੀ ਨੇ ਸਸ਼ਕਤ ਮਹਿਲਾਵਾਂ, ਸਸ਼ਕਤ ਸਮਾਜ ਦਾ ਦਿੱਤਾ ਨਾਅਰਾ

44 ਅੰਮ੍ਰਿਤਸਰ ਪ੍ਰਸ਼ਾਸਨ ਨੇ 1700 ਟੀ ਬੀ ਮਰੀਜਾਂ ਨੂੰ ਖੁਰਾਕ ਲਈ ਗੋਦ ਲਿਆ

45 35 ਪਿੰਡਾਂ ਨੂੰ ਨਹਿਰੀ ਪਾਣੀ ਨਾਲ ਜੋੜਨ ਲਈ 26 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟਾਂ ਦੀ ਸ਼ੁਰੂਆਤ

46 ਮਿਸ਼ਨ ਹੌਸਿਆਰ: ਜ਼ਿਲ੍ਹਾ ਪੁਲਿਸ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਬ-ਡਵੀਜ਼ਨਲ ਪੱਧਰ 'ਤੇ ਖੇਡ ਮੁਕਾਬਲੇ ਸ਼ੁਰੂ

47 147143 ਲਾਭਪਾਤਰੀਆਂ ਨੂੰ ਵੱਖ-ਵੱਖ ਪੈਨਸ਼ਨ ਸਕੀਮਾਂ ਅਧੀਨ 22.07 ਕਰੋੜ ਰੁਪਏ ਦੀ ਅਦਾਇਗੀ

47 ਹੈਲਪ ਲਾਇਨ 1076 `ਤੇ ਜ਼ਿਲ੍ਹੇ ਦੇ 1124 ਨਾਗਰਿਕਾਂ ਨੇ ਘਰ ਬੈਠੇ ਪ੍ਰਸ਼ਾਸ਼ਕੀ ਸੇਵਾਵਾਂ ਦਾ ਲਿਆ ਲਾਭ

48 ਸੁਨਾਮ ਵਾਸੀਆਂ ਨੂੰ ਇੱਕ ਹੋਰ ਅਹਿਮ ਸੌਗਾਤ: 3.68 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪੰਜਾਬ ਦੇ ਚੌਥੇ ਜੇਨਲ ਡਰੱਗ ਵੇਅਰ ਹਾਊਸ ਦਾ ਰੱਖਿਆ ਨੀਹ ਪੱਥਰ


## ▶ ਭਾਸ਼ਾ


28 ਪੰਜਾਬੀ ਮਾਂ ਬੋਲੀ ਨੂੰ ਪ੍ਰਫੁੱਲਤ ਕਰੀਏ


## ▶ ਕੁਦਰਤ


30 ਦਰੋਣਾਗਿਰੀ ਪਰਬਤ ਜਿੱਥੇ ਸੰਜੀਵਨੀ ਬੂਟੀਆਂ ਉੱਗਦੀਆਂ ਸਨ..

32 ਰੁੱਤਾਂ ਦੀ ਰਾਣੀ 'ਬਸੰਤ'

34 ਘਟ ਰਿਹਾ ਪਾਣੀ ਅਤੇ ਵਧ ਰਹੀ ਆਬਾਦੀ – ਚਿੰਤਾ ਦਾ ਵਿਸ਼ਾ


## ▶ ਖੇਤੀ


38 ਅਮਰੂਦ ਦੀ ਕਾਸ਼ਤ ਰਾਹੀਂ ਫਸਲੀ ਵਿਭਿੰਨਤਾ ਨੂੰ ਵਧਾਓ


## ▶ ਸਫ਼ਲਤਾ


49 ਕਿਸਾਨ ਰਾਜਦੀਪ ਸਿੰਘ ਦੀ ਕਾਮਯਾਬੀ ਦੀ ਕਹਾਣੀ: ਇੱਕ ਸਾਦੇ ਕਿਸਾਨ ਦਾ ਵਪਾਰਕ ਸਫਰ

# ਅਨਮੋਲ ਜ਼ਿੰਦਗੀਆਂ ਬਚਾਉਣ ਲਈ ਫਰਿਸ਼ਤਾ ਬਣ ਕੇ ਉੱਭਰੀ

# 'ਸੜਕ ਸੁਰੱਖਿਆ ਫੋਰਸ'



## ਸੜਕ ਸੁਰੱਖਿਆ ਲਈ ਪੰਜਾਬ ਸਰਕਾਰ ਦੀ ਇਤਿਹਾਸਕ ਪਹਿਲ



ਸਨਦੀਪ ਕੌਰ

ਸੜਕਾਂ ਨੂੰ ਹੋਰ ਸੁਰੱਖਿਅਤ ਬਣਾਉਣ ਲਈ ਨਿਵੇਕਲੀ ਪਹਿਲਕਦਮੀ ਕਰਦਿਆਂ ਪੰਜਾਬ ਸਰਕਾਰ ਨੇ ਟ੍ਰੈਫਿਕ ਵਿਵਸਥਾ ਸੁਧਾਰਨ ਅਤੇ ਹਾਦਸੇ ਰੋਕਣ ਲਈ ਮੀਲ ਪੱਥਰ ਕਾਇਮ ਕੀਤਾ ਹੈ ਜਿਸ ਦੀ ਮਿਸਾਲ ਹੋਰ ਕਿਧਰੇ ਨਹੀਂ ਮਿਲਦੀ। ਸੜਕ ਸੁਰੱਖਿਆ ਫੋਰਸ (ਐੱਸ.ਐੱਸ.ਐੱਫ .) ਦੀ ਰਸਮੀ ਸ਼ੁਰੂਆਤ 27 ਜਨਵਰੀ, 2024 ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੀ ਗਈ ਸੀ ਅਤੇ ਇਹ ਫੋਰਸ ਅੱਜ ਮਾਰਗਦਰਸ਼ਕ ਬਣ ਕੇ ਉੱਭਰੀ ਹੈ ਜਿਸ ਨੇ ਸੂਬੇ ਵਿੱਚ ਸੜਕ ਹਾਦਸਿਆਂ ਵਿਚ ਅਜਾਈਂ ਜਾਂਦੀਆਂ ਬੇਸ਼ਕੀਮਤੀ ਜਾਂਨਾਂ ਦੀ ਗਿਣਤੀ ਨੂੰ ਕਾਫੀ ਘਟਾ ਦਿੱਤਾ ਹੈ। ਸਿਰਫ ਇੱਕ ਸਾਲ ਵਿੱਚ ਹੀ ਐੱਸ.ਐੱਸ.ਐੱਫ . ਨੇ ਸੜਕ ਹਾਦਸਿਆਂ ਵਿੱਚ ਹੋਣ ਵਾਲੀਆਂ ਮੌਤਾਂ  ਦੀ ਦਰ ਵਿੱਚ ਤਕਰੀਬਨ





47 ਫੀਸਦ ਦੀ ਕਮੀ ਲਿਆਂਦੀ ਹੈ। ਇਹ ਫੋਰਸ ਸੂਬਾ ਸਰਕਾਰ ਵੱਲੋਂ ਸੜਕ ਸੁਰੱਖਿਆ ਦੇ ਪ੍ਰਬੰਧਾਂ ਨੂੰ ਪੁਖਤਾ ਕਰਨ ਵਾਲਾ ਵੱਡਾ ਕਦਮ ਹੈ।

ਫਰਵਰੀ, 2023 ਤੋਂ ਜਨਵਰੀ 2024 ਤੱਕ ਪੰਜਾਬ ਦੀਆਂ ਸੜਕਾਂ 'ਤੇ ਵਾਪਰੇ ਹਾਦਸਿਆਂ ਵਿੱਚ 2332 ਵਿਅਕਤੀਆਂ ਨੇ ਆਪਣੀ ਜਾਨ ਗੁਆ ਲਈ ਸੀ। ਐੱਸ.ਐੱਸ.ਐੱਫ. ਦੀ ਸ਼ੁਰੂਆਤ ਤੋਂ ਬਾਅਦ ਫਰਵਰੀ 2024 ਤੋਂ ਜਨਵਰੀ 2025 ਤੱਕ ਇਹ ਗਿਣਤੀ ਘਟ ਕੇ 1250 ਹੋ ਗਈ ਹੈ। ਇਨ੍ਹਾਂ ਅੰਕੜਿਆਂ ਤੋਂ ਇਹ ਸਾਬਿਤ ਹੁੰਦਾ ਹੈ ਕਿ ਐੱਸ.ਐੱਸ.ਐੱਫ. ਦੇ ਦ੍ਰਿੜ ਨਿਸ਼ਚੇ ਅਤੇ ਯਤਨਾਂ ਸਦਕਾ ਸਰਕਾਰ ਕੀਮਤੀ ਜ਼ਿੰਦਗੀਆਂ ਬਚਾਉਣ ਤੇ ਹਾਦਸੇ ਘਟਾਉਣ ਵਿੱਚ ਸਫਲ ਹੋਈ ਹੈ। ਅੱਜ ਇਹ ਫੋਰਸ ਪੰਜਾਬ ਦੇ ਨਾਗਰਿਕਾਂ ਦੇ ਜੀਵਨ ਵਿੱਚ ਮਹੱਤਵਪੂਰਨ ਬਦਲਾਅ ਲਿਆਉਣ ਲਈ ਕੰਮ ਕਰ ਰਹੀ ਹੈ।







**ਐੱਸ.ਐੱਸ.ਐੱਫ. ਦੀ ਸ਼ੁਰੂਆਤ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲੰਧਰ ਦੇ ਪੀ.ਏ.ਪੀ. ਕੰਪਲੈਕਸ ਵਿਖੇ ਐੱਸ. ਐੱਸ.ਐੱਫ. ਦਾ ਉਦਘਾਟਨ ਕੀਤਾ, ਜਿਸਦਾ ਉਦੇਸ਼ ਪੰਜਾਬ ਦੇ ਕੌਮੀ ਅਤੇ ਰਾਜ ਮਾਰਗਾਂ 'ਤੇ ਟ੍ਰੈਫਿਕ ਪ੍ਰਬੰਧਨ ਦੇ ਪਾੜੇ ਨੂੰ ਪੂਰਨਾ ਹੈ। ਇਕ ਫਰਵਰੀ, 2024 ਤੋਂ ਕਾਰਜਸ਼ੀਲ ਐੱਸ.ਐੱਸ. ਐੱਫ. ਵਿੱਚ ਨਵੇਂ ਭਰਤੀ ਅਤੇ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ 1600 ਪੁਲਿਸ ਕਰਮਚਾਰੀ ਸ਼ਾਮਲ ਹਨ। ਇਹ ਮੁਲਾਜ਼ਮ 144 ਅਤਿ-ਆਧੁਨਿਕ ਵਾਹਨਾਂ, ਜਿਹਨਾਂ ਵਿੱਚ 116 ਟੋਇਟਾ ਹਾਈਲਕਸ ਟਰੱਕ ਅਤੇ 28 ਸਕਾਰਪੀਓ ਸਪੀਡ ਇੰਟਰਸੈਪਟਰ ਸ਼ਾਮਲ ਹਨ, ਜ਼ਰੀਏ ਸੂਬੇ ਵਿੱਚ ਹਾਦਸਿਆਂ ਦੀਆਂ ਵੱਧ ਸੰਭਾਵਨਾਵਾਂ ਵਾਲੀਆਂ 4,100 ਕਿਲੋਮੀਟਰ ਸੜਕਾਂ 'ਤੇ ਗਸ਼ਤ ਕਰਦੇ ਹਨ । ਹਰੇਕ ਵਾਹਨ 30 ਕਿਲੋਮੀਟਰ ਦੇ ਹਿੱਸੇ ਨੂੰ ਕਵਰ ਕਰਦਾ ਹੈ।





**ਮਨੁੱਖੀ ਜਾਨਾਂ ਬਚਾਉਣ ਲਈ ਫੌਰੀ ਕਾਰਵਾਈ**

ਐੱਸ.ਐੱਸ.ਐੱਫ. ਦੀ ਕਾਮਯਾਬੀ ਦੀ ਖਾਸੀਅਤ ਹਾਦਸਾ ਵਾਪਰਨ ਮੌਕੇ ਫੌਰੀ ਕਾਰਵਾਈ ਨੂੰ ਯਕੀਨੀ ਬਣਾਉਣਾ ਹੈ। ਸਿਰਫ 6-8 ਮਿੰਟਾਂ

| S.NO. | ਰੇਂਜ ਦਾ ਨਾਂਅ | ਜਿਲ੍ਹਾਂ/ਕਮਿਸ਼ਨਰੇਟ | ਕੁੱਲ ਹਾਦਸੇ | ਜ਼ਖ਼ਮੀ, ਜਿਨ੍ਹਾਂ ਨੂੰ ਮੁੱਢਲੀ ਸਹਾਇਤਾ ਦਿੱਤੀ ਗਈ | ਗੰਭੀਰ ਸੱਟਾਂ ਕਾਰਨ ਹਸਪਤਾਲ ਵਿੱਚ ਦਾਖਲ | ਕੁੱਲ ਮੌਤਾਂ |
|---|---|---|---|---|---|---|
| 1 | ਬਠਿੰਡਾ | ਬਠਿੰਡਾ | 470 | 188 | 484 | 58 |
| | | ਮਾਨਸਾ | 224 | 86 | 188 | 23 |
| 2 | ਬਾਰਡਰ ਰੇਂਜ | ਅੰਮ੍ਰਿਤਸਰ ਦਿਹਾਤੀ | 944 | 415 | 451 | 56 |
| | | ਬਟਾਲਾ | 362 | 187 | 266 | 21 |
| | | ਗੁਰਦਾਸਪੁਰ | 443 | 150 | 273 | 22 |
| | | ਪਠਾਨਕੋਟ | 439 | 206 | 230 | 28 |
| | | ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ | 81 | 15 | 10 | 4 |
| 3 | ਫ਼ਰੀਦਕੋਟ ਰੇਂਜ | ਮੋਗਾ | 827 | 539 | 571 | 68 |
| | | ਸ੍ਰੀ ਮੁਕਤਸਰ ਸਾਹਿਬ | 783 | 691 | 566 | 50 |
| | | ਫ਼ਰੀਦਕੋਟ | 336 | 326 | 235 | 18 |
| 4 | ਫਿਰੋਜ਼ਪੁਰ ਰੇਂਜ | ਫਿਰੋਜ਼ਪੁਰ | 449 | 138 | 223 | 49 |
| | | ਤਰਨ ਤਾਰਨ | 723 | 449 | 462 | 82 |
| | | ਫਾਜ਼ਿਲਕਾ | 736 | 185 | 501 | 53 |
| 5 | ਜਲੰਧਰ ਰੇਂਜ | ਜਲੰਧਰ ਦਿਹਾਤੀ | 1113 | 1064 | 828 | 70 |
| | | ਹੁਸ਼ਿਆਰਪੁਰ | 959 | 1045 | 747 | 78 |
| | | ਕਪੂਰਥਲਾ | 625 | 548 | 378 | 53 |
| | | ਕਮਿਸ਼ਨਰੇਟ ਪੁਲਿਸ ਜਲੰਧਰ | 571 | 351 | 253 | 33 |
| 6 | ਲੁਧਿਆਣਾ ਰੇਂਜ | ਲੁਧਿਆਣਾ ਦਿਹਾਤੀ | 519 | 206 | 396 | 37 |
| | | ਖੰਨਾ | 297 | 61 | 316 | 35 |
| | | ਸ਼ਹੀਦ ਭਗਤ ਸਿੰਘ ਨਗਰ | 499 | 140 | 443 | 29 |
| | | ਕਮਿਸ਼ਨਰੇਟ ਪੁਲਿਸ ਲੁਧਿਆਣਾ | 42 | *31* | 49 | 3 |
| 7 | ਪਟਿਆਲਾ ਰੇਂਜ | ਬਰਨਾਲਾ | 705 | 790 | 635 | 39 |
| | | ਮਲੇਰਕੋਟਲਾ | 230 | 270 | 230 | 12 |
| | | ਸੰਗਰੂਰ | 444 | 582 | 531 | 54 |
| | | ਪਟਿਆਲਾ | 1242 | 1152 | 841 | 72 |
| 8 | ਰੂਪਨਗਰ ਰੇਂਜ | ਰੂਪਨਗਰ | 1436 | 585 | 885 | 45 |
| | | ਫ਼ਤਹਿਗੜ੍ਹ ਸਾਹਿਬ | 711 | 230 | 506 | 50 |
| | | ਸਾਹਿਬਜ਼ਾਦਾ ਅਜੀਤ ਸਿੰਘ ਨਗਰ | 4096 | 297 | 510 | 56 |
| | | ਕੁੱਲ | 20306 | 10827 | 12008 | 1198 |

ਵਿੱਚ ਹਾਦਸਾਗ੍ਰਸਤ ਥਾਂ ਉੱਤੇ ਪੁਹੰਚ ਕੇ ਫੋਰਸ ਨੇ ਹੁਣ ਤੱਕ 21,876 ਜ਼ਖਮੀ ਵਿਅਕਤੀਆਂ ਨੂੰ ਤੁਰੰਤ ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਹੈ। ਟ੍ਰੌਮਾ ਕੇਅਰ ਦੀ ਸਿਖਲਾਈ ਪ੍ਰਾਪਤ ਐੱਸ.ਐੱਸ.ਐੱਫ. ਮੁਲਾਜ਼ਮ ਸਭ ਤੋਂ ਪਹਿਲਾਂ ਪਹੁੰਚਦੇ ਹਨ ਅਤੇ ਹਾਦਸਾ ਪੀੜਤਾਂ ਨੂੰ ਲੋੜੀਂਦੀ ਸਹਾਇਤਾ ਦਿੰਦੇ ਹਨ ਅਤੇ ਜ਼ਖਮੀਆਂ ਨੂੰ ਸੰਭਾਲਦੇ ਹਨ।

**ਤਕਨਾਲੌਜੀ ਅਧਾਰਿਤ ਪੁਲਿਸਿੰਗ**

ਐੱਸ.ਐੱਸ.ਐੱਫ. ਦਾ 'ਬਿਹਤਰੀਨ ਪੁਲਿਸਿੰਗ ਮਾਡਲ' ਉੱਚ-ਕੋਟੀ ਦੀਆਂ ਤਕਨੀਕਾਂ 'ਤੇ ਆਧਾਰਿਤ ਹੈ। ਸੜਕ ਹਾਦਸਾ ਡੇਟਾ ਵਿਸ਼ਲੇਸ਼ਣ (ਆਈ.ਆਰ.ਏ.ਡੀ)ਅਤੇ ਇਲੈਕਟ੍ਰਾਨਿਕ ਡਿਟੈਕਸ਼ਨ ਅਤੇ ਹਾਦਸਾ ਰਿਪੋਰਟਿੰਗ ਵਰਗੀਆਂ (ਈ- ਡੀ.ਏ.ਆਰ) ਤਕਨੀਕਾਂ ਦੀ ਵਰਤੋਂ ਕਰਦਿਆਂ ਫੋਰਸ ਤੱਥਾਂ 'ਤੇ ਆਧਾਰਿਤ ਸਹੀ ਫੈਸਲੇ ਕਰਦੀ ਹੈ। ਐੱਸ.ਐੱਸ.ਐੱਫ. ਸੂਬੇ ਭਰ ਵਿੱਚ ਉਨ੍ਹਾਂ ਥਾਵਾਂ ਨੂੰ ਪ੍ਰਮੁੱਖਤਾ ਦਿੰਦੀ, ਜਿੱਥੇ ਹਾਦਸੇ ਹੋਣ ਦੀ ਸੰਭਾਵਨਾ ਜ਼ਿਆਦਾ ਰਹਿੰਦੀ ਹੈ।

**ਆਧੁਨਿਕ ਉਪਕਰਨਾਂ ਨਾਲ ਫੋਰਸ ਨੂੰ ਸਮਰੱਥ ਬਣਾਉਣਾ**

ਐੱਸ.ਐੱਸ.ਐੱਫ. ਉੱਤਮ ਤਕਨੀਕ ਨਾਲ ਲੈਸ ਹੈ ਜਿਸ ਵਿੱਚ ਟ੍ਰੈਫਿਕ ਉਲੰਘਣਾ ਦੀ ਨਿਗਰਾਨੀ ਕਰਨ ਲਈ ਸਪੀਡ ਰਡਾਰ, ਸ਼ਰਾਬ ਪੀ ਕੇ ਗੱਡੀ ਚਲਾਉਣ ਤੋਂ ਰੋਕਣ ਲਈ ਐਲਕੋਮੀਟਰ, ਰਾਤ ਦੇ ਸਮੇਂ ਵਿੱਚ ਉੱਚ ਸੁਰੱਖਿਆ ਲਈ ਨਾਈਟ ਵਿਜ਼ਨ ਤੇ ਸਪੀਡ-ਚੈੱਕ ਡਿਵਾਈਸ, ਤੁਰੰਤ ਬਚਾਅ ਲਈ ਹਾਈਡਰੌਲਿਕ ਕਟਰ, ਐਮਰਜੈਂਸੀ ਵਿੱਚ ਮਦਦ ਕਰਨ ਲਈ ਰੀਕਵਰੀ ਵੈਨ ਅਤੇ ਕਰੇਨ ਆਦਿ ਸ਼ਾਮਲ ਹਨ।

**ਹਰ ਨਾਗਰਿਕ ਦੀ ਸੁਰੱਖਿਆ ਵੱਲ ਵਿਸ਼ੇਸ਼ ਧਿਆਨ**

ਪੈਦਲ ਚਾਲਕਾਂ , ਸਾਈਕਲ ਅਤੇ ਮੋਟਰਸਾਈਕਲ ਸਵਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਐੱਸ.ਐੱਸ.ਐੱਫ. ਵੱਲੋਂ ਵਿਸ਼ੇਸ਼ ਉਪਕਰਨਾਂ ਦੀ ਵਰਤੋਂ ਕੀਤੀ ਜਾਂਦੀ ਹੈ। ਐੱਸ.ਐੱਸ. ਐੱਫ. ਨੂੰ ਤਕਨੀਕੀ ਸਿੱਖਿਆ ਜਿਵੇਂ ਕਿ ਸੰਵੇਦਨਸ਼ੀਲ ਥਾਵਾਂ ਦੀ ਸੁਰੱਖਿਆ ਕਰਨ ਵਿੱਚ ਮੁਹਾਰਤ ਹਾਸਿਲ ਹੁੰਦੀ ਹੈ। ਇਹ ਤਕਨੀਕ ਪੈਦਲ ਚਾਲਕਾਂ, ਸਾਈਕਲ ਤੇ ਮੋਟਰਸਾਈਕਲ ਸਵਾਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦੀ ਹੈ। ਪੰਜਾਬ ਸਰਕਾਰ ਸੜਕ 'ਤੇ ਮੌਜੂਦ ਪੈਦਲ ਚਾਲਕ ਤੋਂ ਲੈਕੇ ਵੱਡੀਆਂ ਗੱਡੀਆਂ ਚਲਾਉਣ ਵਾਲੇ ਹਰ ਨਾਗਰਿਕ ਦੀ ਸੁਰੱਖਿਆ ਦਾ ਧਿਆਨ ਰੱਖ ਰਹੀ ਹੈ।

**ਰਾਤ ਦੇ ਸਮੇਂ ਹਾਦਸਿਆਂ ਨੂੰ ਘਟਾਉਣਾ**

ਅਕਸਰ ਰਾਤ ਦੇ ਸਮੇਂ ਸਭ ਤੋਂ ਵੱਧ ਸੜਕ ਹਾਦਸੇ ਹੁੰਦੇ ਹਨ। ਇਸ ਲਈ ਐੱਸ.ਐੱਸ.ਐੱਫ. ਰਾਤ ਅਤੇ ਸਵੇਰੇ ਦੇ ਸਮੇਂ ਵਿੱਚ ਹਾਦਸਿਆਂ ਨੂੰ ਰੋਕਣ 'ਤੇ ਖਾਸ ਧਿਆਨ ਦਿੰਦੀ ਹੈ। ਫੋਰਸ 24 ਘੰਟੇ ਕੰਮ ਕਰਦੀ ਹੈ ਜਿਸ ਨਾਲ ਟ੍ਰੈਫਿਕ ਪ੍ਰਬੰਧਨ ਵਿੱਚ ਬਹੁਤ ਸੁਧਾਰ ਹੋ ਰਿਹਾ ਹੈ।

**ਸੁਰੱਖਿਆ ਵਿੱਚ ਨਿਵੇਸ਼**

ਐੱਸ.ਐੱਸ.ਐਫ. ਦੀ ਸ਼ੁਰੂਆਤ ਕਰਨ ਲਈ ਬਹੁਤ ਜ਼ਿਆਦਾ ਨਿਵੇਸ਼ ਹੋਇਆ ਹੈ। ਸੂਬਾ ਸਰਕਾਰ ਹੁਣ ਤੱਕ



| | ਟ੍ਰੈਫਿਕ ਵਿੰਗ 2023-24 | | ਸੜਕ ਸੁਰੱਖਿਆ ਫੋਰਸ 2024-25 | | |
|---|---|---|---|---|---|
| | ਜ਼ਖਮੀ | ਮੌਤਾਂ | | ਜ਼ਖਮੀ | ਮੌਤਾਂ |
| ਫਰਵਰੀ-2023 | 200 | 170 | ਫਰਵਰੀ-2024 | 1314 | 48 |
| ਮਾਰਚ-2023 | 214 | 167 | ਮਾਰਚ-2024 | 2188 | 102 |
| ਅਪ੍ਰੈਲ-2023 | 224 | 190 | ਅਪ੍ਰੈਲ-2024 | 2136 | 99 |
| ਮਈ-2023 | 237 | 188 | ਮਈ-2024 | 2079 | 116 |
| ਜੂਨ-2023 | 225 | 197 | ਜੂਨ-2024 | 1911 | 111 |
| ਜੁਲਾਈ-2023 | 171 | 173 | ਜੁਲਾਈ-2024 | 1878 | 115 |
| ਅਗਸਤ-2023 | 174 | 167 | ਅਗਸਤ-2024 | 1954 | 107 |
| ਸਤੰਬਰ-2023 | 178 | 202 | ਸਤੰਬਰ-2024 | 1849 | 96 |
| ਅਕਤੂਬਰ-2023 | 178 | 232 | ਅਕਤੂਬਰ-2024 | 2160 | 124 |
| ਨਵੰਬਰ-2023 | 191 | 255 | ਨਵੰਬਰ-2024 | 2116 | 98 |
| ਦਸੰਬਰ-2023 | 192 | 220 | ਦਸੰਬਰ-2024 | 1901 | 127 |
| ਜਨਵਰੀ-2024 | 124 | 171 | ਜਨਵਰੀ-2025 | 1836 | 107 |
| ਕੁੱਲ | **2308** | **2332** | | **23322** | **1250** |

50 ਕਰੋੜ ਰੁਪਏ ਦਾ ਨਿਵੇਸ਼ ਕਰ ਚੁੱਕੀ ਹੈ। ਇਸ ਨਿਵੇਸ਼ ਸਦਕਾ ਸਰਕਾਰ ਬਹੁਤ ਸਾਰੀਆਂ ਕੀਮਤੀ ਜਾਨਾਂ ਨੂੰ ਬਚਾਉਣ ਵਿੱਚ ਸਫ਼ਲ ਹੋਈ ਹੈ।

**ਸੜਕ ਸੁਰੱਖਿਆ ਤੋਂ ਇਲਾਵਾ ਕਾਨੂੰਨ ਵਿਵਸਥਾ ਵਿੱਚ ਸੁਧਾਰ**

ਐੱਸ.ਐੱਸ.ਐੱਫ. ਪੰਜਾਬ ਦੇ ਸ਼ਾਹਰਾਹਾਂ 'ਤੇ ਕੰਮ ਕਰਦੀ ਹੈ। ਇਸ ਦੀ ਮੌਜੂਦਗੀ ਨਾਲ ਕਾਨੂੰਨ ਵਿਵਸਥਾ ਵਿੱਚ ਵੀ ਸੁਧਾਰ ਆਇਆ ਹੈ। ਸੜਕਾਂ 'ਤੇ 24 ਘੰਟੇ ਪੁਲਿਸ ਦੇ ਹਾਜ਼ਰ ਹੋਣ ਕਾਰਨ ਲੋਕ ਟਰੈਫਿਕ ਨਿਯਮਾਂ ਦੀ ਉਲੰਘਣਾ ਘੱਟ ਕਰਦੇ ਹਨ। ਇਸ ਨੇ ਅਪਰਾਧੀਆਂ ਨੂੰ ਫੜਨ ਵਿੱਚ ਵੀ ਮਦਦ ਕੀਤੀ ਹੈ। ਹੁਣ, ਪੰਜਾਬ ਦੀਆਂ ਸੜਕਾਂ ਸਭ ਲਈ ਜ਼ਿਆਦਾ ਸੁਰੱਖਿਅਤ ਹਨ।

**ਉਮੀਦ ਦੀ ਕਿਰਨ**

ਐੱਸ.ਐੱਸ.ਐੱਫ.ਦੇ ਸਿਰਜਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫੋਰਸ ਦੀ ਸਫਲਤਾ ਉੱਤੇ ਸੰਤੁਸ਼ਟੀ ਜ਼ਾਹਰ ਕੀਤੀ ਹੈ। ਮੁੱਖ ਮੰਤਰੀ ਨੇ ਅਨਮੋਲ ਜ਼ਿੰਦਗੀਆਂ ਬਚਾਉਣ ਵਾਲੀ ਫੋਰਸ ਨੂੰ 'ਫਰਿਸ਼ਤਾ' ਦੱਸਿਆ ਹੈ।। ਐੱਸ.ਐੱਸ.ਐੱਫ. ਸਿਰਫ਼ ਸੜਕ ਸੁਰੱਖਿਆ ਲਈ ਹੀ ਨਹੀਂ ਸਗੋਂ ਲੋਕਾਂ ਦੀ ਰੱਖਿਆ ਲਈ ਸਰਕਾਰ ਦੀ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ। ਅੱਜ ਇਹ ਪੰਜਾਬ ਵਿੱਚ ਸੜਕ ਸੁਰੱਖਿਆ ਨੂੰ ਬਿਹਤਰ ਬਣਾ ਰਹੀ ਹੈ। ਪੂਰੇ ਭਾਰਤ ਵਿੱਚ ਇਸ ਤਰ੍ਹਾਂ ਦਾ ਸਿਸਟਮ ਕੇਵਲ ਪੰਜਾਬ ਵਿੱਚ ਹੈ।

ਹੋਰ ਸੂਬੇ ਵੀ ਪੰਜਾਬ ਨੂੰ ਰਾਹ ਦਸੇਰਾ ਮੰਨ ਕੇ ਸੜਕ ਹਾਦਸਿਆਂ ਵਿੱਚ ਮੌਤਾਂ ਦੀ ਦਰ ਨੂੰ ਘਟਾ ਸਕਦੇ ਹਨ। ਐੱਸ.ਐੱਸ.ਐੱਫ. ਪੂਰੇ ਦੇਸ਼ ਲਈ ਚਾਨਣ ਮੁਨਾਰਾ ਸਾਬਿਤ ਹੋ ਰਹੀ ਹੈ।



### ਗਣਤੰਤਰ ਦਿਵਸ ਸਮਾਰੋਹ:

# ਮੁੱਖ ਮੰਤਰੀ ਮਾਨ ਨੇ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਦੀ ਰਾਖੀ ਲਈ ਚੁੱਕੀ ਸਹੁੰ

ਜਾਗ੍ਰਤੀ ਬਿਊਰੋ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 76ਵੇਂ ਗਣਤੰਤਰ ਦਿਵਸ ਮੌਕੇ ਸਮਾਗਮ ਦੌਰਾਨ ਕੌਮੀ ਤਿਰੰਗਾ ਲਹਿਰਾਉਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ-ਪੈਗੰਬਰਾਂ, ਸੰਤਾਂ-ਮਹਾਂਪੁਰਸ਼ਾਂ ਅਤੇ ਸ਼ਹੀਦਾਂ ਦੀ ਧਰਤੀ ਹੈ ਜੋ ਹਮੇਸ਼ਾ ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਦੀਆਂ ਮਹਾਨ ਕਦਰਾਂ-ਕੀਮਤਾਂ ਲਈ ਮਾਨਵਤਾ ਦਾ ਮਾਰਗਦਰਸ਼ਨ ਕਰਦੀ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਬਹੁਤ ਘਾਲਣਾ ਘਾਲ ਕੇ ਅਮਨ-ਸ਼ਾਂਤੀ ਹਾਸਲ ਕੀਤੀ ਹੈ ਅਤੇ ਉਨ੍ਹਾਂ ਦੀ ਸਰਕਾਰ ਕਿਸੇ ਨੂੰ ਵੀ ਸ਼ਾਂਤੀ ਭੰਗ ਕਰਨ ਹਰਗਿਜ਼ ਇਜਾਜ਼ਤ ਨਹੀਂ ਦੇਵੇਗੀ। ਭਗਵੰਤ ਸਿੰਘ ਮਾਨ ਨੇ ਇਸ ਨੇਕ ਕਾਰਜ ਲਈ ਲੋਕਾਂ ਦੇ ਸਹਿਯੋਗ ਦੀ ਮੰਗ ਕੀਤੀ ਤਾਂ ਕਿ ਸੂਬੇ ਦੀ ਸ਼ਾਂਤੀ, ਤਰੱਕੀ ਤੇ ਖੁਸ਼ਹਾਲੀ ਨੂੰ ਲੀਹੋਂ ਲਾਉਣ ਦੀ ਸਾਜ਼ਿਸ਼ ਘੜਨ ਵਾਲੇ ਦੁਸ਼ਮਣ ਨੂੰ

ਠੋਕਵਾਂ ਜਵਾਬ ਦਿੱਤਾ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਦਕਰ ਦੀ ਅਗਵਾਈ ਵਿੱਚ ਸਾਡੇ ਪੁਰਖਿਆਂ ਵੱਲੋਂ ਤਿਆਰ ਕੀਤਾ ਸੰਵਿਧਾਨ ਸਾਲ 1950 ਵਿੱਚ ਅੱਜ ਦੇ ਦਿਨ ਲਾਗੂ ਹੋਣ ਨਾਲ ਭਾਰਤ ਪ੍ਰਭੂਸੱਤਾ ਸੰਪੰਨ, ਸਮਾਜਵਾਦੀ, ਜਮਹੂਰੀ ਅਤੇ ਧਰਮ ਨਿਰਪੱਖ ਗਣਰਾਜ ਬਣਿਆ। ਉਨ੍ਹਾਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਸੱਚਮੁੱਚ ਮਾਣ ਵਾਲੇ ਪਲ ਸਨ ਕਿਉਂਕਿ ਸਾਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਤਾਕਤ ਮਿਲੀ, ਜਿਸ ਨਾਲ ਸਾਡੇ ਵਡੇਰਿਆਂ ਵੱਲੋਂ 'ਲੋਕਾਂ ਦੀ, ਲੋਕਾਂ ਲਈ ਅਤੇ ਲੋਕਾਂ ਦੁਆਰਾ' ਸਰਕਾਰ ਦਾ ਦੇਖਿਆ ਸੁਪਨਾ ਪੂਰਾ ਕਰਨ ਦਾ ਮੌਕਾ ਮਿਲਿਆ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ 75 ਸਾਲਾਂ ਦੌਰਾਨ ਹਰ ਲੰਘਦੇ ਦਿਨ ਨਾਲ ਦੇਸ਼ ਵਿੱਚ ਜਮਹੂਰੀਅਤ ਮਜ਼ਬੂਤ ਹੋਈ ਹੈ ਕਿਉਂਕਿ ਦੇਸ਼ ਵਾਸੀਆਂ ਨੇ ਜਮਹੂਰੀ ਕਦਰਾਂ-ਕੀਮਤਾਂ ਵਿੱਚ ਅਟੁੱਟ ਵਿਸ਼ਵਾਸ ਦਾ ਪ੍ਰਗਟਾਵਾ ਕੀਤਾ ਅਤੇ ਬਿਨਾਂ ਕਿਸੇ ਭੈਅ ਦੇ ਮਤਦਾਨ ਕਰ ਕੇ ਸਪੱਸ਼ਟ ਫੈਸਲਾ ਦਿੱਤਾ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀਆਂ ਖ਼ਾਸ ਕਰ ਕੇ ਪੰਜਾਬੀਆਂ ਨੇ ਦੇਸ਼ ਦੀ ਸਖ਼ਤ ਮਿਹਨਤ ਨਾਲ ਹਾਸਲ ਕੀਤੀ ਪ੍ਰਭੂਸੱਤਾ ਨੂੰ ਕਿਸੇ ਵੀ ਤਰ੍ਹਾਂ ਦੇ ਖ਼ਤਰੇ ਦਾ ਡਟ ਕੇ ਸਾਹਮਣਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸਾਡੇ ਬਹਾਦਰ ਦੇਸ਼ ਭਗਤਾਂ ਨੇ ਦੇਸ਼ ਦੀ ਸ਼ਾਨ ਅਤੇ ਪ੍ਰਭੂਸੱਤਾ ਦੀ ਰਾਖੀ ਲਈ 1947, 1962, 1965, 1971 ਦੀ ਜੰਗ ਅਤੇ ਫਿਰ ਕਾਰਗਿਲ ਜੰਗ ਦੌਰਾਨ ਦੇਸ਼ ਦੀ ਰਾਖੀ ਕਰਨ ਲਈ ਮਹਾਨ ਕੁਰਬਾਨੀਆਂ ਦਿੱਤੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡੇ ਸਾਰਿਆਂ ਲਈ ਇਹ ਬਹੁਤ ਹੀ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਪੰਜਾਬੀਆਂ ਨੂੰ ਸਾਡੇ ਮਹਾਨ ਸਿੱਖ ਗੁਰੂਆਂ ਤੋਂ ਬਲੀਦਾਨ ਅਤੇ ਦੇਸ਼ ਭਗਤੀ ਦਾ ਅਦੁੱਤੀ ਜਜ਼ਬਾ ਵਿਰਸੇ ਵਿਚ ਮਿਲਿਆ ਹੈ, ਜਿਨ੍ਹਾਂ ਨੇ ਸਾਨੂੰ ਜਬਰ, ਜ਼ੁਲਮ ਅਤੇ ਅਨਿਆਂ ਵਿਰੁੱਧ ਲੜਨ ਦਾ ਉਪਦੇਸ਼ ਦਿੱਤਾ ਹੈ। ਇਕ ਸੁਤੰਤਰ ਅਤੇ ਪ੍ਰਭੂਸੱਤਾ ਸੰਪੰਨ ਭਾਰਤੀ ਗਣਰਾਜ ਦਾ ਸਾਡੇ ਵੱਡੇ-ਵਡੇਰਿਆਂ ਵੱਲੋਂ ਦੇਖਿਆ ਗਿਆ ਸੁਪਨਾ ਦੇਸ਼ ਵਾਸੀਆਂ ਵੱਲੋਂ ਸ਼ਕਤੀਸ਼ਾਲੀ ਬਰਤਾਨਵੀ ਸਾਮਰਾਜ ਵਿਰੁੱਧ ਲੜਾਈ ਦੌਰਾਨ ਦਿੱਤੀਆਂ ਗਈਆਂ ਬੇਸ਼ੁਮਾਰ ਕੁਰਬਾਨੀਆਂ ਸਦਕਾ ਪੂਰਾ ਹੋਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤ ਦੇ ਕੌਮੀ ਸੁਤੰਤਰਤਾ ਸੰਗਰਾਮ ਵਿੱਚ ਪੰਜਾਬੀਆਂ ਵੱਲੋਂ ਦਿੱਤੀਆਂ ਬੇਮਿਸਾਲ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੇ ਹਜ਼ਾਰਾਂ ਅਣਗੌਲੇ ਨਾਇਕਾਂ ਖ਼ਾਸ ਕਰ ਕੇ ਪੰਜਾਬ ਦੀ ਧਰਤੀ ਦੇ ਸਪੂਤਾਂ ਵੱਲੋਂ ਸੁਤੰਤਰਤਾ ਸੰਗਰਾਮ ਵਿੱਚ ਪਾਇਆ ਮੋਹਰੀ ਯੋਗਦਾਨ ਕਿਸੇ ਤੋਂ ਲੁਕਿਆ ਨਹੀਂ ਹੈ। ਇਸ ਬਹਾਦਰੀ ਨੇ ਲੱਖਾਂ ਹੋਰ ਲੋਕਾਂ ਨੂੰ ਆਜ਼ਾਦੀ ਅੰਦੋਲਨ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਮੁਲਕ ਦੀ ਆਬਾਦੀ ਦਾ ਸਿਰਫ਼ ਦੋ ਫੀਸਦੀ ਹੋਣ ਦੇ ਬਾਵਜੂਦ ਭਾਰਤ ਦੇ ਸੁਤੰਤਰਤਾ ਸੰਗਰਾਮ ਦੌਰਾਨ 80 ਫੀਸਦੀ ਕੁਰਬਾਨੀਆਂ ਜਾਂ ਜਲਾਵਤਨੀ ਪੰਜਾਬੀਆਂ ਦੇ ਹਿੱਸੇ ਆਈ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਚੱਲੀਆਂ ਕੂਕਾ, ਗ਼ਦਰ, ਕਿਸਾਨ, ਪਗੜੀ ਸੰਭਾਲ ਤੇ ਹੋਰ ਲਹਿਰਾਂ ਤੋਂ ਇਲਾਵਾ ਪੰਜਾਬ ਦੀ ਧਰਤੀ ਨੇ ਲਾਲਾ ਲਾਜਪਤ ਰਾਏ, ਦੀਵਾਨ ਸਿੰਘ ਕਾਲੇਪਾਣੀ ਅਤੇ ਹੋਰ ਸਪੂਤਾਂ ਨੂੰ ਜਨਮ ਦਿੱਤਾ, ਜਿਨ੍ਹਾਂ ਮੁਲਕ ਨੂੰ ਬਰਤਾਨਵੀ ਸਾਮਰਾਜ ਦੀਆਂ ਗੁਲਾਮੀ ਦੀਆਂ ਜੰਜ਼ੀਰਾਂ ਤੋਂ ਆਜ਼ਾਦ ਕਰਵਾਇਆ।

ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ, ਸ਼ਹੀਦ ਸੁਖਦੇਵ, ਸ਼ਹੀਦ ਊਧਮ ਸਿੰਘ ਅਤੇ ਕਰਤਾਰ ਸਿੰਘ ਸਰਾਭਾ ਦੀਆਂ ਕੁਰਬਾਨੀਆਂ ਨੇ ਨੌਜਵਾਨਾਂ ਵਿੱਚ ਬਰਤਾਨਵੀ ਸਾਮਰਾਜ ਵਿਰੁੱਧ ਜੂਝਣ ਦੀ ਚਿਣਗ ਲਾਈ। ਇਸੇ ਤਰ੍ਹਾਂ ਜੱਲ੍ਹਿਆਂਵਾਲਾ ਬਾਗ਼ ਦਾ ਦੁਖਾਂਤ ਜਾਬਰ ਬਰਤਾਨਵੀ ਰਾਜ ਦੇ ਕਫ਼ਨ ਵਿੱਚ ਆਖ਼ਰੀ ਕਿੱਲ ਸਾਬਤ ਹੋਇਆ। ਉਨ੍ਹਾਂ ਕਿਹਾ ਕਿ ਆਜ਼ਾਦੀ ਤੋਂ ਬਾਅਦ ਬਾਹਰੀ ਹਮਲਿਆਂ ਤੋਂ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਤੋਂ ਇਲਾਵਾ ਪੰਜਾਬੀ ਹਮੇਸ਼ਾ ਦੇਸ਼ ਦੀ ਖ਼ੁਸ਼ਹਾਲੀ ਤੇ ਸਮੁੱਚੇ ਵਿਕਾਸ ਵਿੱਚ ਮੋਹਰੀ ਭੂਮਿਕਾ ਵਿੱਚ ਰਹੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੰਕਟ ਦੇ ਸਮੇਂ ਵੀ ਅਸੀਂ ਬਹਾਦਰ ਪੰਜਾਬੀਆਂ ਨੇ ਕਦੇ ਪਿੱਠ ਨਹੀਂ ਦਿਖਾਈ, ਸਗੋਂ ਦੇਸ਼ ਦੇ ਸੰਵਿਧਾਨ ਵਿੱਚ ਪੂਰਨ ਵਿਸ਼ਵਾਸ ਰੱਖ ਕੇ ਜਮਹੂਰੀ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਸੂਬੇ ਦੇ ਸੀਮਤ ਕੁਦਰਤੀ ਸਰੋਤਾਂ ਦੇ ਬਾਵਜੂਦ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ ਨਿਰਭਰ ਬਣਾਉਣ ਲਈ ਆਪਣਾ ਖ਼ੂਨ-ਪਸੀਨਾ ਵਹਾਇਆ ਹੈ।

ਉਨ੍ਹਾਂ ਯਾਦ ਦਿਵਾਇਆ ਕਿ ਜਦੋਂ ਆਜ਼ਾਦੀ ਦੇ ਸਮੇਂ ਪੂਰਾ ਦੇਸ਼ ਖ਼ੁਸ਼ੀ ਮਨਾ ਰਿਹਾ ਸੀ ਤਾਂ ਉਸ ਵੇਲੇ ਸਰਹੱਦੀ ਸੂਬਾ ਹੋਣ ਕਰਕੇ ਪੰਜਾਬ ਵੰਡ ਦਾ ਸੰਤਾਪ ਝੱਲ ਰਿਹਾ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਹਿੰਸਕ ਵੰਡ ਦੇ ਭਿਆਨਕ ਦੌਰ ਵਿੱਚੋਂ ਲੰਘਿਆ ਜਿਸ ਵਿੱਚ ਲੱਖਾਂ ਪੰਜਾਬੀਆਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ, ਬੇਘਰ ਹੋ ਗਏ ਅਤੇ ਬਹੁਤ ਸਾਰੇ ਲੋਕਾਂ ਨੇ ਆਪਣੀਆਂ ਜ਼ਮੀਨਾਂ ਅਤੇ ਜਾਇਦਾਦਾਂ ਗੁਆ ਦਿੱਤੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਤੋਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਹੈ, ਉਨ੍ਹਾਂ ਦੀ ਸਰਕਾਰ ਸ਼ਹੀਦ ਭਗਤ ਸਿੰਘ ਅਤੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਆਦਰਸ਼ਾਂ ਉਤੇ ਚੱਲ ਕੇ ਕੰਮ ਕਰ ਰਹੀ ਹੈ ਤਾਂ ਜੋ ਸਾਰਿਆਂ ਦੀ ਭਲਾਈ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਾਡੇ ਮਹਾਨ ਆਜ਼ਾਦੀ ਘੁਲਾਟੀਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਸਖ਼ਤ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਠੋਸ ਯਤਨਾਂ ਸਦਕਾ ਪੰਜਾਬ ਅੱਜ ਦੇਸ਼ ਵਿੱਚ ਮੋਹਰੀ ਸੂਬੇ ਵਜੋਂ ਉੱਭਰਿਆ ਹੈ ਅਤੇ ਸੂਬੇ ਵਿੱਚ ਤਰੱਕੀ, ਖ਼ੁਸ਼ਹਾਲੀ ਅਤੇ ਸ਼ਾਂਤੀ ਦਾ ਇੱਕ ਬੇਮਿਸਾਲ ਦੌਰ ਦੇਖਿਆ ਜਾ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਕਈ ਲੋਕ-ਪੱਖੀ ਅਤੇ ਵਿਕਾਸ-ਮੁਖੀ ਪਹਿਲਕਦਮੀਆਂ ਕੀਤੀਆਂ ਹਨ ਤਾਂ ਜੋ ਇਸ ਦੇਸ਼ ਦੇ ਨਿਰਮਾਤਾਵਾਂ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਸਕੇ ਅਤੇ ਲੋਕ ਚੰਗਾ ਜੀਵਨ ਬਤੀਤ ਕਰ ਸਕਣ।

ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਨਾ ਸਿਰਫ਼ ਦੇਸ਼ ਵਿੱਚ ਸਗੋਂ ਦੁਨੀਆ ਭਰ ਵਿੱਚ ਗੰਨੇ ਦਾ ਸਭ ਤੋਂ ਵੱਧ ਭਾਅ ਪ੍ਰਤੀ ਕੁਇੰਟਲ 401 ਰੁਪਏ ਦੇ ਰਿਹਾ ਹੈ ਜਿਸ ਨਾਲ ਗੰਨਾ ਉਤਪਾਦਕਾਂ ਨੂੰ ਬਹੁਤ ਲਾਭ ਹੋ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੀ ਵਚਨਬੱਧਤਾ ਅਨੁਸਾਰ ਗੰਨੇ ਦੇ ਸਭ ਤੋਂ ਵੱਧ ਭਾਅ ਵਿੱਚ ਪੰਜਾਬ, ਦੇਸ਼ ਦੀ ਅਗਵਾਈ ਕਰਦਾ ਰਹੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਹਮੇਸ਼ਾ ਗੰਨਾ ਕਾਸ਼ਤਕਾਰਾਂ ਨੂੰ ਚੰਗਾ ਭਾਅ ਦਿੱਤਾ ਹੈ ਅਤੇ ਇਹ ਉਪਰਾਲਾ ਭਵਿੱਖ ਵਿੱਚ ਵੀ ਜਾਰੀ ਰਹੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਦੇਸ਼ ਵਿੱਚ ਆਪਣੀ ਕਿਸਮ

ਦੀ ਨਿਵੇਕਲੀ ਪਹਿਲਕਦਮੀ ਕਰਦਿਆਂ ਸਮਰਪਿਤ 'ਸੜਕ ਸੁਰੱਖਿਆ ਫੋਰਸ' ਦਾ ਗਠਨ ਕੀਤਾ ਹੈ ਜੋ ਕਿ ਰਾਜ ਅਤੇ ਰਾਸ਼ਟਰੀ ਰਾਜਮਾਰਗਾਂ 'ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਕੀਮਤੀ ਜਾਨਾਂ ਬਚਾਉਣ ਦੀ ਡਿਊਟੀ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਆਪਣੀ ਸ਼ੁਰੂਆਤ ਤੋਂ ਬਾਅਦ ਇਸ ਫੋਰਸ ਨੇ ਸੜਕ ਹਾਦਸਿਆਂ ਵਿੱਚ 48 ਫੀਸਦੀ ਜਾਨਾਂ ਬਚਾਈਆਂ ਹਨ ਅਤੇ ਸੜਕ ਹਾਦਸਿਆਂ ਦੌਰਾਨ ਜ਼ਖਮੀ ਹੋਏ ਲੋਕਾਂ ਦੇ ਕੀਮਤੀ ਸਮਾਨ ਅਤੇ ਪੈਸੇ ਵਾਪਸ ਕੀਤੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਫੋਰਸ 4200 ਕਿਲੋਮੀਟਰ ਹਾਈਵੇਅ 'ਤੇ ਤਾਇਨਾਤ ਕੀਤੀ ਗਈ ਹੈ। ਇਹ ਫੋਰਸ ਨਿਰਧਾਰਤ ਖੇਤਰਾਂ ਵਿੱਚ ਗਸ਼ਤ ਕਰਨ ਤੋਂ ਇਲਾਵਾ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਅਤੇ ਅਜਿਹੀਆਂ ਹੋਰ ਗਤੀਵਿਧੀਆਂ ਰੋਕਣ ਲਈ ਕੰਮ ਕਰਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸੂਬਾ ਸਰਕਾਰ ਨੇ ਪੰਜਾਬ ਭਰ ਵਿੱਚ 881 ਆਮ ਆਦਮੀ ਕਲੀਨਿਕ ਸਥਾਪਤ ਕੀਤੇ ਹਨ ਜਿਨ੍ਹਾਂ ਨੇ ਸੂਬੇ ਵਿੱਚ ਸਿਹਤ ਸੰਭਾਲ ਖੇਤਰ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਸੂਬੇ ਵਿੱਚ 2.70 ਕਰੋੜ ਤੋਂ ਵੱਧ ਲੋਕ ਇਨ੍ਹਾਂ ਕਲੀਨਿਕਾਂ ਦਾ ਲਾਭ ਲੈ ਚੁੱਕੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ੁਰੂਆਤ ਤੋਂ ਹੀ ਇਨ੍ਹਾਂ ਕਲੀਨਿਕਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਆ ਰਹੇ ਹਨ ਜੋ ਦਰਸਾਉਂਦੇ ਹਨ ਕਿ ਸੂਬੇ ਦੇ ਹਰ ਤੀਜੇ ਵਿਅਕਤੀ ਨੇ ਇਨ੍ਹਾਂ ਕਲੀਨਿਕਾਂ ਦਾ ਲਾਭ ਉਠਾਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਾਲ 2022 ਵਿੱਚ ਲੋਕਾਂ ਨੂੰ ਮੁਫ਼ਤ ਬਿਜਲੀ ਮੁਹੱਈਆ ਕਰਵਾਉਣ ਦੀ ਗਰੰਟੀ ਸ਼ੁਰੂ ਕੀਤੀ ਸੀ ਅਤੇ ਉਦੋਂ ਤੋਂ ਸੂਬੇ ਦੇ 90 ਫੀਸਦ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਉਨ੍ਹਾਂ ਨੂੰ ਜ਼ੀਰੋ ਬਿਜਲੀ ਬਿੱਲ ਮਿਲੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਗਰੀਬ ਘਰਾਂ ਲਈ ਵੱਡੀ ਰਕਮ ਦੀ ਬੱਚਤ ਹੋਣ ਨਾਲ ਆਮ ਆਦਮੀ ਦੀ ਜੇਬ 'ਤੇ ਵੱਡਾ ਬੋਝ ਘਟਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਵੀ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਘਰੇਲੂ ਖਪਤਕਾਰਾਂ ਦੇ ਨਾਲ-ਨਾਲ ਦੇਸ਼ ਦੇ ਅਨਾਜ ਉਤਪਾਦਕਾਂ ਨੂੰ ਵੀ ਸੂਬੇ ਵਿੱਚ ਮੁਫ਼ਤ ਅਤੇ ਨਿਰਵਿਘਨ ਬਿਜਲੀ ਮਿਲ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮਾਰਚ, 2022 ਵਿੱਚ ਜਦੋਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਸੀ ਅਤੇ ਕੁਝ ਮਹੀਨਿਆਂ ਬਾਅਦ ਉਨ੍ਹਾਂ ਨੂੰ ਪਛਵਾੜਾ ਕੋਲਾ ਖਾਣ ਤੋਂ ਕੋਲੇ ਦੀ ਸਪਲਾਈ ਮੁੜ ਸ਼ੁਰੂ ਹੋ ਗਈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਗੋਇੰਦਵਾਲ ਪਾਵਰ ਪਲਾਂਟ ਨੂੰ ਨਿੱਜੀ ਕੰਪਨੀ ਜੀ.ਵੀ.ਕੇ. ਪਾਵਰ ਪਾਸੋਂ ਖਰੀਦ ਕੇ ਇਤਿਹਾਸ ਰਚਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੀ ਵਾਰ ਇਹ ਉਲਟਾ ਰੁਝਾਨ ਸ਼ੁਰੂ ਹੋਇਆ ਹੈ ਕਿ ਕਿਸੇ ਸਰਕਾਰ ਨੇ ਕੋਈ ਨਿੱਜੀ ਪਾਵਰ ਪਲਾਂਟ ਖਰੀਦਿਆ ਹੈ ਜਦੋਂ ਕਿ ਪਹਿਲਾਂ ਸਰਕਾਰਾਂ ਆਪਣੀਆਂ ਜਾਇਦਾਦਾਂ ਚਹੇਤੇ ਵਿਅਕਤੀਆਂ ਨੂੰ ਕੌਡੀਆਂ ਦੇ ਭਾਅ ਵੇਚ ਦਿੰਦੀਆਂ ਸਨ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ 118 'ਸਕੂਲ ਆਫ ਐਮੀਨੈਂਸ' ਸਥਾਪਤ ਕੀਤੇ ਜਾ ਰਹੇ ਹਨ ਜੋ ਕਿ ਸਮਾਰਟ ਕਲਾਸਰੂਮ, ਲੈਬ ਅਤੇ ਖੇਡ ਸਹੂਲਤਾਂ ਨਾਲ ਲੈਸ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੇ ਯਤਨਾਂ ਸਦਕਾ ਪ੍ਰੀ-ਪ੍ਰਾਇਮਰੀ ਕਲਾਸਾਂ ਵਿੱਚ ਸਰਕਾਰੀ ਸਕੂਲਾਂ ਵਿੱਚ ਦਾਖਲੇ ਵਿੱਚ ਲਗਭਗ 17 ਫੀਸਦੀ ਦਾ ਵਾਧਾ ਹੋਇਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਧਿਆਪਕਾਂ ਦੀ ਮੁਹਾਰਤ ਨੂੰ ਹੋਰ ਨਿਖਾਰਨ ਲਈ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਹੈ ਜਿਸ ਤਹਿਤ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜਿਆ ਜਾ ਰਿਹਾ ਹੈ ਤਾਂ ਜੋ ਉਹ ਆਧੁਨਿਕ ਅਧਿਆਪਨ ਅਭਿਆਸਾਂ ਤੋਂ ਜਾਣੂ ਹੋ ਸਕਣ ਜਿਸ ਨਾਲ ਵਿਦਿਆਰਥੀਆਂ ਨੂੰ ਅੰਤਰਰਾਸ਼ਟਰੀ ਖੇਤਰ ਵਿੱਚ ਭਵਿੱਖ ਦੇ ਮੁਕਾਬਲਿਆਂ ਲਈ ਤਿਆਰ ਕੀਤਾ ਜਾ ਸਕੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਜਿਸ ਸਮੇਂ ਉਨ੍ਹਾਂ ਨੇ ਅਹੁਦਾ ਸੰਭਾਲਿਆ ਸੀ, ਉਸ ਸਮੇਂ ਸੂਬੇ ਵਿੱਚ ਸਿੰਚਾਈ ਦੇ ਉਦੇਸ਼ਾਂ ਲਈ ਸਿਰਫ਼ 21 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਅੱਜ 75 ਫੀਸਦੀ ਨਹਿਰੀ ਪਾਣੀ ਸਿੰਚਾਈ ਦੇ ਉਦੇਸ਼ਾਂ ਲਈ ਵਰਤਿਆ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਇੱਕ ਪਾਸੇ ਕਿਸਾਨਾਂ ਲਈ ਨਹਿਰੀ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਇਆ ਹੈ, ਜੋ ਦਹਾਕਿਆਂ ਤੋਂ ਇਸ ਤੋਂ ਵਾਂਝੇ ਸਨ, ਅਤੇ ਦੂਜੇ ਪਾਸੇ ਧਰਤੀ ਹੇਠਲੇ ਬੇਸ਼ਕੀਮਤੀ ਪਾਣੀ ਦੀ ਬੱਚਤ ਕੀਤੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਨਾਗਰਿਕ ਕੇਂਦਰਿਤ ਪਹਿਲਕਦਮੀ ਵਿੱਚ ਸੂਬਾ ਸਰਕਾਰ ਨੇ ਨਾਗਰਿਕਾਂ ਨੂੰ ਉਨ੍ਹਾਂ ਦੇ ਘਰ-ਘਰ ਜਾ ਕੇ ਸੇਵਾਵਾਂ ਪ੍ਰਦਾਨ ਕਰਨ ਲਈ "ਭਗਵੰਤ ਮਾਨ ਸਰਕਾਰ, ਤੁਹਾਡੇ ਦੁਆਰ" ਨਾਮੀ ਯੋਜਨਾ ਸ਼ੁਰੂ ਕੀਤੀ। ਇਸ ਯੋਜਨਾ ਤਹਿਤ ਉਨ੍ਹਾਂ 43 ਨਾਗਰਿਕ ਸੇਵਾਵਾਂ ਦੀ ਸ਼ਨਾਖਤ ਕੀਤੀ ਗਈ ਹੈ ਜਿਸ ਨਾਲ ਲੋਕਾਂ ਦਾ 99 ਫੀਸਦੀ ਤੋਂ ਵੱਧ ਵਾਹ ਪੈਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਦੇ ਘਰ ਜਾ ਸਕੇ ਸੇਵਾਵਾਂ ਦੇਣ ਨਾਲ ਬਹੁਤ ਲਾਭ ਹੁੰਦਾ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਸਰਕਾਰ ਸੂਬੇ ਵਿੱਚ ਨਿਵੇਸ਼ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ 85000 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਲਿਆਂਦਾ ਹੈ ਅਤੇ ਟਾਟਾ ਸਟੀਲ, ਸਨਾਤਨ ਟੈਕਸਟਾਈਲ ਵਰਗੀਆਂ ਹੋਰ ਪ੍ਰਮੁੱਖ ਕੰਪਨੀਆਂ ਨਾਲ ਲਗਭਗ ਰੋਜ਼ਗਾਰ ਦੇ 3.50 ਲੱਖ ਮੌਕੇ ਪੈਦਾ ਹੋਣਗੇ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਉਦਯੋਗਿਕ ਪ੍ਰੋਜੈਕਟਾਂ ਨੂੰ ਪ੍ਰਵਾਨਗੀਆਂ ਦੇਣ ਵਿੱਚ ਤੇਜ਼ੀ ਲਿਆਉਣ ਨੂੰ ਯਕੀਨੀ ਬਣਾਉਣ ਲਈ ਵਿਕਰੀ ਡੀਡਾਂ ਦੀ ਰਜਿਸਟ੍ਰੇਸ਼ਨ ਵਿੱਚ ਹਰੇ ਸਟੈਂਪ ਪੇਪਰ ਵੀ ਪੇਸ਼ ਕੀਤੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਯੋਗ ਉਮੀਦਵਾਰਾਂ ਨੂੰ ਮੈਰਿਟ 'ਤੇ ਸਰਕਾਰੀ ਨੌਕਰੀਆਂ ਦੇਣ ਦੇ ਯਤਨਾਂ ਨੂੰ ਜਾਰੀ ਰੱਖਦੇ ਹੋਏ ਹੁਣ ਤੱਕ ਸੂਬੇ ਦੇ ਨੌਜਵਾਨਾਂ ਨੂੰ 50,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਨੌਜਵਾਨਾਂ ਨੂੰ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਾਉਣ ਵਿੱਚ ਮਦਦ ਮਿਲੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਤੇਜ਼ੀ ਨਾਲ ਮੁਹਿੰਮ ਜਾਰੀ ਰੱਖੀ ਹੋਈ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ ਨੰਬਰ 9501200200 ਜਾਰੀ ਕੀਤਾ ਹੈ ਜਿਸ 'ਤੇ ਕੋਈ ਵੀ ਵਿਅਕਤੀ ਜੇਕਰ ਉਸ ਤੋਂ ਕੋਈ ਰਿਸ਼ਵਤ ਮੰਗਦਾ ਹੈ ਤਾਂ ਆਪਣੀ ਸ਼ਿਕਾਇਤ ਦਰਜ ਕਰਵਾ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਾਰਦਰਸ਼ੀ ਸ਼ਾਸਨ ਨੂੰ ਯਕੀਨੀ ਬਣਾਉਣ ਲਈ, ਸਰਕਾਰ ਨੇ ਭ੍ਰਿਸ਼ਟਾਚਾਰ ਪ੍ਰਤੀ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਹੋਈ ਹੈ



ਅਤੇ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਗਜ਼ਟਿਡ ਅਧਿਕਾਰੀਆਂ, ਗੈਰ-ਗਜ਼ਟਿਡ ਅਧਿਕਾਰੀਆਂ ਅਤੇ ਪ੍ਰਾਈਵੇਟ ਵਿਅਕਤੀਆਂ ਵਿਰੁੱਧ ਕਨੂੰਨੀ ਕਾਰਵਾਈ ਕੀਤੀ ਜਿਨ੍ਹਾਂ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜਿਆ ਗਿਆ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੜਕ ਹਾਦਸੇ ਦੇ ਪੀੜਤਾਂ ਦੀ ਜਾਨ ਬਚਾਉਣ ਅਤੇ ਆਮ ਲੋਕਾਂ ਨੂੰ ਹਾਦਸੇ ਦੇ ਪੀੜਤਾਂ ਦੀ ਮਦਦ ਕਰਨ ਲਈ ਬਿਨਾਂ ਕਿਸੇ ਡਰ ਦੇ ਅੱਗੇ ਆਉਣ ਲਈ ਉਤਸ਼ਾਹਿਤ ਕਰਨ ਵਾਸਤੇ 'ਫਰਿਸ਼ਤੇ' ਸਕੀਮ ਨੂੰ ਨੋਟੀਫਾਈ ਕੀਤਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਉਨ੍ਹਾਂ ਦੇ ਨੇਕ ਕੰਮ ਦੀ ਹੌਸਲਾ ਅਫਜ਼ਾਈ ਕਰਨ ਲਈ 2000 ਰੁਪਏ ਦਾ ਵਿੱਤੀ ਇਨਾਮ ਦਿੰਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿੱਤੀ ਇਨਾਮ ਤੋਂ ਇਲਾਵਾ ਅਜਿਹੇ ਵਿਅਕਤੀਆਂ ਨੂੰ ਇਕ ਸਰਟੀਫਿਕੇਟ ਵੀ ਜਾਰੀ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਕਾਨੂੰਨੀ ਪੇਚੀਦਗੀਆਂ ਅਤੇ ਪੁਲਿਸ ਪੁੱਛਗਿੱਛ ਤੋਂ ਛੋਟ ਦਿੱਤੀ ਜਾਂਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੁਲਿਸ ਵਿਭਾਗ ਦੀ ਕੁਸ਼ਲਤਾ ਹੋਰ ਪ੍ਰਭਾਵੀ ਬਣਾਉਣ ਲਈ ਮਨੁੱਖੀ ਸ਼ਕਤੀ ਵਧਾਉਣ ਵਾਸਤੇ ਸੂਬਾ ਸਰਕਾਰ ਨੇ ਪਹਿਲਾਂ ਹੀ ਪੰਜਾਬ ਪੁਲਿਸ ਵਿੱਚ ਹਰ ਸਾਲ 1800 ਕਾਂਸਟੇਬਲ ਅਤੇ 300 ਸਬ ਇੰਸਪੈਕਟਰ ਭਰਤੀ ਕਰਨ ਦਾ ਫੈਸਲਾ ਕੀਤਾ ਹੈ ਤਾਂ ਜੋ ਪੁਲਿਸ ਮੁਲਾਜ਼ਮਾਂ ਦੀ ਘਾਟ ਨੂੰ ਦੂਰ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ 2100 ਅਸਾਮੀਆਂ ਲਈ ਭਰਤੀ ਹੋਣ ਦੀ ਉਮੀਦ ਵਿੱਚ ਹਰ ਸਾਲ ਲਗਭਗ 2.50 ਲੱਖ ਨੌਜਵਾਨ ਸਖ਼ਤ ਮਿਹਨਤ ਕਰਦੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਪੁਲਿਸ ਵਿੱਚ 10,000 ਨਵੀਆਂ ਅਸਾਮੀਆਂ ਸਿਰਜਣ ਦਾ ਵੀ ਫੈਸਲਾ ਕੀਤਾ ਹੈ, ਜਿਸ ਲਈ ਨੋਟੀਫਿਕੇਸ਼ਨ ਪਹਿਲਾਂ ਹੀ ਜਾਰੀ ਕੀਤਾ ਜਾ ਚੁੱਕਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਦੀ ਗੱਲ ਹੈ ਕਿ ਸੂਬਾ ਸਰਕਾਰ ਨੇ ਸਾਰੀਆਂ ਕਾਨੂੰਨੀ ਅਤੇ ਪ੍ਰਸ਼ਾਸਕੀ ਅੜਚਨਾਂ ਨੂੰ ਦੂਰ ਕਰਦੇ ਹੋਏ 12710 ਅਧਿਆਪਕਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੇਵਾਵਾਂ ਰੈਗੂਲਰ ਕਰਨ ਨਾਲ ਇਨ੍ਹਾਂ ਅਧਿਆਪਕਾਂ ਨੂੰ ਛੁੱਟੀਆਂ ਸਮੇਤ ਹੋਰ ਲਾਭਾਂ ਦੇ ਨਾਲ-ਨਾਲ ਉਨ੍ਹਾਂ ਦੀਆਂ ਤਨਖਾਹਾਂ ਵਿੱਚ 5 ਫੀਸਦੀ ਸਾਲਾਨਾ ਵਾਧਾ ਮਿਲੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਏਕਤਾ ਤੇ ਅਖੰਡਤਾ ਦੀ ਰਾਖੀ ਵਿੱਚ ਹਥਿਆਰਬੰਦ ਸੈਨਾਵਾਂ, ਅਰਧ ਸੈਨਿਕ ਬਲਾਂ, ਪੁਲਿਸ ਜਵਾਨਾਂ ਅਤੇ ਇੱਥੋਂ ਤੱਕ ਕਿ ਅਗਨੀਵੀਰਾਂ ਦੇ ਅਥਾਹ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ ਸੂਬਾ ਸਰਕਾਰ ਜਵਾਨਾਂ ਦੇ ਡਿਊਟੀ ਦੌਰਾਨ ਸ਼ਹੀਦ ਹੋਣ ਦੀ ਸੂਰਤ ਵਿੱਚ ਪਰਿਵਾਰ ਨੂੰ ਇਕ ਕਰੋੜ ਰੁਪਏ ਦੀ ਵਿੱਤੀ ਇਮਦਾਦ ਦਿੰਦੀ ਹੈ। ਉਨ੍ਹਾਂ ਕਿਹਾ ਕਿ ਇਹ ਵਿੱਤੀ ਸਹਾਇਤਾ ਦੇਸ਼ ਲਈ ਨਾਇਕਾਂ ਵੱਲੋਂ ਕੀਤੀ ਗਈ ਸਰਵਉੱਚ ਕੁਰਬਾਨੀ ਦੇ ਸਤਿਕਾਰ ਵਜੋਂ ਦਿੱਤੀ ਜਾਂਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦਾ ਇਹ ਨਿਮਾਣਾ ਜਿਹਾ ਉਪਰਾਲਾ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਨੂੰ ਬਣਾਈ ਰੱਖਣ ਲਈ ਇਸ ਧਰਤੀ ਦੇ ਸਪੂਤ ਦੇ ਯੋਗਦਾਨ ਨੂੰ ਮਾਨਤਾ ਦਿੰਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਤਿੰਨ ਸਾਲਾਂ ਤੋਂ ਲੋਕਾਂ ਨੇ ਸੂਬਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟ ਕੀਤਾ ਹੈ ਜਿਸ ਕਾਰਨ ਟੈਕਸ ਵਸੂਲੀ ਵਿੱਚ ਬਹੁਤ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਸੂਬੇ ਵਿੱਚ 18 ਟੋਲ ਪਲਾਜ਼ੇ ਬੰਦ ਕੀਤੇ ਜਾ ਚੁੱਕੇ ਹਨ। ਇਨ੍ਹਾਂ ਵਿੱਚੋਂ ਬਹੁਤਿਆਂ ਨੇ ਮਿਆਦ ਵਧਾਉਣ ਦੀ ਮੰਗ ਕੀਤੀ ਸੀ ਪਰ ਉਨ੍ਹਾਂ ਨੂੰ ਵਡੇਰੇ ਜਨਤਕ ਹਿੱਤ ਵਿੱਚ ਸਾਫ ਇਨਕਾਰ ਕਰ ਦਿੱਤਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਟੋਲ ਪਲਾਜ਼ਿਆਂ ਦੇ ਬੰਦ ਹੋਣ ਨਾਲ ਪੰਜਾਬ ਵਿੱਚ ਆਮ ਆਦਮੀ ਦੀ ਜੇਬ ਵਿੱਚੋਂ ਰੋਜ਼ਾਨਾ 63 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਦੁਨੀਆ ਭਰ ਵਿੱਚ ਵਸਦੇ ਐਨ.ਆਰ.ਆਈ. ਪੰਜਾਬੀਆਂ ਦੀ ਸਹੂਲਤ ਲਈ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਟਰਮੀਨਲ 3 'ਤੇ ਅਤਿ-ਆਧੁਨਿਕ ਐਨ.ਆਰ.ਆਈ. ਸੁਵਿਧਾ ਕੇਂਦਰ- "ਪੰਜਾਬ ਸਹਾਇਤਾ ਕੇਂਦਰ" ਖੋਲ੍ਹਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਕੇਂਦਰ 24x7 ਕੰਮ ਕਰਦਾ ਹੈ ਅਤੇ ਟਰਮੀਨਲ 'ਤੇ ਆਉਣ ਵਾਲੇ ਸਾਰੇ ਐਨ.ਆਰ.ਆਈ. ਅਤੇ ਹੋਰ ਯਾਤਰੀਆਂ ਨੂੰ ਸਹਾਇਤਾ ਪ੍ਰਦਾਨ ਕਰਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਯਾਤਰੀ/ਰਿਸ਼ਤੇਦਾਰ ਹਵਾਈ ਅੱਡੇ 'ਤੇ ਪਹੁੰਚਣ ਵਾਲੀਆਂ ਉਡਾਣਾਂ, ਕਨੈਕਟਿੰਗ ਉਡਾਣਾਂ, ਟੈਕਸੀ ਸੇਵਾਵਾਂ, ਗੁਆਚੇ ਸਮਾਨ ਵਰਗੀਆਂ ਸਹੂਲਤਾਂ ਅਤੇ ਹੋਰ ਲੋੜੀਂਦੀ ਸਹਾਇਤਾ ਹਾਸਲ ਕਰ ਸਕਦੇ ਹਨ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਪਰੇਡ ਕਮਾਂਡਰ ਵਨੀਤ ਅਹਲਾਵਤ, ਆਈ.ਪੀ.ਐਸ. ਦੀ ਅਗਵਾਈ ਵਾਲੀ ਪਰੇਡ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਪੰਜਾਬ ਪੁਲਿਸ, ਪੰਜਾਬ ਹੋਮ ਗਾਰਡਜ਼, ਆਈ.ਟੀ.ਬੀ.ਪੀ., ਐਨ.ਸੀ.ਸੀ. (ਲੜਕੇ ਤੇ ਲੜਕੀਆਂ) ਰੈੱਡ ਕਰਾਸ ਤੋਂ ਇਲਾਵਾ ਪੰਜਾਬ ਪੁਲਿਸ ਬ੍ਰਾਸ ਬੈਂਡ ਦੀਆਂ ਟੁਕੜੀਆਂ ਦੁਆਰਾ ਕੀਤੇ ਗਏ ਪ੍ਰਭਾਵਸ਼ਾਲੀ ਮਾਰਚ ਪਾਸਟ ਤੋਂ ਸਲਾਮੀ ਵੀ ਲਈ। ਇਸ ਮੌਕੇ ਵੱਖ-ਵੱਖ ਸਥਾਨਕ ਸਕੂਲਾਂ ਦੇ ਵਿਦਿਆਰਥੀਆਂ ਨੇ ਭੰਗੜਾ, ਗਿੱਧਾ, ਗਰੁੱਪ ਡਾਂਸ, ਪੀ.ਟੀ. ਸ਼ੋਅ ਅਤੇ ਗਰੁੱਪ ਗਾਇਨ ਸਮੇਤ ਦੇਸ਼ ਭਗਤੀ ਦੇ ਜੋਸ਼ ਵਿੱਚ ਰਮਿਆ ਹੋਇਆ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ।

ਮੁੱਖ ਮੰਤਰੀ ਨੇ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਵਡਮੁੱਲਾ ਯੋਗਦਾਨ ਪਾਉਣ ਵਾਲੇ ਆਜ਼ਾਦੀ ਘੁਲਾਟੀਆਂ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਪ੍ਰਤੀ ਸਤਿਕਾਰ ਪ੍ਰਗਟਾਉਂਦਿਆਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ। ਉਨ੍ਹਾਂ ਨੇ ਦਿਵਿਆਂਗਾਂ ਨੂੰ ਟ੍ਰਾਈਸਾਈਕਲ ਅਤੇ ਗਰੀਬ ਅਤੇ ਲੋੜਵੰਦ ਔਰਤਾਂ ਨੂੰ ਸਿਲਾਈ ਮਸ਼ੀਨਾਂ ਵੀ ਦਿੱਤੀਆਂ। ਇਸ ਮੌਕੇ ਸੂਬੇ ਦੇ ਸਮੁੱਚੇ ਵਿਕਾਸ ਨੂੰ ਦਰਸਾਉਂਦੀਆਂ ਝਾਕੀਆਂ ਖਾਸ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਦੀ ਜਨਤਕ ਅਹਿਮੀਅਤ ਨੂੰ ਦਰਸਾਉਂਦੀ ਝਾਕੀ ਖਿੱਚ ਦਾ ਕੇਂਦਰ ਰਹੀ।

# ਅਮੀਰ ਵਿਰਾਸਤ, ਸੱਭਿਆਚਾਰ ਅਤੇ ਸ਼ਰਧਾ ਦੀ ਪ੍ਰਤੀਕ:

# ਪੰਜਾਬ ਦੀ ਝਾਕੀ-2025




ਜਾਗ੍ਰਤੀ ਬਿਊਰੋ

ਭਾਰਤ 76ਵਾਂ ਗਣਤੰਤਰ ਦਿਵਸ ਮਨਾ ਰਿਹਾ ਹੈ, ਪੰਜਾਬ ਰਾਜ ਨੇ ਆਪਣੀ ਗਤੀਸ਼ੀਲ ਅਤੇ ਵਿਰਾਸਤੀ ਝਾਕੀ ਨਾਲ ਦੇਸ਼ ਨੂੰ ਮੋਹਿਤ ਕੀਤਾ ਹੈ। ਆਪਣੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਪੰਜਾਬ ਦੀ ਸਾਲ 2025 ਲਈ ਝਾਕੀ ਸ਼ਾਨਦਾਰ ਢੰਗ ਨਾਲ ਤਿਆਰ ਕੀਤੀ ਗਈ ਸੀ , ਜੋ ਸੂਬੇ ਦੀ ਖੇਤੀਬਾੜੀ ਵਿਰਾਸਤ, ਕਲਾਤਮਕ ਸੂਖ਼ਮਤਾ ਅਤੇ ਅਧਿਆਤਮਿਕ ਡੂੰਘਾਈ ਨੂੰ ਬਹੁਤ ਅਦਭੁੱਤ ਢੰਗ ਨਾਲ ਦਰਸਾਉਂਦੀ ਹੈ। ਇਸ ਸਾਲ ਦਾ ਵਿਸ਼ਾ, "ਪੰਜਾਬ: ਗਤੀਸ਼ੀਲ ਅਤੇ ਗੌਰਵਸ਼ਾਲੀ ਧਰਤੀ," ਪੰਜਾਬ ਦੀ ਖੇਤੀ ਮਹੱਤਤਾ, ਇਸਦੀ ਸ਼ਾਨਦਾਰ ਦਸਤਕਾਰੀ ਅਤੇ ਮਹਾਨ ਸੂਫ਼ੀ ਸੰਤ ਬਾਬਾ ਸ਼ੇਖ ਫ਼ਰੀਦ ਜੀ ਦੀਆਂ ਸਿੱਖਿਆਵਾਂ ਦੇ ਸਾਰ ਨੂੰ ਰੂਪਮਾਨ ਕਰਦਾ ਹੈ।

ਇਸ ਗਣਤੰਤਰ ਦਿਵਸ ਮੌਕੇ ਜਦੋਂ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਆਪਣੀ ਅਨੇਕਤਾ ਵਿੱਚ ਏਕਤਾ ਦਾ ਜਸ਼ਨ ਮਨਾ ਰਿਹਾ ਹੈ ਤਾਂ ਉਸ ਮੌਕੇ ਪੰਜਾਬ ਦੀ ਝਾਕੀ ਨੇ ਸੂਬੇ ਦੇ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ ਦਾ ਬਾਖੂਬੀ ਪ੍ਰਮਾਣ ਦਿੱਤਾ। ਇਸਦੇ ਲੋਕ ਸਾਜ਼ਾਂ ਦੀਆਂ ਗੂੰਜਦੀਆਂ ਧੁਨਾਂ ਤੋਂ ਲੈ ਕੇ ਮਹਾਨ ਸੰਤਾਂ ਦੇ ਅਧਿਆਤਮਿਕ ਗਿਆਨ ਤੱਕ, ਪੰਜਾਬ ਦੀ ਝਾਕੀ ਇਸ ਧਰਤੀ ਦੀ ਸਾਹਸੀ ਭਾਵਨਾ ਅਤੇ ਸਥਾਈ ਵਿਰਾਸਤ ਦੀ ਯਾਦ ਦਿਵਾਉਂਦੀ ਹੈ।

**ਟਰੈਕਟਰ ਦਾ ਹਿੱਸਾ: ਪੰਜਾਬ ਦੀ ਖੇਤੀ ਮਹੱਤਤਾ ਅਤੇ ਕਲਾਤਮਕ ਹੁਨਰ ਦਾ ਜਸ਼ਨ**

"ਭਾਰਤ ਦੇ ਅੰਨਦਾਤਾ" ਵਜੋਂ ਜਾਣਿਆ ਜਾਂਦਾ ਪੰਜਾਬ ਹਮੇਸ਼ਾ ਖੇਤੀ ਪ੍ਰਧਾਨ ਸੂਬਾ ਰਿਹਾ ਹੈ। ਝਾਕੀ ਦਾ ਟਰੈਕਟਰ ਵਾਲਾ ਹਿੱਸਾ ਸੂਬੇ ਦੀ ਪਛਾਣ ਦੇ ਇਸ ਮਹੱਤਵਪੂਰਨ ਪਹਿਲੂ ਨੂੰ ਉਜਾਗਰ ਕਰਦਾ ਹੈ। ਟਰੈਕਟਰ ਵਾਲੇ ਹਿੱਸੇ ਦੇ ਸ਼ੁਰੂ ਵਿੱਚ ਬਲਦਾਂ ਦੀ ਜੋੜੀ 'ਤੇ ਸ਼ਾਨਦਾਰ ਢੰਗ ਨਾਲ ਵੱਖ-ਵੱਖ ਫੁੱਲਾਂ ਦੀ ਸੁਹਜਾਤਮਕ ਸਜਾਵਟ ਸੂਬੇ ਦੀ ਖੇਤੀ ਮਹੱਤਤਾ ਨੂੰ ਦਰਸਾਉਂਦੇ ਹਨ। ਇਹਨਾਂ ਫੁੱਲਾਂ ਦੇ ਵਿਭਿੰਨ ਨਮੂਨੇ 'ਇਨਲੇ ਡਿਜ਼ਾਈਨ ਕਲਾ' ਨੂੰ ਦਰਸਾਉਂਦੀ ਹੈ ਜੋ ਰਵਾਇਤੀ ਦਸਤਕਾਰੀ ਅਤੇ ਖੇਤੀਬਾੜੀ ਲੋਕਾਚਾਰ ਦਾ ਅਨੋਖਾ ਸੁਮੇਲ ਹੈ।



ਪੇਂਡੂ ਜੀਵਨ ਨੂੰ ਦਰਸਾਉਂਦੇ ਇਸ ਜਸ਼ਨ ਵਿੱਚ ਝਾਕੀ ਦੇ ਅਧਾਰ 'ਤੇ ਚਟਾਈਆਂ ਜਾਂ ਦਰੀਆਂ ਦੇ ਸ਼ਾਨਦਾਰ ਡਿਜ਼ਾਈਨ ਸ਼ਾਮਲ ਕੀਤੇ ਗਏ ਹਨ। ਹੱਥੀਂ ਬਣਾਈਆਂ ਇਹ ਕਲਾ-ਕ੍ਰਿਤਾਂ ਨਾ ਸਿਰਫ਼ ਇਸਨੂੰ ਤਿਆਰ ਕਰਨ ਦੀ ਮੁਹਾਰਤ ਦਾ ਪ੍ਰਗਟਾਵਾ ਕਰਦੇ ਹਨ ਸਗੋਂ ਪੰਜਾਬ ਦੇ ਪੇਂਡੂ ਕਾਰੀਗਰਾਂ ਦੇ ਹੁਨਰ ਅਤੇ ਕਲਾਤਮਕਤਾ ਨੂੰ ਵੀ ਉਜਾਗਰ ਕਰਦੇ ਹਨ। ਇਹ ਕਲਾ-ਕ੍ਰਿਤਾਂ ਸਾਡੀਆਂ ਮਹਾਨ ਰਵਾਇਤਾਂ, ਸੱਭਿਆਚਾਰ ਅਤੇ ਰੋਜ਼ਾਨਾ ਜੀਵਨ ਵਿੱਚ ਰਚ -ਮਿਚ ਗਈਆਂ ਹਨ ।

ਟਰੈਕਟਰ ਵਾਲੇ ਹਿੱਸੇ ਵਿੱਚ ਵਿਰਾਸਤੀ ਪਹਿਰਾਵੇ 'ਚ ਸਜਿਆ ਹੋਇਆ ਲੋਕ ਗਾਇਕ ਹੱਥ ਵਿੱਚ 'ਤੂੰਬੀ' ਫੜੀ ਖੜ੍ਹਾ ਹੈ, ਜੋ 'ਇਕਤਾਰਾ' ਲੋਕ ਸਾਜ਼ ਹੈ ਅਤੇ ਪੰਜਾਬ ਦੀ ਮਾਣਮੱਤੀ ਸੰਗੀਤਕ ਵਿਰਾਸਤ ਨੂੰ ਦਰਸਾਉਂਦਾ ਹੈ। ਉਸਦੇ ਨਾਲ ਇੱਕ ਢੋਲ ਅਤੇ ਸੋਹਣੇ ਢੰਗ ਨਾਲ ਸਜਾਏ ਮਿੱਟੀ ਦੇ ਘੜੇ ਵੀ ਦਿਖਾਏ ਗਏ ਹਨ, ਜੋ ਕਿ ਸੁਰ ਅਤੇ ਤਾਲ ਲਈ ਸੂਬੇ ਦੇ ਪਿਆਰ ਨੂੰ ਦਰਸਾਉਂਦੇ ਹਨ। ਇਹ ਲੋਕ ਸਾਜ਼ ਪੰਜਾਬ ਦੇ ਲੋਕ ਸੰਗੀਤ ਦੀ ਜੀਵੰਤ ਊਰਜਾ ਨੂੰ ਉਜਾਗਰ ਕਰਦੇ ਹਨ, ਜੋ ਲੰਬੇ ਸਮੇਂ ਤੋਂ ਇਸਦੇ ਸੱਭਿਆਚਾਰਕ ਪ੍ਰਗਟਾਵੇ ਦੀ ਧੜਕਣ ਰਿਹਾ ਹੈ।

ਇਸ ਝਾਕੀ ਵਿੱਚ ਇੱਕ ਔਰਤ ਨੂੰ ਰਵਾਇਤੀ ਪੰਜਾਬੀ ਪਹਿਰਾਵੇ ਵਿੱਚ ਸਜਿਆ ਹੋਇਆ ਦਿਖਾਇਆ ਗਿਆ ਹੈ, ਜੋ ਕੱਪੜਾ ਬੁਣਨ ਵਿੱਚ ਰੁੱਝੀ ਹੋਈ ਹੈ। ਇਹ ਚਿੱਤਰਣ ਫੁਲਕਾਰੀ ਦੀ ਅਦਭੁੱਤ ਕਲਾ ਨੂੰ ਉਜਾਗਰ ਕਰਦਾ ਹੈ, ਜੋ ਕਿ ਪੰਜਾਬ ਦੀ ਵਿਸ਼ਵ ਪੱਧਰ 'ਤੇ ਕਢਾਈ ਦੀ ਪ੍ਰਸਿੱਧ ਸ਼ੈਲੀ ਹੈ। ਇਸਦੇ ਫੁੱਲਦਾਰ ਨਮੂਨੇ ਅਤੇ ਰਵਾਇਤੀ ਕਲਾ ਸਦਕਾ ਫੁਲਕਾਰੀ ਸਿਰਫ਼ ਇੱਕ ਕੱਪੜਾ ਕਲਾ ਨਹੀਂ ਹੈ, ਸਗੋਂ ਇੱਕ ਸੱਭਿਆਚਾਰਕ ਪ੍ਰਤੀਕ ਹੈ ਜੋ ਪੰਜਾਬ ਨੂੰ ਵਿਸ਼ਵ ਭਰ ਨਾਲ ਜੋੜਦਾ ਹੈ।

**ਟਰਾਲੇ ਦਾ ਹਿੱਸਾ: ਬਾਬਾ ਸ਼ੇਖ ਫ਼ਰੀਦ ਜੀ ਪ੍ਰਤੀ ਸ਼ਰਧਾ ਤੇ ਸਤਿਕਾਰ**

ਜਿਵੇਂ ਹੀ ਟਰੈਕਟਰ ਦਾ ਹਿੱਸਾ ਟਰਾਲੇ ਵਿੱਚ ਤਬਦੀਲ ਹੁੰਦਾ ਹੈ, ਪੰਜਾਬ ਦੀ ਝਾਕੀ ਅਧਿਆਤਮਿਕ ਵਿਰਾਸਤ ਵੱਲ ਕੇਂਦਰਿਤ ਹੋ ਜਾਂਦੀ ਹੈ, ਜਿਸਦੀ ਨੁਮਾਇੰਦਗੀ ਮਹਾਨ ਸੂਫ਼ੀ ਫ਼ਕੀਰ ਬਾਬਾ ਸ਼ੇਖ ਫ਼ਰੀਦ ਜੀ ਕਰਦੇ ਹਨ। 'ਸ਼ਕਰਗੰਜ' ਵਜੋਂ ਜਾਣੇ ਜਾਂਦੇ ਬਾਬਾ ਸ਼ੇਖ ਫ਼ਰੀਦ ਜੀ ਪੰਜਾਬ ਦੇ ਇਤਿਹਾਸ ਅਤੇ ਸੱਭਿਆਚਾਰ ਵਿੱਚ ਵਿਸ਼ੇਸ਼ ਸਥਾਨ ਰੱਖਦੇ ਹਨ।

ਇੱਕ ਦਰੱਖਤ ਦੀ ਛਾਂ ਹੇਠ ਬੈਠੇ, ਬਾਬਾ ਫ਼ਰੀਦ ਜੀ ਪ੍ਰਮਾਤਮਾ ਦੀ ਭਗਤੀ ਵਿਚ ਲੀਨ ਹੋ ਕੇ ਬੰਦਗੀ ਕਰਦੇ ਹੋਏ ਦਿਖਾਏ ਗਏ ਹਨ, ਅਤੇ ਆਪ ਜੀ ਦੇ ਪਾਵਨ ਸਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਹਿੱਸਾ ਬਣੇ । ਆਪ ਜੀ ਦੀ ਸ਼ਾਂਤਮਈ ਅਵਸਥਾ ਹਲੀਮੀ , ਸਬਰ-ਸੰਤੋਖ, ਉਦਾਰਤਾ ਅਤੇ ਦਿਆਲਤਾ ਦੇ ਮਹੱਤਵ ਨੂੰ ਦਰਸਾਉਂਦੀ ਹੈ, ਜਿਨ੍ਹਾਂ ਦਾ ਆਪ ਜੀ ਨੇ ਜੀਵਨ ਭਰ ਪ੍ਰਚਾਰ ਕੀਤਾ। ਬਾਬਾ ਫ਼ਰੀਦ ਜੀ, ਜਿਨ੍ਹਾਂ ਨੂੰ ਅਕਸਰ ਪੰਜਾਬੀ ਭਾਸ਼ਾ ਦੇ ਪਹਿਲੇ ਕਵੀ ਵਜੋਂ ਜਾਣਿਆ ਜਾਂਦਾ ਹੈ, ਪੰਜਾਬੀ ਭਾਸ਼ਾ ਨੂੰ ਪ੍ਰਫੁਲਿੱਤ ਕਰਕੇ ਇਸਨੂੰ ਸਾਹਿਤਕ ਖੇਤਰ ਵਿੱਚ ਸਨਮਾਨਯੋਗ ਥਾਂ ਦਿਵਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

ਇਸ ਝਾਕੀ ਵਿੱਚ ਬਾਬਾ ਫ਼ਰੀਦ ਜੀ ਸ਼ਾਂਤੀ ਅਤੇ ਤਿਆਗ ਦੀ ਸਾਕਾਰ ਮੂਰਤ ਨਜ਼ਰ ਆਉਂਦੇ ਹਨ। ਆਪ ਜੀ ਦੀਆਂ ਸਿੱਖਿਆਵਾਂ, ਜੋ ਨੈਤਿਕ ਸਿਧਾਂਤਾਂ ਅਤੇ ਪਰਮਾਤਮਾ ਪ੍ਰਤੀ ਬੇਅੰਤ ਪਿਆਰ 'ਤੇ ਜ਼ੋਰ ਦਿੰਦੀਆਂ ਹਨ, ਇਸ ਝਾਕੀ ਵਿੱਚ ਸਾਫ ਤੌਰ 'ਤੇ ਉੱਭਰਦੀਆਂ ਹਨ। ਬਾਬਾ ਫ਼ਰੀਦ ਜੀ ਨੇ ਪਾਵਨ ਬਾਣੀ ਰਾਹੀਂ ਲੋਕਾਂ ਨੂੰ ਨਿਮਰਤਾ, ਉਦਾਰਤਾ ਅਤੇ ਅਧਿਆਤਮਿਕ ਚੇਤਨਾ ਵਾਲਾ ਜੀਵਨ ਜੀਉਣ ਲਈ ਪ੍ਰੇਰਿਤ ਕੀਤਾ।

**ਝਾਕੀ ਦੀ ਸੱਭਿਆਚਾਰਕ ਮਹੱਤਤਾ**

ਪੰਜਾਬ ਦੀ ਝਾਕੀ ਮਹਿਜ਼ ਇੱਕ ਝਾਕੀ ਹੀ ਨਹੀਂ ਸਗੋਂ ਇਹ ਸੂਬੇ ਦੇ ਅਮੀਰ ਵਿਰਸੇ ਦੀ ਮੂੰਹੋਂ ਬੋਲਦੀ ਤਸਵੀਰ ਹੈ। ਭਾਵੇਂ ਇਹ ਖੇਤੀਬਾੜੀ ਦੇ ਸੰਦਰਭ ਵਿੱਚ ਹੋਵੇ, ਸੰਗੀਤਕ ਸਾਜ਼ ਜਾਂ ਬਾਬਾ ਫ਼ਰੀਦ ਜੀ ਦੀ ਮਹਾਨਤਾ ਦਾ ਵਰਨਣ ਹੋਵੇ, ਹਰ ਪਹਿਲੂ ਪੰਜਾਬ ਦੀ ਸੱਭਿਆਚਾਰਕ ਅਹਿਮੀਅਤ ਨੂੰ ਦਰਸਾਉਂਦਾ ਹੈ।

1. **ਖੇਤੀਬਾੜੀ ਅਤੇ ਦਸਤਕਾਰੀ:** ਖੇਤੀਬਾੜੀ ਮਹਿਜ਼ ਕਿੱਤਾ ਨਹੀਂ, ਪੰਜਾਬ ਦਾ ਅਨਿੱਖੜਵਾਂ ਅੰਗ ਵੀ ਹੈ। ਝਾਕੀ ਵਿੱਚ ਬੈਲ ਗੱਡੀ, ਫੁੱਲਾਂ ਦੀ ਸਜਾਵਟ ਅਤੇ ਦਰੀਆਂ ਪੰਜਾਬੀਆਂ ਦੀ ਮਿਹਨਤ ਨੂੰ ਦਰਸਾਉਂਦੀਆ ਹਨ। ਸਮੁੱਚਾ ਡਿਜ਼ਾਈਨ ਸੁਹਜ ਤੇ ਸਿਰਜਣਾਤਮਿਕਤਾ ਦੇ ਸੁਮੇਲ ਵਿੱਚ ਸੂਬੇ ਦੀ ਅਨੋਖੀ ਮੁਹਾਰਤ ਨੂੰ ਉਜਾਗਰ ਕਰਦੇ ਹਨ।

2. **ਲੋਕ ਸੰਗੀਤ ਅਤੇ ਕਲਾ:** ਤੂੰਬੀ, ਢੋਲਕ ਅਤੇ ਫੁਲਕਾਰੀ ਦੀ ਸ਼ਮੂਲੀਅਤ ਪੰਜਾਬ ਦੀਆਂ ਅਮੀਰ ਕਲਾਤਮਕ ਰਹੁ-ਰੀਤਾਂ ਨੂੰ ਉਜਾਗਰ ਕਰਦੀ ਹੈ। ਲੋਕ ਸੰਗੀਤ ਲੰਬੇ ਸਮੇਂ ਤੋਂ ਪੰਜਾਬ ਵਿੱਚ ਕਿੱਸੇ ਸੁਣਨ-ਸੁਣਾਉਣ ਅਤੇ ਜਸ਼ਨ ਮਨਾਉਣ ਦਾ ਜ਼ਰੀਆ ਰਿਹਾ ਹੈ, ਜਦੋਂ ਕਿ ਫੁਲਕਾਰੀ ਪੰਜਾਬਣਾਂ ਦੀ ਹੁਨਰ ਕਲਾ ਨੂੰ ਦਰਸਾਉਂਦੀ ਹੈ।

3. **ਅਧਿਆਤਮਿਕ ਪੱਖ:** ਬਾਬਾ ਫ਼ਰੀਦ ਜੀ ਦਾ ਚਿੱਤਰਣ ਝਾਕੀ ਨੂੰ ਅਧਿਆਤਮਿਕ ਸ਼ਰਧਾ ਭਾਵਨਾ ਨਾਲ ਜੋੜਦਾ ਹੈ। ਉਨ੍ਹਾਂ ਦੀਆਂ ਸਿੱਖਿਆਵਾਂ ਸਾਨੂੰ ਨਿਮਰਤਾ, ਦਇਆ ਅਤੇ ਸਮਰਪਣ ਜਿਹੀਆਂ ਸਦੀਵੀ ਕਦਰਾਂ-ਕੀਮਤਾਂ ਦੀ ਯਾਦ ਦਿਵਾਉਂਦੀਆਂ ਹਨ, ਜੋ ਪੀੜ੍ਹੀ-ਦਰ-ਪੀੜ੍ਹੀ ਰਾਹ-ਦਸੇਰਾ ਬਣੀਆਂ ਰਹਿੰਦੀਆਂ ਹਨ।

**ਭਾਰਤ ਦੀ ਵਿਰਾਸਤ ਵਿੱਚ ਪੰਜਾਬ ਦਾ ਯੋਗਦਾਨ**

ਜਿਉਂ ਹੀ ਝਾਕੀ ਰਸਮੀ ਝਰੋਖੇ ਤੋਂ ਹੇਠਾਂ ਆਉਂਦੀ ਹੈ ਤਾਂ ਇਹ ਸਾਨੂੰ ਭਾਰਤ ਦੇ ਸੱਭਿਆਚਾਰਕ ਅਤੇ ਇਤਿਹਾਸਕ ਖੇਤਰ ਵਿੱਚ ਪੰਜਾਬ ਦੇ ਵਡਮੁੱਲੇ ਯੋਗਦਾਨ ਦੀ ਯਾਦ ਦਿਵਾਉਂਦੀ ਹੈ। ਹਰੀ ਕ੍ਰਾਂਤੀ ਤੋਂ ਲੈ ਕੇ ਕਲਾਤਮਕ ਅਤੇ ਅਧਿਆਤਮਿਕ ਰਵਾਇਤਾਂ ਤੱਕ, ਪੰਜਾਬ ਨੇ ਰਾਸ਼ਟਰ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

**ਖੇਤੀਬਾੜੀ ਮੁਹਾਰਤ :** ਪੰਜਾਬ ਦੀਆਂ ਜ਼ਰਖ਼ੇਜ਼ ਜ਼ਮੀਨਾਂ ਭਾਰਤ ਦੀ ਭੋਜਨ ਸੁਰੱਖਿਆ ਦੀ ਰੀੜ੍ਹ ਦੀ ਹੱਡੀ ਹਨ। ਖੇਤੀਬਾੜੀ ਦੀ ਝਾਕੀ ਦਾ ਵਰਨਣ ਸੂਬੇ ਦੇ ਕਿਸਾਨਾਂ ਦੀ ਮਿਹਨਤ ਨੂੰ ਰੂਪਮਾਨ ਕਰਦਾ ਹੈ, ਜਿਨ੍ਹਾਂ ਨੇ ਦੇਸ਼ ਨੂੰ ਭੋਜਨ ਭੰਡਾਰ ਵਿੱਚ ਹੱਡ-ਤੋੜਵੀਂ ਮਿਹਨਤ ਕੀਤੀ ਹੈ।

**ਵਿਰਾਸਤੀ ਰੰਗ :** ਪੰਜਾਬ ਦਾ ਸੰਗੀਤ, ਨਾਚ ਅਤੇ ਦਸਤਕਾਰੀ ਵਿਸ਼ਵ ਭਰ ਵਿੱਚ ਮਸ਼ਹੂਰ ਹੈ। ਤੂੰਬੀ ਅਤੇ ਫੁਲਕਾਰੀ ਨੂੰ ਝਾਕੀ ਵਿੱਚ ਦਰਸਾਉਣਾ ਸੂਬੇ ਦਾ ਅਮੀਰ ਸੱਭਿਆਚਾਰਕ ਪੱਖ ਉੱਭਾਰਦਾ ਹੈ।

**ਰੂਹਾਨੀ ਵਿਰਾਸਤ:** ਝਾਕੀ ਵਿੱਚ ਦਰਸਾਈਆਂ ਬਾਬਾ ਫ਼ਰੀਦ ਜੀ ਦੀਆਂ ਮਹਾਨ ਸਿੱਖਿਆਵਾਂ ਧਾਰਮਿਕ ਹੱਦਾਂ ਪਾਰ ਕਰਕੇ ਪਿਆਰ, ਨਿਮਰਤਾ ਅਤੇ ਨੈਤਿਕ ਕਦਰਾਂ- ਕੀਮਤਾਂ ਨੂੰ ਉਤਸ਼ਾਹਿਤ ਕਰਦੀਆਂ ਹਨ।

**ਰਾਸ਼ਟਰ ਦੇ ਨਾਂ ਸੁਨੇਹਾ**

76ਵੇਂ ਗਣਤੰਤਰ ਦਿਵਸ ਲਈ ਪੰਜਾਬ ਦੀ ਝਾਕੀ ਮਹਿਜ਼ ਆਪਣੀ ਵਿਰਾਸਤ ਦਾ ਜਸ਼ਨ ਹੀ ਨਹੀਂ ਹੈ, ਸਗੋਂ ਏਕਤਾ ਅਤੇ ਅਖੰਡਤਾ ਦਾ ਸੰਦੇਸ਼ ਵੀ ਹੈ। ਇਹ ਰਾਸ਼ਟਰ ਨੂੰ ਆਪਣੀਆਂ ਵੰਨ-ਸੁਵੰਨੀਆਂ ਸੱਭਿਆਚਾਰਕ ਪਰੰਪਰਾਵਾਂ ਦੀ ਖੂਬਸੂਰਤੀ ਨੂੰ ਮਾਣਨ ਅਤੇ ਸੂਫ਼ੀਆਂ-ਸੰਤਾਂ ਵਲੋਂ ਦਿੱਤੀਆਂ ਅਨਮੋਲ ਸਿੱਖਿਆਵਾਂ ਨੂੰ ਪਛਾਣਨ ਦਾ ਸੱਦਾ ਦਿੰਦੀ ਹੈ।

ਅਜੋਕੇ ਦੌਰ ਵਿੱਚ ਜਦੋਂ ਦੁਨੀਆਂ ਪਦਾਰਥਵਾਦ ਵੱਲ ਵਧਦੀ ਜਾ ਰਹੀ ਹੈ ਤਾਂ ਇਹ ਝਾਕੀ ਸਾਨੂੰ ਆਪਣੀਆਂ ਕਦਰਾਂ-ਕੀਮਤਾਂ ਅਤੇ ਰਹੁ-ਰੀਤਾਂ ਨਾਲ ਜੁੜੇ ਰਹਿਣ ਲਈ ਪ੍ਰੇਰਦੀ ਹੈ। ਬਾਬਾ ਫ਼ਰੀਦ ਜੀ ਦੀਆਂ ਸਿੱਖਿਆਵਾਂ ਸਾਨੂੰ ਅੰਦਰੂਨੀ ਸ਼ਾਂਤੀ ਅਤੇ ਸਦਭਾਵਨਾ ਦਾ ਰਾਹ ਅਪਣਾ ਕੇ ਸਬਰ-ਸੰਤੋਖ ਨਾਲ ਜੀਵਨ ਜੀਉਣ ਲਈ ਪ੍ਰੇਰਿਤ ਕਰਦੀਆਂ ਹਨ।

**ਸਿੱਟਾ**

ਗਣਤੰਤਰ ਦਿਵਸ ਪਰੇਡ ਜਿਵੇਂ-ਜਿਵੇਂ ਅੱਗੇ ਵਧੀ , ਪੰਜਾਬ ਦੀ ਝਾਕੀ ਨੇ ਬਿਨਾਂ ਸ਼ੱਕ ਦਰਸ਼ਕਾਂ ਦੇ ਮਨ-ਮਸਤਕ ਨੂੰ ਕੀਲ ਲਿਆ । ਇਹ ਸਹੀ ਅਰਥਾਂ ਵਿੱਚ ਇੱਕ ਅਜਿਹੇ ਸੂਬੇ ਲਈ ਢੁਕਵੀਂ ਸ਼ਰਧਾਂਜਲੀ ਹੈ , ਜੋ ਭਾਰਤ ਦੇ ਅਮੀਰ ਸੱਭਿਆਚਾਰ, ਅਧਿਆਤਮਿਕ ਅਤੇ ਸ਼ਾਨਾਮੱਤੇ ਇਤਿਹਾਸ ਵਿੱਚ ਮੋਹਰੀ ਰਿਹਾ ਹੈ।

ਸਾਲ 2025 ਦੀ ਝਾਕੀ ਪੰਜਾਬ ਦੇ ਅਤੀਤ ਅਤੇ ਵਰਤਮਾਨ ਦਰਮਿਆਨ ਪੁਲ ਵਜੋਂ ਕੰਮ ਕਰਦੀ ਹੈ। ਝਾਕੀ ਪੰਜਾਬ ਦੀ ਖੇਤੀ ਵਿਰਾਸਤ, ਕਲਾਤਮਕ ਪ੍ਰਤਿਭਾ ਅਤੇ ਰੂਹਾਨੀਅਤ ਦਾ ਜਸ਼ਨ ਮਨਾਉਂਦੀ ਹੈ। ਇਹ ਸਾਨੂੰ ਯਾਦ ਦਿਵਾਉਂਦੀ ਹੈ ਕਿ ਦੇਸ਼ ਨੂੰ ਸ਼ਰਸ਼ਾਰ ਕਰਦਿਆਂ ਪੰਜ ਦਰਿਆਵਾਂ ਦੀ ਧਰਤੀ ਪੰਜਾਬ ਆਪਣੀ ਗਤੀਸ਼ੀਲਤਾ ਤੇ ਅਣਖ ਨਾਲ ਅੱਗੇ ਵੱਧ ਰਿਹਾ ਹੈ।

# ਪੰਜਾਬ 2024
# ਪ੍ਰਾਪਤੀਆਂ, ਕਾਰਵਾਈਆਂ ਅਤੇ ਉਮੀਦਾਂ ਦਾ ਸਾਲ

ਸਨਦੀਪ ਕੌਰ

**ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ ਪ੍ਰਦਾਨ**

ਪੰਜਾਬ ਦੇ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਵਿੱਚ ਪਹਿਲੇ, ਦੂਜੇ ਅਤੇ ਤੀਜੇ ਦਰਜੇ ਦੀਆਂ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਪ੍ਰਾਇਮਰੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਅਤੇ ਇਸਦੇ ਕਾਇਆ ਕਲਪ ਕਰਨ ਲਈ ਸ਼ੁਰੂ ਕੀਤੇ ਸੁਪਨਮਈ ਪ੍ਰਾਜੈਕਟ 'ਆਮ ਆਦਮੀ ਕਲੀਨਿਕ' ਨੂੰ ਵੱਡੀ ਸਫਲਤਾ ਹਾਸਲ ਹੋਈ ਹੈ। ਇਨ੍ਹਾਂ ਕਲੀਨਿਕਾਂ ਤੋਂ 2.58 ਕਰੋੜ (1.08 ਕਰੋੜ ਪਹਿਲੀ ਵਾਰ ਆਉਣ ਵਾਲੇ ਮਰੀਜ਼/1.5 ਕਰੋੜ ਦੁਬਾਰਾ ਦਵਾਈ ਲੈਣ ਵਾਲੇ ਮਰੀਜ਼) ਲੋਕਾਂ ਨੇ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਲਿਆ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 75ਵੇਂ ਸੁਤੰਰਤਤਾ ਦਿਵਸ ਮੌਕੇ 75 ਆਮ ਆਦਮੀ ਕਲੀਨਿਕ ਸੂਬੇ ਦੇ ਲੋਕਾਂ ਨੂੰ ਸਮਰਪਿਤ ਕੀਤੇ ਸਨ, ਜਿਸ ਨਾਲ ਇਹਨਾਂ ਕਲੀਨਿਕਾਂ ਦੀ ਕੁੱਲ ਗਿਣਤੀ ਹੁਣ 881 ਹੋ ਗਈ ਹੈ। ਇਨ੍ਹਾਂ 881 ਆਮ ਆਦਮੀ ਕਲੀਨਿਕ ਵਿੱਚੋਂ 316 ਸ਼ਹਿਰੀ ਖੇਤਰਾਂ ਵਿੱਚ ਜਦਕਿ 565 ਕਲੀਨਿਕ ਪੇਂਡੂ ਖੇਤਰਾਂ ਵਿੱਚ ਸਥਿਤ ਹਨ।

ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਵਿਖੇ ਮਰੀਜ਼ਾਂ ਲਈ 80 ਕਿਸਮਾਂ ਦੀਆਂ ਦਵਾਈਆਂ ਅਤੇ 38 ਕਿਸਮਾਂ ਦੇ ਡਾਇਗਨੌਸਟਿਕ ਟੈਸਟ ਮੁਫ਼ਤ ਉਪਲਬਧ ਹਨ। ਇਨ੍ਹਾਂ ਕਲੀਨਿਕਾਂ ਨੇ ਸੂਬੇ ਦੇ ਲੋਕਾਂ ਨੂੰ ਸਿਹਤ ਸੰਭਾਲ 'ਤੇ ਆਉਣ ਵਾਲੇ ਖਰਚੇ ਨੂੰ 1200 ਕਰੋੜ ਰੁਪਏ ਤੱਕ ਘਟਾਉਣ ਵਿੱਚ ਯੋਗਦਾਨ ਪਾਇਆ ਹੈ।

ਇਸ ਤੋਂ ਇਲਾਵਾ, ਸੂਬੇ ਦੇ ਲੋਕਾਂ ਨੂੰ ਵਿਆਪਕ ਪ੍ਰਾਇਮਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸੂਬੇ ਵਿੱਚ 3134 ਸਿਹਤ ਅਤੇ ਤੰਦਰੁਸਤੀ ਕੇਂਦਰ ਕਾਰਜਸ਼ੀਲ ਹਨ। ਇਸ ਦੇ ਨਾਲ ਹੀ ਨਵਾਂ ਸਟਾਫ਼ ਭਾਵ ਕਮਿਊਨਿਟੀ ਹੈਲਥ ਅਫਸਰ ਵੀ ਸ਼ਾਮਲ ਕੀਤੇ ਗਏ ਹਨ।

ਪੰਜਾਬ ਸਰਕਾਰ ਵੱਲੋਂ ਸੈਕੰਡਰੀ ਸਿਹਤ ਸਹੂਲਤਾਂ ਵਿੱਚ ਜ਼ਰੂਰੀ ਦਵਾਈਆਂ ਦੀ ਸੂਚੀ (ਈ.ਡੀ.ਐਲ.) ਅਧੀਨ ਆਉਂਦੀਆਂ ਸਾਰੀਆਂ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਜਨਵਰੀ 2024 ਵਿੱਚ ਫ੍ਰੀ ਡਰੱਗ ਪਹਿਲਕਦਮੀ ਦੀ ਸ਼ੁਰੂਆਤ ਕੀਤੀ ਗਈ ਹੈ। ਸਥਾਨਕ ਪੱਧਰ 'ਤੇ ਸਿਵਲ ਸਰਜਨਾਂ ਅਤੇ ਐੱਸ.ਐੱਮ.ਓਜ਼ ਨੂੰ ਈ.ਡੀ.ਐਲ. ਤੋਂ ਬਾਹਰ ਵਾਲੀਆਂ ਦਵਾਈਆਂ ਜਾਂ ਕਿਸੇ ਖਾਸ ਦਵਾਈਆਂ ਦੀ ਘਾਟ ਹੋਣ ਦੀ ਸੂਰਤ ਵਿੱਚ ਇਹਨਾਂ ਦੀ ਖਰੀਦ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੌਜੂਦਾ ਸਰਕਾਰੀ ਸਿਹਤ ਸੰਸਥਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ ਨਾਲ ਇਸ ਸਾਲ ਜਨਵਰੀ ਵਿੱਚ ਡਾਇਗਨੌਸਟਿਕ ਇਨੀਸ਼ੀਏਟਿਵ ਵੀ ਸ਼ੁਰੂ ਕੀਤਾ ਗਿਆ ਸੀ, ਜਿਸ ਤਹਿਤ ਸਾਰੀਆਂ ਸੈਕੰਡਰੀ ਸਿਹਤ ਸਹੂਲਤਾਂ ਵਿਖੇ ਐਕਸ-ਰੇ ਅਤੇ ਅਲਟਰਾਸਾਊਂਡ ਦੀ ਸਹੂਲਤ ਪ੍ਰਦਾਨ ਕੀਤੀ ਜਾਂਦੀ ਹੈ। ਇਸ ਸਬੰਧ ਵਿੱਚ ਕੁੱਲ 202 ਐਕਸ-ਰੇ ਕੇਂਦਰਾਂ ਅਤੇ 389 ਅਲਟਰਾਸਾਊਂਡ ਕੇਂਦਰਾਂ ਨੂੰ ਸੂਚੀਬੱਧ ਕੀਤਾ ਗਿਆ ਹੈ ਜੋ ਸਰਕਾਰ ਵੱਲੋਂ ਨਿਰਧਾਰਤ ਕਿਫ਼ਾਇਤੀ ਕੀਮਤ 'ਤੇ ਸੇਵਾਵਾਂ ਪ੍ਰਦਾਨ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਜਨਵਰੀ 2024 ਤੋਂ ਬਾਅਦ ਕਲਰ ਡੋਪਲਰ/ ਅਲਟਰਾਸਾਊਂਡ ਮਸ਼ੀਨਾਂ ਦੀ ਗਿਣਤੀ 65 ਤੋਂ ਵਧਾ ਕੇ 98 ਅਤੇ ਐਕਸ-ਰੇ ਮਸ਼ੀਨਾਂ ਦੀ ਗਿਣਤੀ 368 ਤੋਂ ਵਧਾ ਕੇ 384 ਕਰ ਦਿੱਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹੁਣ ਸਾਰੇ ਜ਼ਿਲ੍ਹਾ ਹਸਪਤਾਲ (ਡੀ.ਐਚਜ਼), ਸਬ-ਡਵੀਜ਼ਨਲ ਹਸਪਤਾਲ (ਐਸ.ਡੀ.ਐਚਜ਼) ਅਤੇ ਕਮਿਊਨਿਟੀ ਹੈਲਥ ਸੈਂਟਰ (ਸੀ.ਐਚ.ਸੀਜ਼) ਵਿਖੇ ਐਕਸ-ਰੇ ਅਤੇ ਅਲਟਰਾਸਾਊਂਡ ਸਹੂਲਤਾਂ ਉਪਲਬਧ ਹਨ। ਹੁਣ ਤੱਕ ਕੁੱਲ 10.11 ਲੱਖ ਮਰੀਜ਼ਾਂ (7.76 ਲੱਖ ਐਕਸ-ਰੇ ਸੇਵਾਵਾਂ ਅਤੇ 2.34 ਲੱਖ ਯੂ.ਐਸ.ਜੀ. ਸੇਵਾਵਾਂ) ਨੇ ਇਨ੍ਹਾਂ ਸੇਵਾਵਾਂ ਦਾ ਲਾਭ ਲਿਆ ਹੈ।

ਵਿਭਾਗ ਨੇ ਸਿਹਤ ਸੰਭਾਲ ਬੁਨਿਆਦੀ ਢਾਂਚੇ ਅਤੇ ਸੇਵਾਵਾਂ ਦੇ ਵਿਸਤਾਰ ਵਿੱਚ ਵੀ ਮਹੱਤਵਪੂਰਨ ਪ੍ਰਗਤੀ ਕੀਤੀ ਹੈ। ਇਸ ਪ੍ਰਗਤੀ ਵਿੱਚ ਪਟਿਆਲਾ ਵਿਖੇ ਨੈਸ਼ਨਲ ਮਿਡਵਾਈਫਰੀ ਟਰੇਨਿੰਗ ਇੰਸਟੀਚਿਊਟ (ਐਨ.ਐਮ.ਟੀ. ਆਈ.) ਨੂੰ ਕਾਰਜਸ਼ੀਲ ਕਰਨ, ਨਵੇਂ ਮਦਰ ਐਂਡ ਚਾਈਲਡ ਹੈਲਥਕੇਅਰ (ਐਮ.ਸੀ.ਐਚ.) ਵਿੰਗਾਂ ਦੀ ਸਥਾਪਨਾ ਅਤੇ ਮਾਹਿਰ ਡਾਕਟਰਾਂ ਦੀ ਘਾਟ ਨੂੰ ਦੂਰ ਕਰਨ ਲਈ ਡੀ.ਐਨ.ਬੀ. ਪ੍ਰਾਗਰਾਮ ਦਾ ਵਿਸਤਾਰ ਸ਼ਾਮਲ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਹੱਬ ਅਤੇ ਸਪੋਕ ਮਾਡਲ 'ਤੇ ਆਧਾਰਿਤ ਪੰਜਾਬ ਸਟੈਮੀ ਪ੍ਰਾਜੈਕਟ ਨੂੰ ਅੱਠ ਜ਼ਿਲ੍ਹਿਆਂ ਵਿੱਚ ਸਫਲਤਾਪੂਰਵਕ ਲਾਗੂ ਕੀਤਾ ਗਿਆ ਹੈ, ਜਿਸ ਵਿੱਚ ਛਾਤੀ ਦੇ ਦਰਦ ਵਾਲੇ 7,000 ਤੋਂ ਵੱਧ ਮਰੀਜ਼ ਸ਼ਾਮਲ ਹਨ। ਇਸ ਪ੍ਰਾਜੈਕਟ ਦਾ ਮੰਤਵ ਥ੍ਰੋਮਬੋਲਾਈਸਿਸ 'ਤੇ ਧਿਆਨ ਕੇਂਦ੍ਰਤ ਕਰਦਿਆਂ, ਸਟੈਮੀ (ਦਿਲ ਦਾ ਦੌਰਾ)

ਦੇ ਮਰੀਜ਼ਾਂ ਲਈ ਸਮੇਂ ਸਿਰ ਅਤੇ ਪ੍ਰਭਾਵੀ ਇਲਾਜ ਪ੍ਰਦਾਨ ਕਰਨਾ ਹੈ। ਟੈਨਿਕਟੀਪਲੇਸ ਇੰਜੈਕਸ਼ਨ- ਜੋ ਦਿਲ ਵਿੱਚ ਖੂਨ ਦੇ ਥੱਕੇ ਨੂੰ ਖੋਰਨ ਵਿੱਚ ਮਦਦ ਕਰਦਾ ਹੈ- ਜਿਸਦੀ ਕੀਮਤ 25000 ਤੋਂ 35000 ਰੁਪਏ ਤੱਕ ਹੈ, ਨੂੰ ਇਸ ਪ੍ਰਾਜੈਕਟ ਤਹਿਤ ਮੁਫਤ ਲਗਾਇਆ ਜਾ ਰਿਹਾ ਹੈ। ਇਹ ਟੀਕਾ ਦਿਲ ਵਿੱਚ ਖੂਨ ਦੇ ਥੱਕੇ ਨੂੰ ਖੋਰਨ ਵਿੱਚ ਮਦਦ ਕਰਦਾ ਹੈ। ਇਸ ਪ੍ਰਾਜੈਕਟ ਦਾ ਵਿਸਤਾਰ ਹੁਣ ਬਾਕੀ 15 ਜ਼ਿਲ੍ਹਿਆਂ ਵਿੱਚ ਵੀ ਕੀਤਾ ਜਾ ਰਿਹਾ ਹੈ, ਜਿਸ ਵਿੱਚ ਤਿੰਨ ਸਰਕਾਰੀ ਮੈਡੀਕਲ ਕਾਲਜ ਅਤੇ ਏਮਜ਼ ਬਠਿੰਡਾ ਸਮੇਤ 4 ਨਵੇਂ ਹੱਬ ਸ਼ਾਮਲ ਹਨ।

ਪੰਜਾਬ ਸਰਕਾਰ ਵੱਲੋਂ ਅਕਤੂਬਰ 2024 ਵਿੱਚ ਪੰਜਾਬ ਸਟ੍ਰੋਕ ਪ੍ਰਾਜੈਕਟ ਵੀ ਸ਼ੁਰੂ ਕੀਤਾ ਗਿਆ ਹੈ, ਜਿਸਦਾ ਉਦੇਸ਼ ਇਸਕੇਮਿਕ ਸਟ੍ਰੋਕ ਤੋਂ ਪੀੜਤ ਲਗਭਗ 200 ਸਟ੍ਰੋਕ ਮਰੀਜ਼ਾਂ ਨੂੰ ਮੁਫਤ ਮਕੈਨੀਕਲ ਥਰੋਮਬੈਕਟੋਮੀ ਪ੍ਰਦਾਨ ਕਰਨਾ ਹੈ। ਇਹ ਪ੍ਰਾਜੈਕਟ ਵੀ ਹੱਬ ਅਤੇ ਸਪੋਕ ਮਾਡਲ 'ਤੇ ਅਧਾਰਤ ਹੈ, ਜਿਸ ਵਿੱਚ ਸੀ.ਐਮ.ਸੀ. ਲੁਧਿਆਣਾ ਨੂੰ ਹੱਬ ਅਤੇ 3 ਜ਼ਿਲ੍ਹਾ ਹਸਪਤਾਲਾਂ ਨੂੰ ਸਪੋਕ ਵਜੋਂ ਸ਼ਾਮਲ ਕੀਤਾ ਗਿਆ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਡੇਂਗੂ ਵਿਰੋਧੀ ਮੁਹਿੰਮ 'ਹਰ ਸ਼ੁਕਰਵਾਰ, ਡੇਂਗੂ 'ਤੇ ਵਾਰ' ਸਫ਼ਲਤਾਪੂਰਵਕ ਚੱਲ ਰਹੀ ਹੈ ਅਤੇ ਸਾਲ 2024 ਵਿੱਚ ਡੇਂਗੂ ਦੇ ਕੇਸਾਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਲਗਭਗ 55 ਫੀਸਦੀ ਦੀ ਕਮੀ ਦਰਜ ਕੀਤੀ ਗਈ ਹੈ ਅਤੇ ਡੇਂਗੂ ਕਾਰਨ ਹੋਣ ਵਾਲੀਆਂ ਮੌਤਾਂ ਵਿੱਚ 70 ਫੀਸਦੀ ਦੀ ਆਈ ਹੈ।

ਉਨ੍ਹਾਂ ਦੱਸਿਆ ਕਿ ਗੁਰਦਿਆਂ ਦੀਆਂ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ ਲਈ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਹੰਸ ਫਾਊਂਡੇਸ਼ਨ, ਮਾਤਾ ਗੁਜਰੀ ਟਰੱਸਟ ਜਗਰਾਉਂ ਅਤੇ ਹੈਲਪਫੁੱਲ ਐਨਜੀਓ ਸਮੇਤ ਗੈਰ ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਮਰੀਜ਼ਾਂ ਨੂੰ ਮੁਫਤ ਡਾਇਲਸਿਸ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਮੌਜੂਦਾ ਸਮੇਂ, 23 ਜ਼ਿਲ੍ਹਾ ਹਸਪਤਾਲਾਂ, 14 ਸਬ-ਡਵੀਜ਼ਨਲ ਹਸਪਤਾਲਾਂ, ਤਿੰਨ ਕਮਿਊਨਿਟੀ ਹੈਲਥ ਸੈਂਟਰਾਂ ਵਿਖੇ ਸਥਿਤ 40 ਡਾਇਲਸਿਸ ਕੇਂਦਰਾਂ ਵਿੱਚ 168 ਡਾਇਲਸਿਸ ਮਸ਼ੀਨਾਂ ਉਪਲੱਬਧ ਹਨ। ਅਪ੍ਰੈਲ 2024 ਤੋਂ ਨਵੰਬਰ 2024 ਤੱਕ 4831 ਮਰੀਜ਼ਾਂ ਨੂੰ 32800 ਡਾਇਲਸਿਸ ਸੈਸ਼ਨ ਦਿੱਤੇ ਗਏ ਹਨ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਪੀੜਤਾਂ ਨੂੰ ਤੁਰੰਤ ਤੇ ਨਿਰਵਿਘਨ ਇਲਾਜ ਮੁਹੱਈਆ ਕਰਵਾਉਣ ਲਈ ਸ਼ੁਰੂ ਕੀਤੀ ਗਈ ਫਰਿਸ਼ਤੇ ਸਕੀਮ ਕੀਮਤੀ ਜਾਨਾਂ ਬਚਾਉਣ ਲਈ ਵਰਦਾਨ ਸਾਬਤ ਹੋ ਰਹੀ ਹੈ। ਇਸਦੀ ਸ਼ੁਰੂਆਤ ਤੋਂ ਲੈ ਕੇ, ਇਸ ਸਕੀਮ ਤਹਿਤ ਲਗਭਗ 223 ਦੁਰਘਟਨਾ ਪੀੜਤਾਂ ਨੂੰ ਮੁਫ਼ਤ ਡਾਕਟਰੀ ਇਲਾਜ ਮੁਹੱਈਆ ਕਰਵਾਇਆ ਗਿਆ ਹੈ ਜੋ ਸੜਕ ਹਾਦਸਿਆਂ ਕਾਰਨ ਹੋਣ ਵਾਲੀ ਮੌਤ ਦੀ ਦਰ ਨੂੰ ਘਟਾਉਣ ਵਿੱਚ ਇਸਦੀ ਪ੍ਰਭਾਵਸ਼ੀਲਤਾ ਨੂੰ ਦਰਸਾਉਂਦਾ ਹੈ। ਜ਼ਿਕਰਯੋਗ ਹੈ ਕਿ ਆਮ ਲੋਕਾਂ ਨੂੰ ਅੱਗੇ ਆਉਣ ਅਤੇ ਸੜਕ ਹਾਦਸਿਆਂ ਦੇ ਪੀੜਤਾਂ ਦੀ ਮਦਦ ਕਰਨ ਅਤੇ ਪੀੜਤਾਂ ਦੀ ਜਾਨ ਬਚਾਉਣ ਲਈ ਉਤਸ਼ਾਹਿਤ ਕਰਨ ਵਾਸਤੇ ਅਜਿਹੇ "ਫਰਿਸ਼ਤਿਆਂ" ਨੂੰ 2000 ਰੁਪਏ ਦੇ ਨਕਦ ਇਨਾਮ, ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਜਾ ਰਿਹਾ ਹੈ ਅਤੇ ਕਾਨੂੰਨੀ ਪੇਚੀਦਗੀਆਂ ਤੋ ਪੁਲਿਸ ਪੁੱਛਗਿੱਛ ਤੋਂ ਰਾਹਤ ਦਿੱਤੀ ਜਾਂਦੀ ਹੈ। ਹੁਣ ਤੱਕ, 66 "ਫਰਿਸ਼ਤੇ" ਰਾਜ ਸਿਹਤ ਏਜੰਸੀ (ਐਸ.ਐਚ.ਏ) ਪੰਜਾਬ ਨਾਲ ਰਜਿਸਟਰ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਐਸ.ਏ.ਐਸ. ਨਗਰ ਵਿਖੇ ਪੰਜਾਬ ਦਾ ਪਹਿਲਾ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਏਰੀ ਸਾਇੰਸਜ਼ ਵੀ ਲੋਕਾਂ ਨੂ ਸਮਰਪਿਤ ਕੀਤਾ ਗਿਆ ਹੈ ਜਿੱਥੇ ਲੋਕ ਯੂ.ਜੀ.ਆਈ. ਐਂਡੋਸਕੋਪੀ, ਫਾਈਬਰੋਸਕਨ, ਐਂਡੋਸਕੋਪਿਕ ਅਲਟਰਾਸਾਊਂਡ ਅਤੇ ਈ.ਆਰ.ਸੀ.ਪੀ. ਵਰਗੀਆਂ ਸੇਵਾਵਾਂ ਦਾ ਲਾਭ ਲੈ ਸਕਦੇ ਹਨ। ਜ਼ਿਕਰਯੋਗ ਹੈ ਕਿ ਇਸ ਇੰਸਟੀਚਿਊਟ ਨੂੰ ਦਿ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਏਰੀ ਸਾਇੰਸਜ਼ (ਆਈ.ਐਲ.ਬੀ.ਐਸ.), ਨਵੀਂ ਦਿੱਲੀ ਦੀ ਤਰਜ਼ 'ਤੇ ਸਥਾਪਤ ਕੀਤਾ ਗਿਆ ਹੈ।



ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅੰਮ੍ਰਿਤਸਰ, ਪਟਿਆਲਾ ਅਤੇ ਫਰੀਦਕੋਟ ਸਮੇਤ ਸਰਕਾਰੀ ਮੈਡੀਕਲ ਕਾਲਜਾਂ ਵਿੱਚ ਤੀਜੇ ਦਰਜੇ ਦੀਆਂ ਦੇਖਭਾਲ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਦਕਿ ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਸਕੀਮ ਤਹਿਤ ਸੂਬੇ ਦੇ ਸਾਰੇ ਸਰਕਾਰੀ ਮੈਡੀਕਲ ਕਾਲਜਾਂ, ਹੋਮੀ ਭਾਭਾ ਕੈਂਸਰ ਹਸਪਤਾਲ ਸੰਗਰੂਰ, ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ (ਐਚ.ਬੀ.ਸੀ.ਐਚ.ਆਰ.ਸ.) ਮੁੱਲਾਂਪੁਰ ਅਤੇ ਐਡਵਾਂਸਡ ਕੈਂਸਰ ਇੰਸਟੀਚਿਊਟ ਬਠਿੰਡਾ ਵਿਖੇ ਕੈਂਸਰ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ




ਮਾਨ ਦੇ ਸੁਪਨਮਈ ਪ੍ਰਾਜੈਕਟ "ਸੀ.ਐਮ. ਦੀ ਯੋਗਸ਼ਾਲਾ" ਦੀ ਸਾਰੇ ਜ਼ਿਲ੍ਹਿਆਂ ਵਿੱਚ ਸਫਲਤਾਪੂਰਵਕ ਸ਼ੁਰੂਆਤ ਤੋਂ ਬਾਅਦ, ਪੰਜਾਬ ਦੇ ਲੋਕਾਂ ਨੂੰ ਤੰਦਰੁਸਤ ਅਤੇ ਸਿਹਤਯਾਬ ਰੱਖਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਇਸ ਜਨਤਕ ਮੁਹਿੰਮ ਨੂੰ ਪਿੰਡ ਅਤੇ ਬਲਾਕ ਪੱਧਰ 'ਤੇ ਵੀ ਭਰਵਾਂ ਹੁੰਗਾਰਾ ਮਿਲਿਆ ਹੈ। ਸਰਕਾਰ ਵੱਲੋਂ 580 ਯੋਗਾ ਟ੍ਰੇਨਰਾਂ ਦੀ ਭਰਤੀ ਕੀਤੀ ਹੈ ਅਤੇ ਮੌਜੂਦਾ ਸਮੇਂ ਰੋਜ਼ਾਨਾ ਸਵੇਰੇ 3284 'ਸੀ.ਐਮ. ਦੀ ਯੋਗਸ਼ਾਲਾ' ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ 1 ਲੱਖ ਤੋਂ ਵੱਧ ਲੋਕ ਲਾਭ ਲੈ ਰਹੇ ਹਨ।

## ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬਦਲੀ ਗਈ ਸਰਕਾਰੀ ਸਕੂਲਾਂ ਦੀ ਨੁਹਾਰ

ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਅਧਿਆਪਕਾਂ/ਸਕੂਲ ਮੁਖੀਆਂ ਨੂੰ ਬਿਹਤਰੀਨ ਟ੍ਰੇਨਿੰਗ ਦੁਆ ਕੇ ਸਮੇਂ ਦੇ ਹਾਣੀ ਬਣਾਉਣ ਦੇ ਮਕਸਦ ਨਾਲ ਵੱਖ-ਵੱਖ ਟ੍ਰੇਨਿੰਗ ਪ੍ਰੋਗਰਾਮ ਸ਼ੁਰੂ ਕੀਤੇ ਗਏ। ਇਹਨਾਂ ਵਿੱਚ ਸਭ ਤੋਂ ਪਹਿਲਾਂ ਸਿੰਗਾਪੁਰ ਸਥਿਤ ਪ੍ਰਿੰਸੀਪਲ ਅਕੈਡਮੀ ਅਤੇ ਇੰਸਟੀਚਿਊਟ ਆਫ਼ ਸਿੰਗਾਪੁਰ ਇੰਟਰਨੈਸ਼ਨਲ ਵਿਖੇ 200 ਤੋਂ ਵੱਧ ਪ੍ਰਿੰਸੀਪਲਾਂ ਅਤੇ ਸਿੱਖਿਆ ਪ੍ਰਸ਼ਾਸਕਾਂ ਨੂੰ ਟ੍ਰੇਨਿੰਗ ਦੁਆਈ ਗਈ।

ਇਸੇ ਤਰ੍ਹਾਂ 150 ਹੈੱਡ ਮਾਸਟਰਾਂ ਨੂੰ ਆਈ.ਆਈ.ਐਮ., ਅਹਿਮਦਾਬਾਦ ਵਿਖੇ ਲੀਡਰਸ਼ਿਪ, ਸਕੂਲ ਪ੍ਰਬੰਧਨ, ਸਿੱਖਿਆ ਵਿਭਾਗ ਵਿੱਚ ਏ.ਆਈ. ਅਤੇ ਭਾਈਵਾਲ ਸ਼ਮੂਲੀਅਤ ਆਦਿ ਵਿਸ਼ਿਆ 'ਤੇ ਸਿਖਲਾਈ ਦੁਆਈ ਗਈ। ਟ੍ਰੇਨਿੰਗ ਦੀ ਦਿਸ਼ਾ ਵਿੱਚ ਇੱਕ ਕਦਮ ਹੋਰ ਅੱਗੇ ਵਧਦਿਆਂ ਪ੍ਰਾਇਮਰੀ ਸਿੱਖਿਆ ਨੂੰ ਮਜ਼ਬੂਤ ਕਰਨ ਲਈ ਬੀ.ਪੀ.ਈ.ਓ., ਸੀ.ਐਚ.ਟੀ., ਐਚ.ਟੀ. ਅਤੇ ਈ.ਟੀ.ਟੀ. ਦੇ ਕੁੱਲ 72 ਅਧਿਆਪਕਾਂ ਨੂੰ ਯੂਨੀਵਰਸਿਟੀ ਆਫ ਤੁਰਕੁ (ਫਿਨਲੈਂਡ) ਵਿਖੇ ਵਿਸ਼ੇਸ਼ ਸਿਲਖਾਈ ਕਰਵਾਈ ਗਈ।

ਸਰਕਾਰੀ ਸਕੂਲਾਂ ਦੀ ਸਾਂਭ-ਸੰਭਾਲ, ਸੁਰੱਖਿਆ ਅਤੇ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਲਈ ਲਗਭਗ 82 ਕਰੋੜ ਰੁਪਏ ਜਾਰੀ ਕੀਤੇ ਗਏ। ਜਿਸ ਰਾਹੀਂ 1689 ਕੈਂਪਸ ਮੈਨੇਜਰਾਂ, 689 ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 1265 ਸੁਰੱਖਿਆ ਗਾਰਡ (652 ਸੀਨੀਅਰ ਸੈਕੰਡਰੀ ਸਕੂਲ ਅਤੇ 37 ਹਾਈ ਸਕੂਲ, ਪ੍ਰਤੀ ਸਕੂਲ-2) ਨੂੰ ਵੀ ਪੈਸਕੋ ਰਾਹੀਂ ਭਰਤੀ ਕੀਤੇ ਗਏ। ਇਸ ਤੋਂ ਇਲਾਵਾ 8286 ਸਕੂਲਾਂ ਵਿੱਚ ਸਫਾਈ ਕਰਮਚਾਰੀਆਂ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 1734 ਚੌਂਕੀਦਾਰਾਂ ਦੀ ਭਰਤੀ ਕੀਤੀ ਗਈ।

ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਸਕੂਲ ਆਫ਼ ਐਮੀਨੈਂਸ: ਕੁੱਲ 118 ਸਰਕਾਰੀ ਸਕੂਲਾਂ ਨੂੰ ਸਟੇਟ ਆਫ਼ ਆਰਟ ਸਕੂਲ ਆਫ਼ ਐਮੀਨੈਂਸ ਵਜੋਂ ਵਿਕਸਿਤ ਕੀਤਾ ਕਰਨ ਤੋਂ ਇਲਾਵਾ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਹਾਈ ਸਪੀਡ ਫਾਈਬਰ ਵਾਈਫਾਈ ਇੰਟਰਨੈਟ ਕਨੈਕਸ਼ਨਾਂ ਲਈ 29.3 ਕਰੋੜ ਰੁਪਏ ਮੁਹੱਈਆ ਕਰਵਾਏ ਗਏ ਹਨ। ਇਸ ਦੇ ਨਾਲ ਹੀ ਸਕੂਲਾਂ ਵਿੱਚ ਪਖਾਨੇ, ਵਾਧੂ ਕਲਾਸ ਰੂਮ, ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀਆਂ ਅਤੇ ਹੋਰ ਕੰਮਾਂ ਦੇ ਨਿਰਮਾਣ ਲਈ 120.43 ਕਰੋੜ ਮੁਹੱਈਆ ਕਰਵਾਇਆ ਗਿਆ ਹੈ। ਰਾਜ ਸਰਕਾਰ ਵੱਲੋਂ ਕਲਾਸਰੂਮ, ਪ੍ਰਯੋਗਸ਼ਾਲਾਵਾਂ ਲਈ ਵੀ 93.48 ਕਰੋੜ

ਮੁਹਈਆ ਕਰਵਾਇਆ ਗਿਆ ਹੈ।

ਵਿਦਿਆਰਥੀਆਂ ਦੇ ਸਲਾਨਾ ਪ੍ਰੀਖਿਆਵਾਂ ਵਿੱਚ ਵਧੀਆ ਨਤੀਜੇ ਨੂੰ ਯਕੀਨੀ ਬਣਾਉਣ ਲਈ ਗ੍ਰੇਡ ਪੱਧਰੀ ਕੰਪੀਟੈਂਸੀ ਵਿੱਚ ਕੁਸ਼ਲ ਕਰਨ ਲਈ ਸੀ.ਈ.ਪੀ., ਮਿਸ਼ਨ ਸਮਰੱਥ ਅਤੇ ਮਿਸ਼ਨ ਆਰੰਭ ਵਰਗੇ ਸ਼ੁਰੂ ਕਰਨ ਤੋਂ ਇਲਾਵਾ ਮੈਗਾ ਪੀ.ਟੀ.ਐਮ. ਵਰਗੇ ਉਪਰਾਲਿਆਂ ਨਾਲ ਵਿਦਿਆਰਥੀਆਂ ਦੇ ਮਾਪਿਆਂ ਦੀ ਸ਼ਮੂਲੀਅਤ ਨੂੰ ਵੀ ਯਕੀਨੀ ਬਣਾਇਆ ਗਿਆ ਹੈ।

ਪੰਜਾਬ ਸਰਕਾਰ ਨੇ ਸੂਬੇ ਦੇ ਵਿਦਿਆਰਥੀਆਂ ਦੀ ਸਹੂਲਤ ਲਈ 118 ਸਕੂਲ ਆਫ ਐਮੀਨੈਂਸ ਅਤੇ 17 ਲੜਕੀਆਂ ਦੇ ਸੀਨੀਅਰ ਸੈਕੰਡਰੀ ਸਕੂਲਾਂ ਲਈ ਟ੍ਰਾਂਸਪੋਰਟ ਸੁਵਿਧਾ ਸ਼ੁਰੂ ਕੀਤੀ ਗਈ, ਜਿਸ ਦਾ ਵਿਦਿਆਰਥੀਆਂ ਨੂੰ ਬਹੁਤ ਲਾਭ ਹੋਇਆ ਹੈ।

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਸੁਧਾਰਾਂ ਦੀ ਦਿਸ਼ਾ ਵਿੱਚ ਕੀਤੇ ਜਾ ਕੰਮਾਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਡੀ ਸਰਕਾਰ ਨੇ ਲੋਕਾਂ ਨਾਲ ਮਿਆਰੀ ਸਿੱਖਿਆ ਦੇਣ ਦਾ ਵਾਅਦਾ ਕੀਤਾ ਸੀ, ਜਿਸ ਨੂੰ ਪੂਰਾ ਕਰਨ ਲਈ ਅਸੀਂ ਲਗਾਤਾਰ ਕੰਮ ਕਰ ਰਹੇ ਹਾਂ। ਉਹਨਾਂ ਕਿਹਾ ਕਿ ਸਰਕਾਰੀ ਸਕੂਲਾਂ ਦੀ ਦਿਸ਼ਾ ਵਿੱਚ ਹੋਰ ਸੁਧਾਰ ਕਰਨ ਲਈ ਅਧਿਆਪਕਾਂ ਅਤੇ ਸਕੂਲ ਮੁਖੀਆਂ ਤੋਂ ਸੁਝਾਅ ਲੈਣ ਲਈ ਜ਼ਿਲ੍ਹਾ ਪੱਧਰੀ ਸਮਾਗਮ ਸ਼ੁਰੂ ਕੀਤੇ ਗਏ ਹਨ।

## ਮੁੱਖ ਮੰਤਰੀ ਦੀ ਅਗਵਾਈ 'ਚ ਪੰਜਾਬ ਨੇ ਖੇਡਾਂ ਵਿੱਚ ਸਾਨਦਾਰ ਪ੍ਰਾਪਤੀਆਂ ਕੀਤੀਆਂ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਖੇਡਾਂ ਦੇ ਖੇਤਰ ਵਿੱਚ ਕੀਤੇ ਉਪਰਾਲਿਆਂ ਸਦਕਾ ਦੇਸ ਭਰ ਵਿੱਚੋਂ ਸੂਬੇ ਦਾ ਨਾਮ ਰਿਹਾ। ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ ਦਾ ਨੰਬਰ ਇਕ ਸੂਬਾ ਬਣਾਉਣ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਪੈਦਾ ਕਰਨ ਲਈ ਮੁੱਖ ਮੰਤਰੀ ਜਿਨ੍ਹਾਂ ਕੋਲ ਖੇਡ ਮਹਿਕਮਾ ਵੀ ਹੈ, ਵੱਲੋਂ ਸਾਲ 2023 ਵਿੱਚ ਬਣਾਈ ਨਵੀਂ ਖੇਡ ਨੀਤੀ ਨੂੰ ਜਮੀਨੀ ਪੱਧਰ ਉਤੇ ਲਾਗੂ ਕਰਨ ਨਾਲ ਸਾਲ 2024 ਵਿੱਚ ਇਸ ਨੀਤੀ ਦੇ ਸਾਰਥਿਕ ਸਿੱਟੇ ਸਾਹਮਣੇ ਆਏ ।

ਪੈਰਿਸ ਓਲੰਪਿਕਸ ਵਿੱਚ ਭਾਰਤ ਦੇ ਕੁੱਲ 100 ਖਿਡਾਰੀਆਂ ਵਿੱਚੋਂ 19 ਇਕੱਲੇ ਪੰਜਾਬ ਦੇ ਸਨ। ਇਨ੍ਹਾਂ ਵਿੱਚ 10 ਹਾਕੀ ਖਿਡਾਰੀ, ਛੇ ਨਿਸਾਨੇਬਾਜੀ, ਦੋ ਅਥਲੈਟਿਕਸ ਤੇ ਇਕ ਗੌਲਫ ਦੇ ਸਨ। ਇਸ ਤੋਂ ਇਲਾਵਾ ਤਿੰਨ ਪੰਜਾਬੀ ਖਿਡਾਰੀਆਂ ਨੇ ਪੈਰਿਸ ਪੈਰਾਲੰਪਿਕਸ ਵਿੱਚ ਹਿੱਸਾ ਲਿਆ ਜਿਨ੍ਹਾਂ ਵਿੱਚ ਇਕ ਪੈਰਾ ਅਥਲੀਟ, ਇਕ ਪੈਰਾ ਬੈਡਮਿੰਟਨ ਖਿਡਾਰਨ ਤੇ ਇਕ ਪੈਰਾ ਪਾਵਰ ਲਿਫਟਰ ਸਨ। ਨਵੀਂ ਖੇਡ ਨੀਤੀ ਤਹਿਤ 22 ਖਿਡਾਰੀਆਂ ਨੂੰ ਤਿਆਰੀ ਲਈ 15 ਲੱਖ ਰੁਪਏ ਪ੍ਰਤੀ ਖਿਡਾਰੀ ਦੇ ਹਿਸਾਬ ਨਾਲ ਕੁੱਲ 3.30 ਕਰੋੜ ਰੁਪਏ ਦਿੱਤੇ ਗਏ।

ਸਾਲ 2024 ਦੀ ਪੈਰਿਸ ਓਲੰਪਿਕਸ ਵਿੱਚ ਇਤਿਹਾਸ ਰਚਦਿਆਂ ਭਾਰਤੀ ਹਾਕੀ ਟੀਮ ਨੇ ਕਾਂਸੀ ਦਾ ਮੈਡਲ ਜਿੱਤਿਆ। ਇਸ ਵਿੱਚ 8 ਖਿਡਾਰੀ ਪੰਜਾਬ ਦੇ ਸਨ। ਮੁੱਖ ਮੰਤਰੀ ਨੇ ਪੰਜਾਬ ਦਾ ਨਾਮ ਰੌਸ਼ਨ ਕਰਨ ਵਾਲੇ ਇਨ੍ਹਾਂ ਖਿਡਾਰੀਆਂ ਨੂੰ ਪ੍ਰਤੀ ਖਿਡਾਰੀ ਇਕ ਕਰੋੜ ਰੁਪਏ ਦੇ ਇਨਾਮ ਦੇ ਹਿਸਾਬ ਨਾਲ ਕੁੱਲ 8 ਕਰੋੜ ਦੀ ਰਾਸੀ ਨਾਲ ਸਨਮਾਨਿਤ ਕੀਤਾ। ਦੋ ਪੰਜਾਬੀ ਹਾਕੀ ਖਿਡਾਰੀ ਰਿਜਰਵ ਸਨ ਜਿਨ੍ਹਾਂ ਨੂੰ 15-15 ਲੱਖ ਰੁਪਏ ਦਿੱਤੇ। ਇਸ ਤੋਂ ਇਲਾਵਾ ਓਲੰਪਿਕ ਵਿੱਚ ਹਿੱਸਾ ਲੈਣ ਵਾਲੇ ਬਾਕੀ 9 ਖਿਡਾਰੀ ਤੇ ਤਿੰਨ ਪੈਰਾ ਖਿਡਾਰੀਆਂ ਨੂੰ ਵੀ ਹਿੱਸਾ ਲੈਣ ਲਈ 15 ਲੱਖ ਰੁਪਏ ਪ੍ਰਤੀ ਖਿਡਾਰੀ ਨਾਲ ਸਨਮਾਨਿਤ ਕੀਤਾ ।ਇਸ ਤਰ੍ਹਾਂ ਪੈਰਿਸ ਓਲੰਪਿਕਸ ਤੇ ਪੈਰਾਲੰਪਿਕਸ ਦੇ ਕੁੱਲ 22 ਪੰਜਾਬੀ ਖਿਡਾਰੀਆਂ ਨੂੰ ਤਿਆਰੀ, ਇਨਾਮ ਅਤੇ ਹਿੱਸਾ ਲੈਣ ਦੀ ਰਾਸੀ ਮਿਲਾ ਕੇ ਕੁੱਲ 13.10 ਕਰੋੜ ਰੁਪਏ ਦੀ ਰਾਸੀ ਵੰਡੀ ਗਈ। ਪੈਰਿਸ ਓਲੰਪਿਕ ਵਿੱਚ ਭਾਰਤੀ ਟੀਮ ਦਾ ਕਪਤਾਨ ਹਰਮਨਪ੍ਰੀਤ ਸਿੰਘ 10 ਗੋਲਾਂ ਨਾਲ ਓਲੰਪਿਕਸ ਦਾ ਟਾਪ ਸਕੋਰਰ ਵੀ ਬਣਿਆ ਜਿਸ ਨੇ ਪੰਜਾਬੀਆਂ ਦਾ ਨਾਮ ਦੁਨੀਆ ਭਰ ਵਿੱਚ ਚਮਕਾਇਆ।

ਪੰਜਾਬ ਦੇ 11 ਨਾਮੀਂ ਖਿਡਾਰੀਆਂ ਨੂੰ ਪੀ.ਸੀ.ਐਸ. ਤੇ ਡੀ.ਐਸ.ਪੀ. ਦੀਆਂ ਨੌਕਰੀਆਂ ਦਿੱਤੀਆਂ। ਇਨ੍ਹਾਂ ਵਿੱਚ 9 ਹਾਕੀ ਖਿਡਾਰੀਆਂ ਵਿੱਚੋਂ ਚਾਰ ਖਿਡਾਰੀਆਂ ਹਾਰਦਿਕ ਸਿੰਘ, ਰੁਪਿੰਦਰ ਪਾਲ ਸਿੰਘ, ਸਿਮਰਨਜੀਤ ਸਿੰਘ ਤੇ ਗੁਰਜੰਟ ਸਿੰਘ ਨੂੰ ਪੀ.ਸੀ.ਐਸ. ਅਤੇ ਪੰਜ ਹਾਕੀ ਖਿਡਾਰੀਆਂ ਹਰਮਨਪ੍ਰੀਤ ਸਿੰਘ, ਮਨਦੀਪ ਸਿੰਘ, ਦਿਲਪ੍ਰੀਤ ਸਿੰਘ, ਸਮਸੇਰ ਸਿੰਘ ਤੇ ਵਰੁਣ ਕੁਮਾਰ ਅਤੇ ਇੱਕ ਅਥਲੀਟ ਤੇਜਿੰਦਰ ਪਾਲ ਸਿੰਘ ਤੂਰ ਤੇ ਇੱਕ ਕ੍ਰਿਕਟਰ ਹਰਮਨਪ੍ਰੀਤ ਕੌਰ ਨੂੰ ਡੀ.ਐਸ.ਪੀ. ਲਗਾਇਆ ਗਿਆ।

ਮੁੱਖ ਮੰਤਰੀ ਨੇ ਖੇਡਾਂ ਨੂੰ ਹੋਰ ਪ੍ਰਫੁੱਲਤ ਕਰਨ ਲਈ ਸਾਲ 2023 ਵਿੱਚ ਨਵੀਂ ਖੇਡ ਨੀਤੀ ਲਾਗੂ ਕੀਤੀ। ਇਸ ਨੀਤੀ ਤਹਿਤ ਬਿਹਤਰ ਕੋਚਿੰਗ, ਖੇਡ ਸਮਾਨ ਅਤੇ ਰਿਫਰੈਸਮੈਂਟ ਵਾਲੀਆਂ ਕਲੱਸਟਰ ਪੱਧਰ ਦੀਆਂ 1000 ਖੇਡ ਨਰਸਰੀਆਂ ਸਥਾਪਤ ਕੀਤੀਆਂ ਜਾਣੀਆਂ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਪਹਿਲੀ ਵਾਰ 'ਖੇਡਾਂ ਵਤਨ ਪੰਜਾਬ ਦੀਆਂ' ਦੀ ਸੁਰੂਆਤ ਕੀਤੀ ਗਈ ਤਾਂ ਕਿ ਉੱਭਰਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦਾ ਮੌਕਾ ਦਿੱਤਾ ਜਾ ਸਕੇ। ਸਾਲ 2024 ਵਿੱਚ 'ਖੇਡਾਂ ਵਤਨ ਪੰਜਾਬ ਦੀਆਂ' ਦਾ ਤੀਜਾ ਸੀਜਨ ਸਫਲਤਾਪੂਰਵਕ ਕਰਵਾਇਆ ਗਿਆ ਜਿਸ ਵਿੱਚ ਪੰਜ ਲੱਖ ਦੇ ਕਰੀਬ ਖਿਡਾਰੀਆਂ ਨੇ 37 ਖੇਡਾਂ ਦੇ 9 ਉਮਰ ਵਰਗਾਂ ਵਿੱਚ ਹਿੱਸਾ ਲਿਆ। ਮੁੱਖ ਮੰਤਰੀ ਨੇ ਪਹਿਲੀ ਵਾਰ ਪੈਰਾ ਖੇਡਾਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ' ਦਾ ਹਿੱਸਾ ਬਣਾਇਆ ਗਿਆ ਹੈ ਤਾਂ ਕਿ ਹਰੇਕ ਖਿਡਾਰੀ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲ ਸਕੇ।

## ਬਿਜਲੀ ਖੇਤਰ ਚ ਅੱਗੇ ਵੱਧਦਾ ਪੰਜਾਬ

ਸਾਲ 2024 ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੀ.ਵੀ.ਕੇ ਪਾਵਰ ਤੋਂ ਗੋਇੰਦਵਾਲ ਪਾਵਰ ਪਲਾਂਟ ਨੂੰ 1080 ਕਰੋੜ ਰੁਪਏ ਦੀ ਲਾਗਤ ਨਾਲ ਖਰੀਦਣ ਦੇ ਇਤਿਹਾਸਕ ਕਦਮ ਨਾਲ ਹੋਈ। ਭਾਰਤ ਵਿੱਚ ਇੱਕ ਸੂਬ ਸਰਕਾਰ ਦੁਆਰਾ ਇੱਕ ਪ੍ਰਾਈਵੇਟ ਪਾਵਰ ਪਲਾਂਟ ਖਰੀਦਣ ਦੀ ਇਹ ਪਹਿਲੀ ਘਟਨਾ ਹੈ। ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖੇ ਗਏ ਇਸ ਥਰਮਲ ਪਲਾਂਟ ਦਾ ਲੋਡ ਫੈਕਟਰ ਇਸ ਸਾਲ ਦੌਰਾਨ 35 ਪ੍ਰਤੀਸ਼ਤ ਤੋਂ ਵਧਾ ਕੇ 77 ਪ੍ਰਤੀਸ਼ਤ ਕਰ ਦਿੱਤਾ ਗਿਆ, ਜਿਸ ਨਾਲ ਇਸਦੀ ਬਿਜਲੀ ਉਤਪਾਦਨ ਸਮਰੱਥਾ ਦੁੱਗਣੀ ਹੋ ਗਈ। ਇਹ 540 ਮੈਗਾਵਾਟ ਥਰਮਲ ਪਲਾਂਟ 2 ਕਰੋੜ ਪ੍ਰਤੀ ਮੈਗਾਵਾਟ ਦੀ ਕਿਫ਼ਾਇਤੀ ਦਰ 'ਤੇ ਪ੍ਰਾਪਤ ਕੀਤਾ ਗਿਆ, ਜਿਸ ਨਾਲ ਰਾਜ ਨੂੰ ਸਾਲਾਨਾ 350 ਕਰੋੜ ਰੁਪਏ ਤੋਂ ਵੱਧ ਦੀ ਬੱਚਤ ਹੋਣ ਦਾ ਅਨੁਮਾਨ ਹੈ।

ਇਹ ਪ੍ਰਗਟਾਵਾ ਪੰਜਾਬ ਦੇ ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਦਸੰਬਰ 2022 ਤੋਂ ਸ਼ੁਰੂ ਕੀਤੀ ਗਈ ਪਛਵਾੜਾ ਕੋਲਾ ਖਾਨ ਸੂਬੇ ਦੇ ਥਰਮਲ ਪਲਾਂਟਾਂ ਨੂੰ ਕੋਲੇ ਦੀ ਸਪਲਾਈ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ। ਉਨ੍ਹਾਂ ਕਿਹਾ ਕਿ 1 ਅਪ੍ਰੈਲ, 2024 ਤੋਂ 1277 ਰੇਕਾਂ ਰਾਹੀਂ ਇਸ ਖਾਣ ਤੋਂ ਕੁੱਲ 50.84 ਲੱਖ ਮੀਟ੍ਰਿਕ ਟਨ ਕੋਲੇ ਦੀ ਪ੍ਰਾਪਤੀ ਹੋਈ, ਜਿਸਦੀ ਲਾਗਤ ਕੋਲ ਇੰਡੀਆ ਲਿਮਟਿਡ ਨਾਲੋਂ 11 ਕਰੋੜ ਪ੍ਰਤੀ 1 ਲੱਖ ਮੀਟ੍ਰਿਕ ਟਨ ਸਸਤਾ ਹੈ। ਇਸ ਦੇ ਨਤੀਜੇ ਵਜੋਂ ਸੂਬੇ ਨੂੰ ਇਸ ਵਿੱਤੀ ਸਾਲ ਦੌਰਾਨ 593 ਰੁਪਏ ਦੀ ਬੱਚਤ ਹੋਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਠੋਸ ਯਤਨਾਂ ਨਾਲ ਦਸੰਬਰ 2022 ਵਿੱਚ ਸ਼ੁਰੂ ਹੋਈ ਇਸ ਖਾਣ ਤੋਂ ਹੁਣ ਤੱਕ 93.87 ਲੱਖ ਮੀਟ੍ਰਿਕ ਟਨ ਕੋਲਾ ਪ੍ਰਾਪਤ ਕੀਤਾ ਗਿਆ ਹੈ ਜਿਸ ਨਾਲ ਕੁੱਲ 1000 ਕਰੋੜ ਰੁਪਏ ਦੀ ਬਚਤ ਹੋਈ ਹੈ।

"ਟਿਕਾਊ ਊਰਜਾ ਪ੍ਰਤੀ ਆਪਣੀ ਵਚਨਬੱਧਤਾ ਦੇ ਅਨੁਸਾਰ, ਪੰਜਾਬ ਸਰਕਾਰ ਨੇ ਸਾਫ਼ ਊਰਜਾ ਵਿੱਚ ਮਹੱਤਵਪੂਰਨ ਨਿਵੇਸ਼ ਕੀਤਾ ਹੈ। 1 ਅਪ੍ਰੈਲ ਤੋਂ 30 ਨਵੰਬਰ 2024 ਤੱਕ, ਵਿਭਾਗ ਨੇ 2.52 ਅਤੇ ਰੁ. 2.53 ਪ੍ਰਤੀ ਯੂਨਿਟ ਰੁਪਏ ਦੀਆਂ ਔਸਤ ਦਰਾਂ 'ਤੇ 1454 ਮੈਗਾਵਾਟ ਸੂਰਜੀ ਊਰਜਾ ਲਈ ਖਰੀਦ ਸਮਝੌਤੇ 'ਤੇ ਹਸਤਾਖਰ ਕੀਤੇ। ਮਾਰਚ 2022 ਵਿੱਚ ਸਤਾ ਸੰਭਾਲਣ ਤੋਂ ਬਾਅਦ, ਸਰਕਾਰ ਨੇ 3704 ਮੈਗਾਵਾਟ ਸੂਰਜੀ ਊਰਜਾ ਲਈ ਸਮਝੌਤੇ ਕੀਤੇ ਹਨ, ਜਿਨ੍ਹਾਂ ਦੀ ਔਸਤ ਦਰਾ 2.33 ਰੁਪਏ ਤੋਂ 2.76 ਰੁਪਏ ਪ੍ਰਤੀ ਯੂਨਿਟ ਹੈ", ਕਹਿੰਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਇਸ ਤੋਂ ਇਲਾਵਾ ਰਾਜ ਭਰ ਵਿੱਚ 430 ਮੈਗਾਵਾਟ ਰੂਫਟਾਪ ਸੋਲਰ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ 900 ਮੈਗਾਵਾਟ ਹਾਈਬ੍ਰਿਡ ਪਾਵਰ (ਸੂਰਜੀ ਅਤੇ ਪੌਣ ਊਰਜਾ) ਲਈ ਵੀ 3.22 ਰੁਪਏ ਤੋਂ 3.28 ਰੁਪਏ ਪ੍ਰਤੀ ਯੂਨਿਟ ਔਸਤ ਦਰ ਨਾਲ ਸਮਝੌਤੇ ਸਹੀਬੱਧ ਕੀਤੇ ਹਨ।

ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਸਦਕਾ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਘਰੇਲੂ ਖਪਤਕਾਰਾਂ ਨੂੰ ਹਰ ਦੋ ਮਹੀਨਿਆਂ ਲਈ 600 ਯੂਨਿਟ ਮੁਫ਼ਤ ਬਿਜਲੀ (ਜਾਂ 300 ਯੂਨਿਟ ਪ੍ਰਤੀ ਮਹੀਨਾ) ਸਫਲਤਾਪੂਰਵਕ ਮੁਹੱਈਆ ਕਰਵਾਈ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ 90 ਫੀਸਦੀ ਘਰੇਲੂ ਖਪਤਕਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਪ੍ਰਾਪਤ ਹੋਏ ਹਨ।

ਬਿਜਲੀ ਦੀ ਵਧਦੀ ਮੰਗ ਨੂੰ ਪੂਰਾ ਕਰਨ ਅਤੇ ਵੰਡ ਨੂੰ ਬਿਹਤਰ ਬਣਾਉਣ ਲਈ ਕੀਤੀਆਂ ਪਹਿਲਕਦਮੀਆਂ ਦਾ ਖੁਲਾਸਾ ਕਰਦੇ ਹੋਏ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਨੈਸ਼ਨਲ ਗਰਿੱਡ ਤੋਂ ਬਿਜਲੀ ਪ੍ਰਾਪਤ ਕਰਨ ਲਈ ਸਾਲ 2024 ਵਿੱਚ ਟਰਾਂਸਮਿਸ਼ਨ ਸਮਰੱਥਾ ਨੂੰ 9000 ਮੈਗਾਵਾਟ ਤੋਂ ਵਧਾ ਕੇ 9800 ਮੈਗਾਵਾਟ ਕੀਤਾ ਗਿਆ, ਜੋ ਕਿ 2022 ਵਿੱਚ 7100 ਮੈਗਾਵਾਟ ਦੀ ਸਮਰੱਥਾ ਦੇ ਮੁਕਾਬਲੇ ਇੱਕ ਮਹੱਤਵਪੂਰਨ ਵਾਧਾ ਹੈ। ਸੂਬਾ ਸਰਕਾਰ ਵੱਲੋਂ 5 ਨਵੇਂ 66 ਕੇਵੀ ਸਬ-ਸਟੇਸ਼ਨ ਚਾਲੂ ਕੀਤੇ ਗਏ ਅਤੇ 14 ਪਾਵਰ ਟਰਾਂਸਫਾਰਮਰਾਂ ਦੀ ਸਮਰੱਥਾ ਦਾ ਵਿਸਤਾਰ ਕਰਕੇ 66 ਕੇਵੀ ਟਰਾਂਸਮਿਸ਼ਨ ਵਿੱਚ 780 ਮੈਗਾਵਾਟ ਦਾ ਵਾਧਾ ਕੀਤਾ ਗਿਆ। ਇਸ ਦੇ ਨਾਲ ਹੀ 27 ਕਿਲੋਮੀਟਰ ਲੰਬੀਆਂ 66 ਕੇਵੀ ਟਰਾਂਸਮਿਸ਼ਨ ਲਾਈਨਾਂ ਨੂੰ ਜੋੜਿਆ ਗਿਆ ਅਤੇ 400 ਕੇਵੀ, 220 ਕੇਵੀ ਜਾਂ 132 ਕੇਵੀ ਦੇ 28 ਪਾਵਰ ਟਰਾਂਸਫਾਰਮਰਾਂ ਦੀ ਸਮਰੱਥਾ ਵਧਾਈ ਗਈ ਜਾਂ ਨਵੇਂ ਟਰਾਂਸਫਾਰਮਰ ਲਗਾਏ ਗਏ, ਜਿਸ ਨਾਲ ਇਸ ਟਰਾਂਸਮਿਸ਼ਨ ਸਮਰੱਥਾ ਵਿੱਚ ਕੁੱਲ 2591 ਐਮਵੀਏ ਦਾ ਵਾਧਾ ਹੋਇਆ। ਉਨ੍ਹਾਂ ਦੱਸਿਆ ਕਿ 400 ਕੇਵੀ, 220 ਕੇਵੀ ਜਾਂ 132 ਕੇਵੀ ਸਬ-ਸਟੇਸ਼ਨਾਂ ਨਾਲ 131 ਸਰਕਟ ਕਿਲੋਮੀਟਰ ਟਰਾਂਸਮਿਸ਼ਨ ਲਾਈਨਾਂ ਨੂੰ ਜੋੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਰੋਪੜ ਵਿੱਚ ਇੱਕ ਨਵਾਂ 400 ਕੇਵੀ ਸਬ-ਸਟੇਸ਼ਨ ਚਾਲੂ ਕੀਤਾ ਗਿਆ ਹੈ ਅਤੇ ਗੁਰਦਾਸਪੁਰ ਵਿੱਚ 132 ਕੇਵੀ ਸਬ-ਸਟੇਸ਼ਨ ਨੂੰ 220 ਕੇਵੀ ਸਮਰੱਥਾ ਤੱਕ ਅੱਪਗਰੇਡ ਕੀਤਾ ਗਿਆ ਹੈ।

ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਬਿਜਲੀ ਵਿਭਾਗ ਦੇ ਇਨ੍ਹਾਂ ਯਤਨਾਂ ਦਾ ਹੀ ਫਲ ਹੈ ਕਿ 29 ਜੂਨ, 2024 ਨੂੰ 16058 ਮੈਗਾਵਾਟ ਦੀ ਬਿਜਲੀ ਦੀ ਵੱਧ ਤੋਂ ਵੱਧ ਮੰਗ ਪੂਰੀ ਕੀਤੀ ਅਤੇ ਉਦਯੋਗਿਕ, ਰਿਹਾਇਸ਼ੀ ਜਾਂ ਵਪਾਰਕ ਖੇਤਰਾਂ 'ਤੇ ਬਿਜਲੀ ਕੱਟ ਲਗਾਏ ਬਿਨਾਂ ਹੀ ਖੇਤੀਬਾੜੀ ਖੇਤਰ ਨੂੰ 8 ਘੰਟੇ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਗਈ।

ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਬਿਜਲੀ ਵਿਭਾਗ ਦੀ ਮਨੁੱਖੀ ਸ਼ਕਤੀ ਨੂੰ ਮਜ਼ਬੂਤ ਕਰਨ ਲਈ ਇਸ ਦੇ ਵਿਕਾਸਸ਼ੀਲ ਬੁਨਿਆਦੀ ਢਾਂਚੇ ਦੀ ਬਿਹਤਰ ਵਰਤੋਂ ਯਕੀਨੀ ਬਣਾਉਣ ਲਈ ਵਿਭਾਗ ਵੱਲੋਂ ਮਾਰਚ 2022 ਤੋਂ ਲੈ ਕੇ ਹੁਣ ਤੱਕ ਪੀ.ਐੱਸ.ਪੀ.ਸੀ.ਐੱਲ. ਅਤੇ ਪੀ.ਐੱਸ.ਟੀ.ਸੀ. ਐੱਲ. ਵਿੱਚ ਕੁੱਲ 6498 ਅਸਾਮੀਆਂ ਵਿਰੁੱਧ ਭਰਤੀਆਂ ਕੀਤੀਆਂ ਗਈਆਂ।

ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਬਿਜਲੀ ਵੰਡ ਢਾਂਚੇ ਵਿੱਚ ਹੋਰ ਸੁਧਾਰ ਕਰਨ ਲਈ ਰੀਵੈਮਪਡ ਡਿਸਟ੍ਰੀਬਿਊਸ਼ਨ ਸੈਕਟਰ ਸਕੀਮ (ਆਰ.ਡੀ,ਐਸ,ਐਸ) ਤਹਿਤ 9,563 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ, ਜਿਸ ਵਿੱਚੋਂ 60 ਫੀਸਦੀ ਗ੍ਰਾਂਟ ਭਾਰਤ ਸਰਕਾਰ ਤੋਂ ਪ੍ਰਾਪਤ ਕੀਤੀ ਜਾਵੇਗੀ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਬਿਜਲੀ ਵਿਭਾਗ ਪੰਜਾਬ ਦੇ ਲੋਕਾਂ ਨੂੰ ਬਿਹਤਰ ਅਤੇ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਂਦੇ ਹੋਏ ਨਵੇਂ ਮੀਲਪੱਥਰ ਸਥਾਪਤ ਕਰਦਾ ਰਹੇਗਾ।

## ਪੰਜਾਬ ਦੇ ਬਾਗਬਾਨੀ ਖੇਤਰ ਨੇ ਨਵੀਆਂ ਬੁਲੰਦੀਆਂ ਨੂੰ ਛੂਹਿਆਂ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਬਾਗਬਾਨੀ ਖੇਤਰ ਦੇ ਵਿਸਥਾਰ ਅਤੇ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਦੀ ਅਗਵਾਈ ਹੇਠ ਬਾਗਬਾਨੀ ਵਿਭਾਗ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਪਣਾਉਣ ਲਈ ਪੂਰੀ ਸਹਾਇਤਾ ਪ੍ਰਦਾਨ ਕਰ ਰਿਹਾ ਹੈ ਅਤੇ ਬਾਗ਼ਬਾਨੀ ਦੇ ਵਿਕਾਸ ਲਈ ਵਿਭਾਗ ਨੇ ਸਾਲ 2024 ਵਿੱਚ ਵੱਖ-ਵੱਖ ਪਹਿਲਕਦਮੀਆਂ ਕੀਤੀਆਂ।

ਮੰਤਰੀ ਸ੍ਰੀ ਭਗਤ ਨੇ ਪੇਂਡੂ ਸਸ਼ਕਤੀਕਰਨ ਅਤੇ ਖੇਤੀ ਨਵੀਨਤਾ ਲਈ ਸਰਕਾਰ ਦੀਆ ਮਹੱਤਵਪੂਰਨ ਪ੍ਰਾਪਤੀਆਂ ਨੂੰ ਉਜਾਗਰ ਕੀਤਾ। ਉਹਨਾਂ ਦੱਸਿਆ ਕਿ ਪੰਜਾਬ ਨੇ ਖੇਤੀ ਦੇ ਵਿਕਾਸ ਲਈ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏ.ਆਈ.ਐਫ.) ਤਹਿਤ 19,408 ਪ੍ਰੋਜੈਕਟਾਂ ਅਤੇ 4,478 ਕਰੋੜ ਰੁਪਏ ਦੇ ਮਿਆਦੀ ਕਰਜ਼ੇ ਮਨਜ਼ੂਰ ਕਰਕੇ ਦੇਸ਼ ਭਰ ਵਿੱਚ ਪਹਿਲਾ ਸਥਾਨ

ਹਾਸਲ ਕੀਤਾ ਹੈ।

ਸ੍ਰੀ ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਫ਼ਸਲੀ ਵਿਭਿੰਨਤਾ 'ਤੇ ਜ਼ੋਰ ਦੇਣ ਸਦਕਾ ਬਾਗਬਾਨੀ ਖੇਤਰ ਅਧੀਨ ਰਕਬਾ 4,39,210 ਤੋਂ ਵਧ ਕੇ 4,81,616 ਹੈਕਟੇਅਰ ਹੋ ਗਿਆ ਹੈ।

ਮੰਤਰੀ ਨੇ ਕਿਹਾ ਕਿ ਸਕੌਚ ਨੈਸ਼ਨਲ ਅਵਾਰਡ 2024 ਵਿੱਚ ਪੰਜਾਬ ਨੇ ਮਾਨਤਾ ਹਾਸਲ ਕੀਤੀ ਹੈ, ਜਿਸ ਵਿੱਚ ਸੂਬੇ ਨੇ ਰੇਸ਼ਮ ਦੀ ਖੇਤੀ ਪ੍ਰੋਜੈਕਟ, ਮਹਿਲਾ ਸਸ਼ਕਤੀਕਰਨ ਅਤੇ ਰੇਸ਼ਮ ਦੀ ਖੇਤੀ ਰਾਹੀਂ ਸਮਾਜਿਕ-ਆਰਥਿਕ ਵਿਕਾਸ ਲਈ ਚਾਂਦੀ ਦਾ ਤਗ਼ਮਾ ਜਿੱਤਿਆ ਹੈ।

ਉਹਨਾਂ ਦੱਸਿਆ ਕਿ ਪੰਜਾਬ ਨੇ ਉਪ-ਪਹਾੜੀ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਤੋਂ ਇੰਗਲੈਂਡ (ਯੂ.ਕੇ.) ਨੂੰ ਲੀਚੀ ਬਰਾਮਦ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਸਥਾਪਿਤ ਕੀਤਾ ਹੈ। ਬਾਗਬਾਨੀ ਵਿਭਾਗ ਦੁਆਰਾ ਖੇਤੀਬਾੜੀ ਅਤੇ ਪ੍ਰੋਸੈਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਟੀ (ਏ.ਪੀ.ਈ.ਡੀ.ਏ.) ਦੇ ਸਹਿਯੋਗ ਨਾਲ ਹਾਸਲ ਕੀਤੀ ਇਹ ਸ਼ਾਨਦਾਰ ਪ੍ਰਾਪਤੀ, ਵਿਸ਼ਵ ਪੱਧਰ 'ਤੇ ਬਾਗਬਾਨੀ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਲਈ ਸੂਬੇ ਦੇ ਯਤਨਾਂ ਨੂੰ ਦਰਸਾਉਂਦੀ ਹੈ।

ਉਨ੍ਹਾਂ ਕਿਹਾ ਕਿ 3,250 ਹੈਕਟੇਅਰ ਵਿੱਚ ਫੈਲੀ ਲੀਚੀ ਦੀ ਖੇਤੀ ਅਤੇ ਲਗਭਗ 13,000 ਮੀਟ੍ਰਿਕ ਟਨ ਸਾਲਾਨਾ ਪੈਦਾਵਾਰ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ ਅਤੇ ਭਵਿੱਖ ਵਿੱਚ ਨਿਰਯਾਤ ਲਈ ਨਵੇਂ ਰਾਹ ਖੁੱਲਣਗੇ।

ਕਿਸਾਨਾਂ ਦੀ ਮਦਦ ਕਰਨ ਅਤੇ ਖੇਤੀ ਵਿੱਚ ਸੁਧਾਰ ਵਾਸਤੇ ਪੰਜਾਬ ਵਿੱਚ ਤਿੰਨ ਨਵੇਂ ਬਾਗਬਾਨੀ ਅਸਟੇਟ ਸਥਾਪਿਤ ਕੀਤੇ ਗਏ ਹਨ। ਇਨ੍ਹਾਂ ਨਵੇ ਅਸਟੇਟਾਂ ਵਿੱਚ ਅੰਮ੍ਰਿਤਸਰ ਵਿੱਚ ਪੀਅਰ ਅਸਟੇਟ, ਪਟਿਆਲਾ ਵਿੱਚ ਗੁਆਵਾ ਅਸਟੇਟ ਅਤੇ ਪਠਾਨਕੋਟ ਵਿੱਚ ਲੀਚੀ ਅਸਟੇਟ ਸ਼ਾਮਲ ਹਨ।

ਰਾਸ਼ਟਰੀ ਬਾਗਬਾਨੀ ਮਿਸ਼ਨ ਤਹਿਤ ਕਿਸਾਨਾਂ ਨੂੰ ਵੱਖ-ਵੱਖ ਕੰਮਾਂ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਵਿੱਚ ਨਵੇਂ ਬਾਗ ਲਗਾਉਣ, ਸਬਜ਼ੀਆਂ ਅਤੇ ਫੁੱਲਾਂ ਦੀ ਕਾਸ਼ਤ, ਖੁੰਬਾਂ ਦੀ ਖੇਤੀ, ਮਧੂ ਮੱਖੀ ਪਾਲਣ, ਸੁਰੱਖਿਅਤ ਖੇਤੀ ਵਿਧੀਆਂ ਅਪਣਾਉਣ ਅਤੇ ਵਾਢੀ ਤੋਂ ਬਾਅਦ ਪ੍ਰਬੰਧਨ ਕਰਨਾ ਸ਼ਾਮਲ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਬਜ਼ੀਆਂ ਅਤੇ ਫਲਾਂ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਲਈ ਕਈ ਸੈਂਟਰ ਆਫ਼ ਐਕਸੀਲੈਂਸ ਸਥਾਪਤ ਕੀਤੇ ਗਏ ਹਨ। ਇਨ੍ਹਾਂ ਵਿੱਚ ਕਰਤਾਰਪੁਰ, ਜਲੰਧਰ ਵਿੱਚ ਸੈਂਟਰ ਆਫ਼ ਐਕਸੀਲੈਂਸ ਫ਼ਾਰ ਵੈਜੀਟੇਬਲਜ਼; ਬੀੜ ਚਾੜਿਕ, ਮੋਗਾ ਵਿੱਚ ਹਾਈ-ਟੈਕ ਵੈਜੀਟੇਬਲ ਸੀਡ ਸੈਂਟਰ; ਖਨੌਰਾ, ਹੁਸ਼ਿਆਰਪੁਰ ਵਿੱਚ ਸੈਂਟਰ ਆਫ਼ ਐਕਸੀਲੈਂਸ ਫ਼ਾਰ ਫਰੂਟਸ (ਨਿੰਬੂ); ਧੋਗੜੀ, ਜਲੰਧਰ ਵਿੱਚ ਸੈਂਟਰ ਆਫ਼ ਐਕਸੀਲੈਂਸ ਫ਼ਾਰ ਪੋਟੇਟੋ ਅਤੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਖੇੜੀ ਵਿਖੇ ਸੈਂਟਰ ਆਫ਼ ਐਕਸੀਲੈਂਸ ਫ਼ਾਰ ਅਨਿਅਨ ਸਥਾਪਿਤ ਕੀਤੇ ਗਏ ਹਨ।

ਮੰਤਰੀ ਨੇ ਰੇਸ਼ਮ ਦੀ ਖੇਤੀ ਵਿੱਚ ਸ਼ਾਨਦਾਰ ਪ੍ਰਗਤੀ ਸਾਂਝੀ ਕਰਦੇ ਹੋਏ ਦੱਸਿਆ ਕਿ ਕੋਕੂਨ ਦੀ ਕੀਮਤ 550 ਰੁਪਏ ਤੋਂ ਵੱਧ ਕੇ 1,250 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਈ ਹੈ। ਇਹ ਵਾਧਾ ਕਿਸਾਨਾਂ, ਵਿਸ਼ੇਸ਼ ਤੌਰ 'ਤੇ ਔਰਤਾਂ, ਜਿਹਨਾਂ ਦਾ ਇਸ ਸੈਕਟਰ ਵਿੱਚ 60 ਫ਼ੀਸਦ ਤੋਂ ਵੱਧ ਯੋਗਦਾਨ ਹੈ, ਲਈ ਬਿਹਤਰ ਕਮਾਈ ਨੂੰ ਯਕੀਨੀ ਬਣਾਉਂਦਾ ਹੈ।

ਬੁਨਿਆਦੀ ਢਾਂਚੇ ਦੇ ਵਿਕਾਸ ਬਾਰੇ ਮੰਤਰੀ ਸ੍ਰੀ ਭਗਤ ਨੇ ਦੱਸਿਆ ਕਿ ਕੋਕੂਨ ਦਾ ਸਾਲਾਨਾ ਉਤਪਾਦਨ 29,000 ਕਿਲੋਗ੍ਰਾਮ ਤੱਕ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਵੈ-ਨਿਰਭਰਤਾ ਅਤੇ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਨੂੰ ਮਾਮੂਲੀ ਕੀਮਤਾਂ 'ਤੇ ਉੱਚ ਗੁਣਵੱਤਾ ਵਾਲੇ ਰੇਸ਼ਮ ਦੇ ਬੀਜ ਮੁਹੱਈਆ ਕਰਵਾਉਣ ਲਈ ਡਲਹੌਜ਼ੀ ਵਿੱਚ ਰੇਸ਼ਮ ਬੀਜ ਉਤਪਾਦਨ ਕੇਂਦਰ ਨੂੰ ਮੁੜ ਸਰਗਰਮ ਕਰ ਦਿੱਤਾ ਹੈ।

ਸ੍ਰੀ ਭਗਤ ਨੇ ਚੰਡੀਗੜ੍ਹ ਵਿੱਚ ਆਯੋਜਿਤ ਹੋਏ ਸਿਲਕ ਮਾਰਕ ਐਕਸਪੋ 2024 ਦੇ ਉਦਘਾਟਨ ਨੂੰ ਵੀ ਉਜਾਗਰ ਕੀਤਾ, ਜਿਸ ਵਿੱਚ ਰੇਸ਼ਮ ਦੀ ਕਾਰੀਗਰੀ ਦਾ ਪ੍ਰਦਰਸ਼ਨ ਕੀਤਾ ਗਿਆ ਜਿਸ ਨਾਲ ਰੇਸ਼ਮ ਦੇ ਵਪਾਰ ਨੂੰ ਵੱਡਾ ਹੁਲਾਰਾ ਮਿਲਿਆ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਨਾ ਸਿਰਫ਼ ਖੇਤਰੀ ਕਾਰੀਗਰਾਂ ਅਤੇ ਵਪਾਰੀਆਂ ਨੂੰ ਉਤਸ਼ਾਹਿਤ ਕਰਦੇ ਹਨ, ਸਗੋਂ ਰੇਸ਼ਮ ਦੀ ਖੇਤੀ ਅਤੇ ਬਾਗਬਾਨੀ ਰਾਹੀਂ ਪੇਂਡੂ ਭਾਈਚਾਰਿਆਂ ਨੂੰ ਉੱਚਾ ਚੁੱਕਣ ਵਿੱਚ ਪੰਜਾਬ ਦੀ ਅਹਿਮ ਭੂਮਿਕਾ ਨੂੰ ਵੀ ਦਰਸਾਉਂਦੇ ਹਨ।

ਸ੍ਰੀ ਭਗਤ ਨੇ ਰੇਸ਼ਮ ਦੇ ਖੇਤਰ ਵਿੱਚ ਸੁਨਹਿਰੀ ਭਵਿੱਖ ਲਈ ਪੰਜਾਬ ਸਿਲਕ ਬ੍ਰਾਂਡ ਸਥਾਪਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਸਿਲਕ ਰੀਲਿੰਗ ਯੂਨਿਟ ਸਥਾਪਤ ਕਰਨ ਸਬੰਧੀ ਯੋਜਨਾਵਾਂ ਵੀ ਸਾਂਝੀਆਂ ਕੀਤੀਆਂ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਰੇਸ਼ਮ ਦੀ ਖੇਤੀ ਦਾ ਵਿਸਥਾਰ ਕਰਨ, ਪੇਂਡੂ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਅਤੇ ਪੰਜਾਬ ਦੇ ਬਾਗਬਾਨੀ ਅਤੇ ਰੇਸ਼ਮ ਦੀ ਖੇਤੀ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਉਣ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ।

## ਮੁੱਖ ਮੰਤਰੀ ਦੇ ਯਤਨਾਂ ਸਦਕਾ ਹੋਰ ਮਜ਼ਬੂਤ ਹੋਇਆ ਸਹਿਕਾਰੀ ਅਦਾਰਾ 'ਮਿਲਕਫੈੱਡ'

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਸਾਲ 2024 ਵਿੱਚ ਦੁੱਧ ਉਤਪਾਦਕਾਂ ਨੂੰ ਵੱਧ ਭਾਅ ਦੇਣ, ਵੇਰਕਾ ਪਲਾਂਟਾਂ ਦਾ ਵਿਸਥਾਰ ਕਰਨ ਅਤੇ ਨਵੇਂ ਉਤਪਾਦ ਲਾਂਚ ਕਰਕੇ ਸਹਿਕਾਰੀ ਅਦਾਰੇ 'ਮਿਲਕਫੈੱਡ' ਨੂੰ ਹੋਰ ਮਜ਼ਬੂਤ ਕੀਤਾ ਹੈ।

ਮੁੱਖ ਮੰਤਰੀ ਜਿਨ੍ਹਾਂ ਕੋਲ ਸਹਿਕਾਰਤਾ ਮਹਿਕਮਾ ਵੀ ਹੈ, ਨੇ ਕਿਸਾਨਾਂ ਨੂੰ ਖੇਤੀ ਸਹਾਇਕ ਕਿੱਤਿਆਂ ਨਾਲ ਜੋੜਨ ਲਈ ਮਿਲਕਫੈੱਡ ਨੂੰ ਵਿਸ਼ੇਸ਼ ਤੌਰ ਉਤੇ ਵੱਡੇ ਪ੍ਰਾਜੈਕਟ ਦਿੱਤੇ ਹਨ ਤਾਂ ਕਿ ਦੁੱਧ ਦੇ ਧੰਦੇ ਨੂੰ ਮੁਨਾਫੇ ਵਾਲਾ ਬਣਾਇਆ ਜਾ ਸਕੇ।

ਮੁੱਖ ਮੰਤਰੀ ਨੇ ਦੁੱਧ ਉਤਪਾਦਕਾਂ ਦੀ ਸਹਾਇਤਾ ਲਈ ਇਕ ਅਪ੍ਰੈਲ ਤੋਂ 31 ਅਕਤੂਬਰ, 2024 ਤੱਕ ਦੁੱਧ ਦੀ ਖਰੀਦ ਕੀਮਤ ਵਿੱਚ 25 ਰੁਪਏ ਪ੍ਰਤੀ ਕਿਲੋ ਫੈਟ ਦਾ ਵਾਧਾ ਕੀਤਾ ਅਤੇ ਦੁੱਧ ਦੀ ਖਰੀਦ 840 ਰੁਪਏ ਪ੍ਰਤੀ ਕਿਲੋ ਫੈਟ ਦੇ ਮੁਤਾਬਕ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਸੂਬੇ ਵਿੱਚ 6000 ਤੋਂ ਵੱਧ ਦੁੱਧ ਉਤਪਾਦਕ ਸਹਿਕਾਰੀ ਸਭਾਵਾਂ ਹਨ ਜਿਨ੍ਹਾਂ ਕੋਲ 5 ਲੱਖ ਦੁੱਧ ਉਤਪਾਦਕ ਰਜਿਸਟਰਡ ਹਨ।

ਮੁੱਖ ਮੰਤਰੀ ਨੇ ਵੇਰਕਾ ਡੇਅਰੀ ਲੁਧਿਆਣਾ ਵਿਖੇ ਨਵਾਂ ਪਲਾਂਟ ਲੋਕਾਂ ਨੂੰ ਸਮਰਪਿਤ ਕੀਤਾ ਜਿਸ ਦੀ ਦੁੱਧ ਦੀ ਪ੍ਰੋਸੈਸਿੰਗ ਕਰਨ ਦੀ ਰੋਜ਼ਾਨਾ ਸਮਰੱਥਾ 9 ਲੱਖ ਲਿਟਰ ਹੈ ਅਤੇ ਇਹ ਪਲਾਂਟ 10 ਮੀਟ੍ਰਿਕ ਟਨ ਮੱਖਣ ਸੰਭਾਲਣ ਦੀ ਸਮਰੱਥਾ ਵੀ ਰੱਖਦਾ ਹੈ। ਇਸੇ ਤਰ੍ਹਾਂ ਫਿਰੋਜ਼ਪੁਰ ਵਿਖੇ ਵੇਰਕਾ ਡੇਅਰੀ ਪਲਾਂਟ

ਵੀ ਮੁੱਖ ਮੰਤਰੀ ਨੇ ਲੋਕਾਂ ਨੂੰ ਸਮਰਪਿਤ ਕੀਤਾ ਜੋ ਇਕ ਦਿਨ ਵਿੱਚ ਇਕ ਲੱਖ ਲਿਟਰ ਦੁੱਧ ਦੀ ਪ੍ਰੋਸੈਸਿੰਗ ਤੇ ਪੈਕਿਜਿੰਗ ਕਰਨ ਦੀ ਸਮਰੱਥਾ ਹੈ। ਇਸ ਤੋਂ ਇਲਾਵਾ ਦੁੱਧ ਤੋਂ ਬਣਨ ਵਾਲੇ ਪਦਾਰਥਾਂ ਦੇ ਯੂਨਿਟਾਂ ਦਾ ਵਿਸਥਾਰ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਨੇ ਜਲੰਧਰ ਵਿਖੇ ਵੇਰਕਾ ਡੇਅਰੀ ਪਲਾਂਟ ਵਿੱਚ 1.25 ਲੱਖ ਲਿਟਰ ਪ੍ਰਤੀ ਦਿਨ (ਐਲ.ਐਲ.ਪੀ.ਡੀ.) ਦੀ ਸਮਰੱਥਾ ਵਾਲੇ ਫਰਮੈਂਟਡ ਉਤਪਾਦਾਂ (ਦਹੀ ਤੇ ਲੱਸੀ) ਦੀ ਪ੍ਰੋਸੈਸਿੰਗ ਤੇ ਪੈਕੇਜਿੰਗ ਲਈ ਨਵੇਂ ਆਟੋਮੈਟਿਕ ਯੂਨਿਟ ਦਾ ਉਦਘਾਟਨ ਕੀਤਾ।

ਮਿਲਕਫੈੱਡ ਨੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਪਿੰਡਾਂ ਵਿੱਚ ਦੁੱਧ ਦੀ ਖਰੀਦ ਤੇ ਸਪਲਾਈ ਲਈ ਅਤਿ ਆਧੁਨਿਕ ਬੁਨਿਆਦੀ ਢਾਂਚੇ ਦੀ ਸਥਾਪਨਾ ਕੀਤੀ ਹੈ। ਵਿੱਤੀ ਵਰ੍ਹੇ ਸਾਲ 2023-24 ਵਿੱਚ ਮਿਲਕਫੈੱਡ ਨੇ ਪ੍ਰਤੀ ਦਿਨ 20.01 ਲੱਖ ਲੀਟਰ ਦੁੱਧ ਦੀ ਖਰੀਦ ਕੀਤੀ ਹੈ ਜੋ ਕਿ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਤਾਬਲੇ 9.4 ਫੀਸਦੀ ਵੱਧ ਹੈ। ਇਸ ਸਮੇਂ ਦੌਰਾਨ ਸਹਿਕਾਰੀ ਅਦਾਰੇ ਨੇ ਸਖ਼ਤ ਮੁਕਾਬਲੇ ਦੇ ਬਾਵਜੂਦ ਪ੍ਰਤੀ ਦਿਨ 12.66 ਲੱਖ ਲਿਟਰ ਪੈਕੇਟ ਵਾਲਾ ਦੁੱਧ ਵੇਚਿਆ ਜਦਕਿ ਬੀਤੇ ਸਾਲ ਇਸ ਦੀ ਵਿਕਰੀ 12.01 ਲੱਖ ਲਿਟਰ ਸੀ ਜਿਸ ਨਾਲ 5 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਸਾਲ 2024 ਵਿੱਚ ਮਿਲਕਫੈੱਡ ਨੇ ਲੋਕਾਂ ਦੀ ਮੰਗ ਦੇ ਮੁਤਾਬਕ ਪਹਿਲੀ ਵਾਰ ਬਿਨਾ ਸ਼ੂਗਰ ਵਾਲੀ ਖੀਰ ਅਤੇ ਮਿਲਕਕੇਕ ਅਤੇ ਹੋਰ ਉਤਪਾਦਾਂ ਦੀ ਵਿਕਰੀ ਸ਼ੁਰੂ ਕੀਤੀ।

## ਸਹਿਕਾਰੀ ਬੈਂਕਾਂ ਵੱਲੋਂ ਓ.ਟੀ.ਐਸ. ਸਕੀਮ ਤਹਿਤ ਡਿਫਾਲਟਰਾਂ ਨੂੰ 368 ਕਰੋੜ ਰੁਪਏ ਦੀ ਕਰਜ਼ਾ ਰਾਹਤ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਸਾਲ 2024 ਵਿੱਚ ਸਹਿਕਾਰੀ ਬੈਂਕਾਂ ਦੇ ਡਿਫਾਲਟਰ ਕਰਜ਼ਦਾਰਾਂ ਨੂੰ ਕਰਜ਼ਾ ਰਾਹਤ ਪ੍ਰਦਾਨ ਕਰਨ, ਬੈਂਕਾਂ ਨੂੰ ਅਪਗ੍ਰੇਡ ਕਰਨ, ਭੰਡਾਰਨ ਦੀ ਸਮੱਸਿਆ ਨਾਲ ਨਜਿੱਠਣ ਲਈ ਨਵੇਂ ਗੋਦਾਮਾਂ ਦਾ ਨਿਰਮਾਣ ਕਰਨ ਦੇ ਨਾਲ-ਨਾਲ ਸਹਿਕਾਰਤਾ ਲਹਿਰ ਨੂੰ ਹੋਰ ਮਜ਼ਬੂਤ ਕਰਨ ਲਈ ਵੱਖ-ਵੱਖ ਉਪਰਾਲੇ ਕੀਤੇ ਹਨ।

ਮੁੱਖ ਮੰਤਰੀ ਜਿਨ੍ਹਾਂ ਕੋਲ ਸਹਿਕਾਰਤਾ ਮਹਿਕਮਾ ਵੀ ਹੈ, ਨੇ ਕੇਂਦਰੀ ਸਹਿਕਾਰੀ ਬੈਂਕਾਂ ਦੇ ਡਿਫਾਲਟਰ ਕਰਜ਼ਦਾਰਾਂ ਨੂੰ ਰਾਹਤ ਦੇਣ ਲਈ ਸਾਲ 2023 ਵਿੱਚ ਯਕਮੁਸ਼ਤ ਨਿਪਟਾਰਾ ਸਕੀਮ (ਓ.ਟੀ.ਐਸ.) ਲਿਆਂਦੀ ਗਈ ਸੀ। ਇਸ ਸਕੀਮ ਤਹਿਤ ਵਿੱਤੀ ਸਾਲ 2024-25 ਦੌਰਾਨ ਹੁਣ ਤੱਕ 8453 ਡਿਫਾਲਟਰਾਂ ਨੂੰ 368 ਕਰੋੜ ਰੁਪਏ ਦੀ ਕਰਜ਼ਾ ਰਾਹਤ ਪ੍ਰਦਾਨ ਕੀਤੀ ਗਈ ਹੈ ਅਤੇ 150 ਕਰੋੜ ਰੁਪਏ ਦੇ ਕਰਜ਼ਿਆਂ ਦਾ ਨਿਪਟਾਰਾ ਕੀਤਾ ਗਿਆ ਹੈ। ਇਹ ਸਕੀਮ 28 ਫਰਵਰੀ, 2025 ਤੱਕ ਚੱਲੇਗੀ। ਜ਼ਿਕਰਯੋਗ ਹੈ ਕਿ ਸੂਬੇ ਵਿੱਚ 20 ਕੇਂਦਰੀ ਸਹਿਕਾਰੀ ਬੈਂਕਾਂ ਦੀਆਂ 803 ਸ਼ਾਖਾਵਾਂ ਨਾਲ 3523 ਪ੍ਰਾਇਮਰੀ ਖੇਤੀਬਾੜੀ ਸਭਾਵਾਂ ਜੁੜੀਆਂ ਹੋਈਆਂ ਹਨ। ਪੰਜਾਬ ਵਿੱਚ ਸਹਿਕਾਰੀ ਬੈਂਕਾਂ ਦੇ ਇਸ ਵਿਸ਼ਾਲ ਨੈੱਟਵਰਕ ਰਾਹੀਂ 10.45 ਲੱਖ ਤੋਂ ਵੱਧ ਕਿਸਾਨਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਬੈਂਕਾਂ ਦੇ ਗਾਹਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਪੰਜਾਬ ਰਾਜ ਸਹਿਕਾਰੀ ਬੈਂਕ ਅਤੇ ਕੇਂਦਰੀ ਸਹਿਕਾਰੀ ਬੈਂਕਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ ਜਿਸ ਉਪਰ 160 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸ ਪ੍ਰਾਜੈਕਟ ਨੂੰ 30 ਜੂਨ, 2025 ਤੱਕ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸੂਬੇ ਵਿੱਚ ਭੰਡਾਰਨ ਦੀ ਸਮੱਸਿਆ ਨਾਲ ਨਜਿੱਠਣ ਲਈ ਮਾਰਕਫੈੱਡ ਵੱਲੋਂ 44910 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ ਗੋਦਾਮਾਂ ਦਾ ਨਿਰਮਾਣ ਪ੍ਰਾਜੈਕਟ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਾਲ 2024 ਵਿੱਚ ਤਿੰਨ ਥਾਵਾਂ ਉਤੇ 25810 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ ਗੋਦਾਮਾਂ ਦੀ ਉਸਾਰੀ ਸ਼ੁਰੂ ਵੀ ਕੀਤਾ ਜਾ ਚੁੱਕੀ ਹੈ ਜੋ 30 ਨਵੰਬਰ, 2025 ਨੂੰ ਮੁਕੰਮਲ ਹੋ ਜਾਵੇਗੀ। ਇਸ ਪ੍ਰਾਜੈਕਟ ਹੇਠ 19100 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ 4 ਗੋਦਾਮਾਂ ਦਾ ਨਿਰਮਾਣ ਵੀ ਛੇਤੀ ਸ਼ੁਰੂ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਪਹਿਲੇ ਪੜਾਅ ਵਿੱਚ ਬਣਾਏ ਜਾਣ ਵਾਲੇ ਗੋਦਾਮਾਂ ਦੀ ਕੁੱਲ ਸਮਰੱਥਾ 1.24 ਲੱਖ ਮੀਟ੍ਰਿਕ ਟਨ ਸੀ ਜਿਸ ਵਿੱਚੋਂ 79000 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ ਗੋਦਾਮਾਂ ਦਾ ਨਿਰਮਾਣ ਕੀਤਾ ਜਾ ਚੁੱਕਾ ਹੈ ਜਦਕਿ ਬਾਕੀ 44910 ਮੀਟ੍ਰਿਕ ਟਨ ਦਾ ਕਾਰਜ ਇਸ ਸਾਲ ਸ਼ੁਰੂ ਹੋਇਆ ਹੈ।

ਮੁੱਖ ਮੰਤਰੀ ਵੱਲੋਂ ਪੰਜਾਬੀ ਸੱਭਿਆਚਾਰ ਦੀ ਪ੍ਰਤੀਕ 'ਫੁਲਕਾਰੀ' ਨੂੰ ਦੇਸ਼-ਵਿਦੇਸ਼ ਵਿੱਚ ਪਹੁੰਚਾਉਣ ਲਈ ਮਾਰਕਫੈੱਡ ਨੂੰ ਵਿਸ਼ੇਸ਼ ਉਪਰਾਲੇ ਕਰਨ ਦੇ ਆਦੇਸ਼ ਦਿੱਤੇ ਗਏ। ਮਾਰਕਫੈੱਡ ਵੱਲੋਂ ਨੈਸ਼ਨਲ ਇੰਸਟੀਚਿਊਟ ਆਫ ਫੈਸ਼ਨ ਡਿਜ਼ਾਈਨਿੰਗ (ਐਨ.ਆਈ.ਐਫ.ਡੀ.), ਨਵੀਂ ਦਿੱਲੀ ਦੇ ਸਹਿਯੋਗ ਨਾਲ 'ਫੁਲਕਾਰੀ' ਨੂੰ ਪ੍ਰਫੁੱਲਤ ਕਰਨ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਦੇ ਤਹਿਤ ਕਾਰੀਗਰਾਂ ਨੂੰ ਵਿਸ਼ੇਸ਼ ਸਿਖਲਾਈ ਵੀ ਦਿੱਤੀ ਜਾ ਰਹੀ ਹੈ। ਇਸ ਪ੍ਰਾਜੈਕਟ ਦਾ ਉਦੇਸ਼ ਸੂਬੇ ਦੀ ਪੁਰਾਤਨ ਤੇ ਰਵਾਇਤੀ ਫੁਲਕਾਰੀ ਕਲਾ ਦੀ ਵਿਲੱਖਣਤਾ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਕਾਰੀਗਰਾਂ ਦੀ ਆਮਦਨ ਵਧਾਉਣਾ ਤੇ ਗਾਹਕਾਂ ਨੂੰ ਵਾਜਬ ਮੁੱਲ ਉਤੇ ਉੱਤਮ ਕੁਆਲਿਟੀ ਪ੍ਰਦਾਨ ਕਰਨਾ ਹੈ।

## ਪੰਜਾਬ ਸਰਕਾਰ ਨੇ ਖੇਤੀਬਾੜੀ ਸੈਕਟਰ ਦੀ ਖੁਸ਼ਹਾਲੀ ਲਈ ਲਿਆਂਦੀਆਂ ਨਵੀਆਂ ਪਹਿਲਕਦਮੀਆਂ

ਖੇਤੀਬਾੜੀ ਸੈਕਟਰ ਨੂੰ ਹੋਰ ਖੁਸ਼ਹਾਲ ਬਣਾਉਣ ਅਤੇ ਸੂਬੇ ਦੇ ਮਿਹਨਤਕਸ਼ ਕਿਸਾਨਾਂ ਦੀ ਆਮਦਨ ਵਿੱਚ ਹੋਰ ਵਾਧਾ ਕਰਨ ਦੇ ਮਕਸਦ ਨਾਲ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਪਣਾਉਣ ਲਈ ਉਤਸ਼ਾਹਿਤ ਕਰਨ ਦੇ ਨਾਲ ਨਾਲ ਗੰਨੇ ਦੇ ਰੇਟ ਵਿੱਚ ਵਾਧਾ, ਹਾਈਬ੍ਰਿਡ ਮੱਕੀ ਦੇ ਬੀਜਾਂ 'ਤੇ ਸਬਸਿਡੀ, ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਲਈ ਵਿੱਤੀ ਸਹਾਇਤਾ, ਕਿਸਾਨਾਂ ਨੂੰ ਖੇਤੀ ਮੋਟਰਾਂ ਲਈ ਮੁਫ਼ਤ ਬਿਜਲੀ ਸਮੇਤ ਹੋਰ ਵੀ ਪਹਿਲਕਦਮੀਆਂ ਕੀਤੀਆਂ ਗਈਆਂ ਹਨ।

ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਵੱਲੋਂ ਦੇਸ਼ ਭਰ ਵਿੱਚੋਂ ਗੰਨੇ ਦਾ ਸਭ ਤੋਂ ਵੱਧ 401 ਰੁਪਏ ਪ੍ਰਤੀ ਕੁਇੰਟਲ ਰੇਟ ਦਿੱਤਾ ਜਾ ਰਿਹਾ ਹੈ। ਪੰਜਾਬ ਸਰਕਾਰ ਨੇ ਹਾਲ ਹੀ ਵਿੱਚ ਪਿੜਾਈ ਸੀਜ਼ਨ 2024-25 ਲਈ ਗੰਨੇ ਦੇ ਸਟੇਟ-ਐਗਰੀਡ ਪ੍ਰਾਈਜ਼ (ਐਸ.ਏ.ਪੀ.) ਵਿੱਚ 10 ਰੁਪਏ ਦਾ ਵਾਧਾ ਕੀਤਾ ਹੈ, ਜਿਸ ਨਾਲ ਇਹ ਰੇਟ 401 ਰੁਪਏ ਪ੍ਰਤੀ ਕੁਇੰਟਲ ਹੋ ਗਿਆ ਹੈ। ਪੰਜਾਬ ਸਰਕਾਰ ਨੇ ਸਹਿਕਾਰੀ ਖੰਡ ਮਿੱਲਾਂ ਦਾ ਪਿੜਾਈ ਸੀਜ਼ਨ 2023-24

ਲਈ ਸਾਰੀ ਅਦਾਇਗੀ ਕਲੀਅਰ ਕਰ ਦਿੱਤੀ ਹੈ। ਇਨ੍ਹਾਂ ਪਹਿਲਕਦਮੀਆਂ ਸਦਕਾ 2024-25 ਦੌਰਾਨ ਗੰਨੇ ਦੀ ਫਸਲ ਅਧੀਨ ਰਕਬੇ ਵਿੱਚ 5000 ਹੈਕਟੇਅਰ ਦਾ ਵਾਧਾ ਹੋਇਆ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ (ਡੀ.ਐਸ.ਆਰ.) ਤਕਨੀਕ ਅਪਣਾਉਣ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਦੀ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਸਰਕਾਰ ਦੇ ਇਸ ਉਪਰਾਲੇ ਨੂੰ ਕਿਸਾਨਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ। ਸਾਉਣੀ ਸੀਜ਼ਨ-2024 ਦੌਰਾਨ ਕੁੱਲ 2.53 ਲੱਖ ਏਕੜ ਰਕਬੇ ਵਿੱਚ ਡੀ.ਐਸ.ਆਰ. ਅਧੀਨ ਬਿਜਾਈ ਕੀਤੀ ਗਈ, ਜਦੋਂਕਿ ਸਾਉਣੀ ਸੀਜ਼ਨ-2023 ਦੌਰਾਨ 1.70 ਲੱਖ ਏਕੜ ਰਕਬੇ ਵਿੱਚ ਬਿਜਾਈ ਕੀਤੀ ਗਈ ਸੀ। ਇਸ ਅਨੁਸਾਰ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਡੀ.ਐਸ.ਆਰ. ਅਧੀਨ 48.8 ਫੀਸਦ ਰਕਬੇ ਦਾ ਵਾਧਾ ਹੋਇਆ ਹੈ। ਖੇਤੀਬਾੜੀ ਵਿਭਾਗ ਵੱਲੋਂ ਸਾਲ 2023 ਦੌਰਾਨ 17,112 ਕਿਸਾਨਾਂ ਨੂੰ 20.05 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਹੈ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਉਨ੍ਹਾਂ ਦੇ ਟਿਊਬਵੈੱਲਾਂ ਲਈ ਮੁਫਤ ਬਿਜਲੀ ਦੀ ਸਹੂਲਤ ਨੂੰ ਜਾਰੀ ਰੱਖਿਆ ਹੈ ਅਤੇ ਇਸ ਮੰਤਵ ਲਈ 2024-25 ਦੌਰਾਨ 9331 ਕਰੋੜ ਰੁਪਏ ਰੱਖੇ ਗਏ ਹਨ।

ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਦੀ ਫ਼ਸਲੀ ਵਿਭਿੰਨਤਾ ਮੁਹਿੰਮ ਨੂੰ ਵੱਡਾ ਹੁਲਾਰਾ ਮਿਲਿਆ ਹੈ ਕਿਉਂਕਿ ਪੰਜਾਬ ਵਿੱਚ ਬਾਸਮਤੀ ਦੀ ਕਾਸ਼ਤ ਅਧੀਨ ਰਕਬੇ ਵਿੱਚ ਘੱਟੋ-ਘੱਟ 14 ਫੀਸਦੀ ਵਾਧਾ ਹੋਇਆ ਹੈ। ਇਸ ਸਾਉਣੀ ਸੀਜ਼ਨ ਦੌਰਾਨ 6.80 ਲੱਖ ਹੈਕਟੇਅਰ ਰਕਬੇ ਵਿੱਚ ਬਾਸਮਤੀ ਦੀ ਬਿਜਾਈ ਕੀਤੀ ਗਈ, ਜੋ ਕਿ ਸਾਲ 2023 ਵਿੱਚ 5.96 ਲੱਖ ਹੈਕਟੇਅਰ ਸੀ। ਪੰਜਾਬ ਸਰਕਾਰ ਨੇ ਕਿਸਾਨਾਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਬਾਸਮਤੀ ਪੈਦਾ ਕਰਨ ਦੇ ਯੋਗ ਬਣਾਉਣ ਲਈ ਬਾਸਮਤੀ 'ਤੇ ਵਰਤੀਆਂ ਜਾਣ ਵਾਲੀਆਂ 10 ਕੀਟਨਾਸ਼ਕਾਂ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਉਹਨਾਂ ਦੱਸਿਆ ਕਿ ਐਗਰੀਕਲਚਰਲ ਐਂਡ ਪ੍ਰੋਸੈਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਟੀ (ਏ.ਪੀ.ਈ.ਡੀ.ਏ.) ਦੇ ਤਾਲਮੇਲ ਨਾਲ ਬਾਸਮਤੀ ਐਕਸਟੈਂਸ਼ਨ-ਰਿਸਰਚ ਸੈਂਟਰ ਅਤੇ ਰੈਜ਼ੀਡਿਊ ਟੈਸਟਿੰਗ ਲੈਬ ਦੀ ਸਥਾਪਨਾ ਕੀਤੀ ਜਾ ਰਹੀ ਹੈ, ਜਿਸ ਨਾਲ ਪੰਜਾਬ ਦੇ ਬਾਸਮਤੀ ਨਿਰਯਾਤ ਨੂੰ ਵੱਡਾ ਹੁਲਾਰਾ ਮਿਲੇਗਾ।

ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਸਾਉਣੀ ਸੀਜ਼ਨ-2024 ਦੌਰਾਨ ਮੱਕੀ ਦੀ ਕਾਸ਼ਤ ਅਧੀਨ ਰਕਬੇ ਵਿੱਚ ਪਿਛਲੇ ਸਾਲ ਦੇ 0.94 ਲੱਖ ਹੈਕਟੇਅਰ ਤੋਂ ਵਧਾ ਕੇ 0.98 ਲੱਖ ਹੈਕਟੇਅਰ ਕਰਨ ਵਿੱਚ ਵੀ ਸਫ਼ਲਤਾ ਹਾਸਲ ਕੀਤੀ ਹੈ। ਸੂਬਾ ਸਰਕਾਰ ਵੱਲੋਂ ਪੀ.ਏ.ਯੂ., ਲੁਧਿਆਣਾ ਵੱਲੋਂ ਪ੍ਰਮਾਣਿਤ ਅਤੇ ਸਿਫ਼ਾਰਸ਼ ਕੀਤੇ ਮੱਕੀ ਦੇ ਬੀਜਾਂ ਦੀਆਂ ਹਾਈਬ੍ਰਿਡ ਕਿਸਮਾਂ 'ਤੇ 100 ਰੁਪਏ ਪ੍ਰਤੀ ਕਿਲੋ ਦੇ ਹਿਸਾਬ ਨਾਲ ਸਬਸਿਡੀ ਮੁਹੱਈਆ ਕਰਵਾਈ ਗਈ ਹੈ ਅਤੇ ਇਸ ਮਕਸਦ ਲਈ 2.30 ਕਰੋੜ ਰੁਪਏ ਰਾਖਵੇਂ ਰੱਖੇ ਗਏ ਸਨ। ਉਹਨਾਂ ਦੱਸਿਆ ਕਿ ਸੂਬੇ ਵਿੱਚ 3500 ਹੈਕਟੇਅਰ ਰਕਬੇ ਵਿੱਚ ਮੱਕੀ ਦੀਆਂ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ, ਜਿਸ ਵਿੱਚ ਕਿਸਾਨਾਂ ਨੂੰ 6000/- ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮੱਕੀ ਦੇ ਬੀਜ ਅਤੇ ਹੋਰ ਸਮੱਗਰੀ ਜਿਵੇਂ ਕਿ ਖਾਦਾਂ, ਕੀਟਨਾਸ਼ਕਾਂ ਆਦਿ ਲਈ ਸਹਾਇਤਾ ਵਜੋਂ ਦਿੱਤੇ ਗਏ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਲਈ ਕਿਸਾਨ ਸਮੂਹਾਂ/ ਗ੍ਰਾਮ ਪੰਚਾਇਤਾਂ/ਐਫ.ਪੀ.ਓਜ਼ ਨੂੰ 80 ਫੀਸਦ ਸਬਸਿਡੀ ਅਤੇ ਕਿਸਾਨਾਂ ਨੂੰ 50 ਫੀਸਦ ਸਬਸਿਡੀ ਦਿੱਤੀ ਜਾ ਰਹੀ ਹੈ। ਵਿੱਤੀ ਸਾਲ 2024-25 ਦੌਰਾਨ ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ 16,000 ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ। ਇਸ ਦੇ ਨਤੀਜੇ ਵਜੋਂ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਦੀ ਗਿਣਤੀ ਇਸ ਸਾਲ 10,909 ਰਹਿ ਗਈਆਂ, ਜੋ ਸਾਲ 2023 ਦੌਰਾਨ 36,663 ਸਨ। ਇਸ ਤਰ੍ਹਾਂ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ 70 ਫੀਸਦ ਕਮੀ ਆਈ ਹੈ।

## ਪੰਜਾਬ ਸਰਕਾਰ ਨੇ ਸੈਨਿਕਾਂ ਦੀਆਂ ਕੁਰਬਾਨੀਆਂ ਦਾ ਸਨਮਾਨ ਕਰਨ ਅਤੇ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਚੁੱਕੇ ਅਨੇਕਾਂ ਕਦਮ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਾਲ 2024 ਦੌਰਾਨ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਅਨੇਕਾਂ ਕਦਮ ਚੁੱਕੇ ਹਨ। ਰੱਖਿਆ ਸੇਵਾਵਾਂ ਭਲਾਈ ਮੰਤਰੀ ਸ੍ਰੀ ਮੋਹਿੰਦਰ ਭਗਤ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਇਹ ਮਹੱਤਵਪੂਰਨ ਪਹਿਲਕਦਮੀਆਂ ਸਾਡੇ ਹਥਿਆਰਬੰਦ ਸੈਨਿਕਾਂ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ।

ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਵੱਲੋਂ ਸੈਨਿਕਾਂ ਦੀ ਭਲਾਈ ਲਈ ਕੀਤੇ ਅਨੇਕਾਂ ਸੁਧਾਰਾਂ ਅਤੇ ਨਵੀਆਂ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਲਿਊ ਸਟਾਰ ਤੋਂ ਪ੍ਰਭਾਵਿਤ ਧਰਮੀ ਫੌਜੀਆਂ ਲਈ ਮਹੀਨਾਵਾਰ ਗ੍ਰਾਂਟ ਨੂੰ 10,000 ਰੁਪਏ ਤੋਂ ਵਧਾ ਕੇ 12,000 ਰੁਪਏ ਪ੍ਰਤੀ ਮਹੀਨਾ ਕਰ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਸੂਬਾ ਸਰਕਾਰ ਦਾ ਇਹ ਮਹੱਤਵਪੂਰਨ ਫੈਸਲਾ ਪ੍ਰਭਾਵਿਤ ਪਰਿਵਾਰਾਂ ਲਈ ਵਿੱਤੀ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਸਮਰਪਿਤ ਭਾਵਨਾ ਨੂੰ ਦਰਸਾਉਂਦਾ ਹੈ।

ਮੰਤਰੀ ਸ੍ਰੀ ਭਗਤ ਨੇ ਦਿਵਿਆਂਗ ਸਿਪਾਹੀਆਂ ਲਈ ਦਿੱਤੇ ਸਮਰਥਨ ਨੂੰ ਉਜਾਗਰ ਕਰਦਿਆਂ ਕਿਹਾ ਕਿ ਆਪਣੀ ਡਿਊਟੀ ਦੌਰਾਨ ਜ਼ਖ਼ਮੀ ਹੋਏ ਸੈਨਿਕਾਂ ਲਈ ਐਕਸ-ਗ੍ਰੇਸ਼ੀਆ ਦੀ ਰਕਮ ਨੂੰ ਦੁੱਗਣਾ ਕਰ ਦਿੱਤਾ ਗਿਆ ਹੈ, ਹੁਣ ਦਿਵਿਆਂਗਤਾ ਦੇ ਆਧਾਰ ‘ਤੇ 10 ਲੱਖ ਰੁਪਏ ਤੋਂ ਲੈ ਕੇ 40 ਲੱਖ ਰੁਪਏ ਤੱਕ ਦਾ ਮੁਆਵਜ਼ਾ ਦਿੱਤਾ ਜਾ ਰਿਹਾ ਹੈ। ਇਹ ਉਨ੍ਹਾਂ ਸੈਨਿਕਾਂ ਪ੍ਰਤੀ ਸੂਬਾ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ ਜਿਨ੍ਹਾਂ ਨੇ ਬਹਾਦਰੀ ਅਤੇ ਸਮਰਪਣ ਨਾਲ ਦੇਸ਼ ਦੀ ਸੇਵਾ ਕੀਤੀ ਹੈ।

ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਵਾਰ ਜਗੀਰ ਸਕੀਮ ਬਾਰੇ ਬੋਲਦਿਆਂ ਕਿਹਾ ਕਿ ਇਸ ਸਕੀਮ ਅਧੀਨ ਲਾਭਪਾਤਰੀਆਂ ਦੀ ਸਾਲਾਨਾ ਵਿੱਤੀ ਸਹਾਇਤਾ ਨੂੰ 10,000 ਰੁਪਏ ਤੋਂ ਵਧਾ ਕੇ 20,000 ਰੁਪਏ ਕਰ ਦਿੱਤਾ ਗਿਆ ਹੈ। ਸਾਬਕਾ ਸੈਨਿਕਾਂ ਅਤੇ 65 ਸਾਲ ਤੋਂ ਵੱਧ ਉਮਰ ਦੀਆਂ ਉਨ੍ਹਾਂ ਦੀਆਂ ਵਿਧਵਾਵਾਂ ਲਈ ਵਿੱਤੀ ਸਹਾਇਤਾ ਨੂੰ ₹6,000 ਤੋਂ ਵਧਾ ਕੇ ₹10,000 ਪ੍ਰਤੀ ਮਹੀਨਾ ਕਰ ਦਿੱਤਾ ਗਿਆ ਹੈ ਤਾਂ ਕਿ ਸਾਡੇ ਬਜ਼ੁਰਗ

ਜੰਗੀ ਨਾਇਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਸਨਮਾਨਜਨਕ ਜੀਵਨ ਨੂੰ ਯਕੀਨੀ ਬਣਾਇਆ ਜਾ ਸਕੇ।

ਸ਼ਹੀਦਾਂ ਪ੍ਰਤੀ ਪੰਜਾਬ ਸਰਕਾਰ ਵੱਲੋਂ ਦਿੱਤੇ ਸਨਮਾਨ ਦੀ ਪੁਸ਼ਟੀ ਕਰਦਿਆਂ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਅੰਮ੍ਰਿਤਸਰ ਵਿੱਚ ਪੰਜਾਬ ਸਟੇਟ ਵਾਰ ਹੀਰੋਜ਼ ਮੈਮੋਰੀਅਲ ਵਿਖੇ ਕਰਵਾਏ ਇੱਕ ਸਮਾਰੋਹ ਵਿੱਚ ਆਪ੍ਰੇਸ਼ਨ ਵਿਜੈ ਦੌਰਾਨ ਕੁਰਬਾਨੀ ਦੇਣ ਵਾਲੇ 65 ਸੈਨਿਕਾਂ ਦੇ ਪਰਿਵਾਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ ਸ੍ਰੀਲੰਕਾ ਵਿੱਚ ਆਪ੍ਰੇਸ਼ਨ ਪਵਨ ਦੌਰਾਨ ਸ਼ਹੀਦ ਹੋਏ 114 ਸੈਨਿਕਾਂ ਨੂੰ ਸ਼ਰਧਾਂਜਲੀ ਦੇਣ ਲਈ ਲੁਧਿਆਣਾ ਦੇ ਵਾਰ ਮੈਮੋਰੀਅਲ ਵਿਖੇ ਇੱਕ ਹੋਰ ਵੱਡਾ ਸਮਾਗਮ ਕਰਵਾਇਆ ਗਿਆ।

ਮੰਤਰੀ ਨੇ ਦੱਸਿਆ ਕਿ ਪਿਛਲੇ ਸਾਲ 8 ਨਵੰਬਰ ਤੋਂ 7 ਦਸੰਬਰ ਤੱਕ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹੁੰਦੀ ਹੋਈ ਇੱਕ ਸਾਈਕਲ ਰੈਲੀ ਕੱਢੀ ਗਈ। ਇਕ ਮਹਿਨੇ ਤੱਕ ਚੱਲੀ ਇਹ ਰੈਲੀ ਚੰਡੀਗੜ੍ਹ ਦੇ ਵਾਰ ਮੈਮੋਰੀਅਲ ਵਿਖੇ ਸਮਾਪਤ ਹੋਈ ਜਿਥੇ ਸ਼ਹੀਦਾਂ ਅਤੇ ਸਾਬਕਾ ਸੈਨਿਕਾਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ ਜਿਸ ਨਾਲ ਸੂਬਾ ਵਾਸੀਆਂ ਵਿੱਚ ਮਾਣ ਅਤੇ ਏਕਤਾ ਦੀ ਭਾਵਨਾ ਪੈਦਾ ਹੋਈ।

ਵਿਭਾਗ ਵੱਲੋਂ ਰੋਜ਼ਗਾਰ ਲਈ ਕੀਤੇ ਅਹਿਮ ਉਪਰਾਲਿਆਂ ਨੂੰ ਉਜਾਗਰ ਕਰਦਿਆਂ ਸ੍ਰੀ ਭਗਤ ਨੇ ਦੱਸਿਆ ਕਿ ਆਨਰ 'ਤੇ ਗ੍ਰੈਟੀਚਿਊਟ ਪਾਲਿਸੀ ਤਹਿਤ ਸ਼ਹੀਦਾਂ ਦੇ 14 ਆਸ਼ਰਿਤਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। ਇਸ ਤੋਂ ਇਲਾਵਾ ਪੰਜਾਬ 'ਚ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਲਈ ਸਿੱਧੀ ਭਰਤੀ ਵਿੱਚ 13 ਫ਼ੀਸਦ ਰਾਖਵਾਂਕਰਨ ਦਿੱਤਾ ਗਿਆ ਹੈ ਅਤੇ ਦੋ ਸਾਲਾਂ ਵਿੱਚ 2,044 ਅਸਾਮੀਆਂ ਭਰੀਆਂ ਗਈਆਂ ਹਨ। ਸੂਬਾ ਸਰਕਾਰ ਦਾ ਇਹ ਕਦਮ ਸਾਡੇ ਸੈਨਿਕਾਂ ਦੇ ਪਰਿਵਾਰਾਂ ਦੀ ਭਲਾਈ ਲਈ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਇਸ ਤੋਂ ਇਲਾਵਾ ਮੰਤਰੀ ਨੇ ਦੱਸਿਆ ਕਿ ਗਰੁੱਪ ਬੀ ਅਤੇ ਸੀ ਦੇ ਮੁਲਾਜ਼ਮਾਂ ਲਈ ਨਵੇਂ ਸੇਵਾ ਨਿਯਮ ਤਿਆਰ ਕੀਤੇ ਗਏ ਸਨ, ਜਿਨ੍ਹਾਂ ਨੂੰ ਕੈਬਨਿਟ ਦੁਆਰਾ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ (ਪੀ.ਪੀ.ਐਸ.ਸੀ.) ਰਾਹੀਂ ਪੰਜ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰਾਂ ਦੀ ਭਰਤੀ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਪੈਨਸ਼ਨ ਦੀ ਵੰਡ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਉਣ ਲਈ 15 ਦਿਨਾਂ ਦਾ ਵਿਸ਼ੇਸ਼ ਸਪਰਸ਼ ਕੈਂਪ ਲਗਾਇਆ ਗਿਆ ਤਾਂ ਜੋ 1691 ਸਾਬਕਾ ਸੈਨਿਕਾਂ, ਵਿਧਵਾਵਾਂ ਅਤੇ ਆਸ਼ਰਿਤਾਂ ਨੂੰ ਉਨ੍ਹਾਂ ਦੇ ਲਾਈਫ਼ ਸਰਟੀਫਿਕੇਟ ਅਪਲੋਡ ਕਰਨ ਦੀ ਸਹੂਲਤ ਦਿੱਤੀ ਜਾ ਸਕੇ। ਇਸ ਤੋਂ ਇਲਾਵਾ ਭਲਾਈ ਸਕੀਮਾਂ ਦਾ ਇੱਕ ਵਿਆਪਕ ਕਿਤਾਬਚਾ ਪ੍ਰਕਾਸ਼ਿਤ ਕੀਤਾ ਗਿਆ ਅਤੇ ਲਾਭਪਾਤਰੀਆਂ ਵਿੱਚ ਵੰਡਿਆ ਗਿਆ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਸਹਾਇਤਾ ਅਤੇ ਸਕੀਮਾਂ ਬਾਰੇ ਚੰਗੀ ਤਰ੍ਹਾਂ ਜਾਣੂ ਕਰਵਾਇਆ ਜਾ ਸਕੇ।

## ਪੰਜਾਬ ਸਰਕਾਰ ਨੇ ਜੇਲ੍ਹ ਸੁਰੱਖਿਆ ਢਾਂਚੇ ਨੂੰ ਕੀਤਾ ਮਜ਼ਬੂਤ, ਕੈਦੀਆਂ ਦੇ ਮੁੜ-ਵਸੇਬੇ ਸਬੰਧੀ ਪਹਿਲਕਦਮੀਆਂ ਵਿੱਚ ਕੀਤਾ ਵਾਧਾ

ਪੰਜਾਬ ਦੇ ਜੇਲ੍ਹ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਨੇ ਜੇਲ੍ਹ ਵਿਭਾਗ ਵੱਲੋਂ ਸਾਲ 2024 ਦੌਰਾਨ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਅਤੇ ਕੈਦੀਆਂ ਦੇ ਮੁੜ-ਵਸੇਬੇ ਲਈ ਕੀਤੀਆਂ ਗਈਆਂ ਅਹਿਮ ਪਹਿਲਕਦਮੀਆਂ ਬਾਰੇ ਚਾਨਣਾ ਪਾਇਆ।

ਸੂਬੇ ਵਿੱਚ ਜੇਲ੍ਹਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਸ. ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੁਧਿਆਣਾ ਨੇੜੇ 50 ਏਕੜ ਰਕਬੇ ਵਿੱਚ 100 ਕਰੋੜ ਰੁਪਏ ਦੀ ਲਾਗਤ ਨਾਲ ਉੱਚ ਸੁਰੱਖਿਆ ਜੇਲ ਦੀ ਸਥਾਪਨਾ ਕੀਤੀ ਜਾ ਰਹੀ ਹੈ। ਇਸ ਜੇਲ੍ਹ ਦੇ ਮੁਕੰਮਲ ਹੋਣ ਉਪਰੰਤ ਇਥੇ 300 ਖਤਰਨਾਕ ਕੈਦੀਆਂ ਨੂੰ ਰੱਖਿਆ ਜਾਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਤਕਨਾਲੌਜੀ ਦੀ ਵਰਤੋਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਤਹਿਤ ਅੱਠ ਕੇਂਦਰੀ ਜੇਲ੍ਹਾਂ ਵਿੱਚ ਏ.ਆਈ ਆਧਾਰਤ ਸੀ.ਸੀ.ਟੀ.ਵੀ ਨਿਗਰਾਨੀ ਪ੍ਰਣਾਲੀ ਲਾਗੂ ਕੀਤੀ ਜਾ ਰਹੀ ਹੈ ਤਾਂ ਜੋ ਪਾਬੰਦੀਸ਼ੁਦਾ ਪਦਾਰਥਾਂ ਦੇ ਸੁੱਟੇ ਜਾਣ, ਕੰਧ ਟੱਪਣ ਅਤੇ ਅਣਅਧਿਕਾਰਤ ਮੋਬਾਈਲ ਵਰਤੋਂ ਦਾ ਪਤਾ ਲਗਾਇਆ ਜਾ ਸਕੇ। ਇਸ ਪ੍ਰਣਾਲੀ ਦਾ ਵਿਸਥਾਰ ਛੇ ਹੋਰ ਜੇਲ੍ਹਾਂ ਤੱਕ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਕੇਂਦਰੀ ਜੇਲ੍ਹ ਬਠਿੰਡਾ ਵਿੱਚ ਵੀ-ਕਵਚ ਜੈਮਰ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਉਪਰੰਤ 12 ਸੰਵੇਦਨਸ਼ੀਲ ਜੇਲ੍ਹਾਂ ਵਿੱਚ ਇਸ ਨੂੰ ਸਥਾਪਤ ਕੀਤੇ ਜਾਣ ਦੀ ਪ੍ਰਕਿਰਿਆ ਜਾਰੀ ਹੈ। ਉਨ੍ਹਾਂ ਦੱਸਿਆ ਕਿ ਬਠਿੰਡਾ ਜੇਲ੍ਹ ਵਿੱਚ ਸੁਰੱਖਿਆ ਲਈ ਇੱਕ ਵਾਧੂ ਸੀ.ਆਰ.ਪੀ.ਐਫ. ਕੰਪਨੀ ਵੀ ਤੈਨਾਤ ਕੀਤੀ ਗਈ ਹੈ।

ਜੇਲ੍ਹ ਮੰਤਰੀ ਨੇ ਦੱਸਿਆ ਕਿ ਅਣਅਧਿਕਾਰਤ ਮੋਬਾਈਲ ਵਰਤੋਂ ਰੋਕਣ ਦੇ ਨਾਲ-ਨਾਲ ਸੰਚਾਰ ਦੀਆਂ ਆਧੁਨਿਕ ਤਕਨੀਕਾਂ ਦੀ ਵਰਤੋਂ ਤਹਿਤ ਜੇਲ੍ਹਾਂ ਵਿੱਚ 750 ਤੋਂ ਵੱਧ ਕਾਲਿੰਗ ਸਿਸਟਮ ਸਥਾਪਤ ਕੀਤੇ ਜਾ ਰਹੇ ਹਨ ਤਾਂ ਜੋ ਕੈਦੀ ਆਪਣੇ ਪਰਿਵਾਰਾਂ ਅਤੇ ਵਕੀਲਾਂ ਨਾਲ ਗੱਲ ਕਰ ਸਕਣ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਸਾਰੀਆਂ 13 ਸੰਵੇਦਨਸ਼ੀਲ ਜੇਲ੍ਹਾਂ ਨੂੰ ਐਕਸ-ਰੇ ਬੈਗੇਜ ਸਕੈਨਰਾਂ ਨਾਲ ਲੈਸ ਕਰਨ ਸਣੇ ਉੱਚ ਸੁਰੱਖਿਆ ਵਾਲੇ ਜ਼ੋਨਾਂ, ਜਿੱਥੇ ਖਤਰਨਾਕ ਕੈਦੀ ਰੱਖੇ ਗਏ ਹਨ, ਵਿੱਚ ਸੀ.ਸੀ.ਟੀ.ਵੀ. ਕਵਰੇਜ ਸਥਾਪਤ ਕਰਨਾ ਵੀ ਪ੍ਰਕਿਰਿਆ ਅਧੀਨ ਹੈ।

ਉਨ੍ਹਾਂ ਦੱਸਿਆ ਕਿ ਅਕਤੂਬਰ 2023 ਤੋਂ ਕਾਰਜਸ਼ੀਲ ਕੀਤੇ ਗਏ ਨਵੇਂ ਖੋਜ, ਵਿਸ਼ਲੇਸ਼ਣ ਅਤੇ ਇੰਟੈਲੀਜੈਂਸ ਵਿੰਗ ਵੱਲੋਂ ਖੁਫੀਆ-ਆਧਾਰਤ ਕਾਰਵਾਈਆਂ ਅਤੇ ਕੈਦੀਆਂ ਦੇ ਵਿਹਾਰ ਦੇ ਵਿਸ਼ਲੇਸ਼ਣ ਰਾਹੀਂ ਅੰਦਰੂਨੀ ਸੁਰੱਖਿਆ ਨੂੰ ਮਜ਼ਬੂਤ ਜਾ ਰਿਹਾ ਹੈ।

ਕੈਦੀਆਂ ਦੇ ਮੁੜ-ਵਸੇਬੇ ਸਬੰਧੀ ਉਪਰਾਲਿਆਂ ਬਾਰੇ ਗੱਲ ਕਰਦਿਆਂ ਸ. ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ "ਸਿੱਖਿਆ ਦਾਤ ਪ੍ਰਾਜੈਕਟ" ਤਹਿਤ 2200 ਕੈਦੀ ਵਿਦਿਅਕ ਕੋਰਸ ਕਰ ਰਹੇ ਹਨ ਜਦੋਂ ਕਿ 513 ਕੈਦੀ ਇਸ ਸਾਲ ਦਸੰਬਰ ਵਿੱਚ ਸ਼ੁਰੂ ਹੋਣ ਵਾਲੇ ਇਲੈਕਟ੍ਰੀਕਲ ਵਰਕ, ਪਲੰਬਿੰਗ ਅਤੇ ਟੇਲਰਿੰਗ ਸਮੇਤ ਵੱਖ-ਵੱਖ ਹੁਨਰ ਵਿਕਾਸ ਪ੍ਰੋਗਰਾਮਾਂ ਵਿੱਚ ਰਜਿਸਟਰ ਕੀਤੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਨਾਭਾ ਅਤੇ ਫਾਜ਼ਿਲਕਾ ਵਿਖੇ ਦੋ ਨਵੇਂ ਪੈਟਰੋਲ ਪੰਪ ਸਥਾਪਿਤ ਕਰਕੇ ਆਪਣੀਆਂ ਵਪਾਰਕ ਪਹਿਲਕਦਮੀਆਂ ਦਾ ਵਿਸਤਾਰ ਵੀ ਕੀਤਾ ਗਿਆ ਹੈ ਅਤੇ ਮੌਜੂਦਾ ਸਮੇਂ ਪੈਟਰੋਲ ਪੰਪਾਂ ਦੀ ਕੁੱਲ ਗਿਣਤੀ ਅੱਠ ਹੋ ਗਈ ਹੈ।

# ਸੜਕ

# ਸੁਰੱ




ਖਿਆ

ਫੋਰਸ

# ਪੰਜਾਬੀ ਮਾਂ ਬੋਲੀ ਨੂੰ ਪ੍ਰਫੁੱਲਤ ਕਰੀਏ

ਮਾਤ ਭਾਸ਼ਾ ਉਹ ਭਾਸ਼ਾ ਹੈ ਜੋ ਸਾਨੂੰ ਆਪਣੀ ਮਾਤਾ ਤੋਂ ਜਨਮ ਤੋਂ ਹੀ ਵਿਰਸੇ ਵਿੱਚ ਮਿਲਦੀ ਹੈ ਜਿਸ ਨੂੰ ਅਸੀਂ ਆਪਣੇ ਤੋਂ ਵੱਖ ਨਹੀਂ ਕਰ ਸਕਦੇ ਇਸ ਰਾਹੀਂ ਸਾਨੂੰ ਜੋ ਵੀ ਜਾਣਕਾਰੀ ਮਿਲਦੀ ਹੈ ਉਹ ਸਾਡੇ ਧੁਰ ਅੰਦਰ ਤੱਕ ਵਸੀ ਹੁੰਦੀ ਹੈ। ਇਸ ਰਾਹੀਂ ਅਸੀਂ ਆਪਣੇ ਮਨ ਦੇ ਵਿਚਾਰ, ਸੁੱਖ- ਦੁੱਖ, ਮਨ ਦੇ ਵਲਵਲੇ ਬੜੀ ਹੀ ਸਹਿਜਤਾ ਨਾਲ ਇੱਕ ਦੂਜੇ ਅੱਗੇ ਰੱਖ ਸਕਦੇ ਹਾਂ। ਮਾਂ ਬੋਲੀ ਹੀ ਇਕ ਅਜਿਹੀ ਬੋਲੀ ਹੁੰਦੀ ਹੈ ਜੋ ਬਿਨਾਂ ਸਿੱਖੇ ਬੜੀ ਸਰਲ ਤਰੀਕੇ ਨਾਲ ਅਸੀਂ ਮਾਂ ਤੋਂ ਸਿੱਖ ਲੈਂਦੇ ਹਾਂ।ਜਦੋਂ ਬੱਚਾ ਹਾਲੇ ਪੂਰੀ ਸੋਝੀ ਵਿੱਚ ਨਹੀਂ ਹੁੰਦਾ ਤਾਂ ਮਾਂ ਆਪਣੀ ਜ਼ੁਬਾਨ ਵਿਚ, ਆਪਣੀ ਬੋਲੀ ਵਿੱਚ ਉਸ ਨੂੰ ਲਾਡ ਲਡਾਉਂਦੀ ਹੈ ਤਾਂ ਬੱਚਾ ਕੁਦਰਤੀ ਤੌਰ ਤੇ ਉਨ੍ਹਾਂ ਦਾ ਜਵਾਬ ਆਪਣੇ ਹਾਵਾਂ- ਭਾਵਾਂ ਨਾਲ ਦਿੰਦਾ ਹੈ ਉਸ ਵੇਲੇ ਬੱਚੇ ਨੂੰ ਬੋਲੀ ਬਾਰੇ ਕੋਈ ਗਿਆਨ ਨਹੀਂ ਹੁੰਦਾ ਪਰ ਫਿਰ ਵੀ ਉਹ ਮਾਂ ਦੀ ਗੱਲ ਸਮਝ ਰਿਹਾ ਹੁੰਦਾ ਹੈ ਇਸੇ ਲਈ ਕਿਹਾ ਜਾਂਦਾ ਹੈ ਬੋਲੀ ਇਨਸਾਨ ਦੀ ਪਛਾਣ ਹੈ ਆਪਣੇ ਖੇਤਰ ਦੀ ਪਹਿਚਾਣ ਹੈ।ਵਿਕਸਿਤ ਦੇਸ਼ਾਂ ਵਿੱਚ ਬੱਚਿਆਂ ਨੂੰ ਮੁੱਢਲੀ ਸਿੱਖਿਆ ਮਾਂ ਬੋਲੀ ਵਿੱਚ ਹੀ ਦਿੱਤੀ ਜਾਂਦੀ ਹੈ ਇਸ ਤੋਂ ਬਾਅਦ ਉਨ੍ਹਾਂ ਨੂੰ ਹੋਰ ਭਾਸ਼ਾਵਾਂ ਵੀ ਸਿਖਾਈਆਂ ਜਾਂਦੀਆਂ ਹਨ।ਜਿੰਨੇ ਵੀ ਮਹਾਨ ਲੋਕ ਹੋਏ ਹਨ ਉਨ੍ਹਾਂ ਨੇ ਆਪਣੇ ਵਿਚਾਰਾਂ ਦਾ ਪ੍ਰਗਟਾਵਾ ਮਾਂ ਬੋਲੀ ਵਿੱਚ ਹੀ ਕੀਤਾ ਹੈ।ਇਹ ਇੰਨੀ ਪਿਆਰੀ ਤੇ ਮਿੱਠੀ ਬੋਲੀ ਹੁੰਦੀ ਹੈ ਜਿਸ ਨਾਲ ਅਪਣੱਤ ਦਾ ਪ੍ਰਗਟਾਵਾ ਹੁੰਦਾ ਹੈ।ਅਰਸਤੂ ਨੇ ਕਿਹਾ ਸੀ ਆਪਣੀ ਭਾਸ਼ਾ ਦਾ ਹੋਣਾ ਅਤੇ ਇਸ ਵਿੱਚ ਗੱਲਬਾਤ ਕਰਨੀ ਮਨੁੱਖੀ ਮਾਣ ਦੀ ਨੀਂਹ ਹੈ।ਮਾਤ ਭਾਸ਼ਾ ਦੀ ਸ਼ਾਨ ਹੀ ਵੱਖਰੀ ਹੁੰਦੀ ਹੈ ਇਹ ਬੋਲ ਕੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਆਨੰਦ ਆਉਂਦਾ ਹੈ।ਜਦੋਂ ਤਕ ਪੌਦਾ ਆਪਣੀ ਜੜ੍ਹ ਨਾਲ ਜੁੜਿਆ ਰਹਿੰਦਾ ਹੈ ਉਦੋਂ ਤਕ ਉਸ ਵਿੱਚ ਜਾਨ ਰਹਿੰਦੀ ਹੈ ਤੇ ਖਿੜਿਆਂ ਤੇ ਹਰਿਆ-ਭਰਿਆ ਰਹਿੰਦਾ ਹੈ ਜਿਵੇਂ ਹੀ ਜੜ੍ਹ ਤੋਂ ਉੱਖੜਦਾ ਹੈ ਉਹ ਮੁਰਝਾ ਜਾਂਦਾ ਹੈ ਖ਼ਤਮ ਹੋ ਜਾਂਦਾ ਹੈ ਇਸੇ ਤਰ੍ਹਾਂ ਜਦੋਂ ਤਕ ਅਸੀਂ ਆਪਣੇ ਵਿਰਸੇ ਨਾਲ, ਸੱਭਿਆਚਾਰ ਨਾਲ ,ਆਪਣੀ ਮਾਂ ਬੋਲੀ ਨਾਲ ਜੁੜੇ ਰਹਿੰਦੇ ਹਾਂ ਸਾਡੀ ਹੋਂਦ ਕਾਇਮ ਰਹਿੰਦੀ ਹੈ ਇਨ੍ਹਾਂ ਤੋਂ ਟੁੱਟ ਕੇ ਸਾਡੀ ਹੋਂਦ ,ਸਾਡੀ ਪਛਾਣ ਖ਼ਤਮ ਹੋ ਜਾਂਦੀ ਹੈ।

ਯੂ. ਐਨ. ਓ. ਨੇ ਸਤਾਰਾਂ ਨਵੰਬਰ ਉਨੀ ਸੌ ਨੜਿੰਨਵੇ ਨੂੰ ਸਮੁੱਚੀ ਦੁਨੀਆਂ ਵਿੱਚ ਮਾਤ ਭਾਸ਼ਾ ਦਿਵਸ ਇੱਕੀ ਫਰਵਰੀ ਦਾ ਉਲੀਕਿਆ ਸੀ।ਇਸ ਦਾ ਮੁੱਢ ਬੰਗਲਾਦੇਸ਼ ਤੋਂ ਬੰਨ੍ਹਿਆ ਗਿਆ ਬੰਗਲਾ ਦੇਸ਼ ਸਾਡਾ ਗੁਆਂਢੀ ਮੁਲਕ ਹੈ ਉਸ ਸਮੇਂ ਪੂਰਬੀ ਤੇ ਪੱਛਮੀ ਪਾਕਿਸਤਾਨ ਹੁੰਦਾ ਸੀ ਪੂਰਬੀ ਪਾਕਿਸਤਾਨ ਵਿੱਚ ਇੱਕੋ ਹੀ ਭਾਸ਼ਾ ਉਰਦੂ ਨੈਸ਼ਨਲ ਭਾਸ਼ਾ ਹੁੰਦੀ ਸੀ ਪੂਰਬੀ ਪਾਕਿਸਤਾਨ ਵਿਚ ਸਾਰੇ ਬੰਗਾਲੀ ਰਹਿੰਦੇ ਸਨ ਤੇ ਉਨ੍ਹਾਂ ਦੀ ਮਾਤ ਭਾਸ਼ਾ ਬਾਂਗਲਾ ਹੈ। ਉਹ ਚਾਹੁੰਦੇ ਸਨ ਕਿ ਉਨ੍ਹਾਂ ਦੀ ਬਾਂਗਲਾ ਭਾਸ਼ਾ ਨੂੰ ਪਾਕਿਸਤਾਨ ਦੀ ਭਾਸ਼ਾ ਵਿੱਚ ਸ਼ਾਮਲ ਕੀਤਾ ਜਾਵੇ ਉਹ ਉਰਦੂ ਨੂੰ ਨੈਸ਼ਨਲ ਭਾਸ਼ਾ ਨਹੀਂ ਮੰਨਣਾ ਚਾਹੁੰਦੇ ਸਨ। ਉਹ ਚਾਹੁੰਦੇ ਸਨ ਕਿ ਬਾਂਗਲਾ ਵੀ ਇਕ ਨੈਸ਼ਨਲ ਭਾਸ਼ਾ ਹੋਵੇ ਜਿਸ ਕਾਰਨ ਉਨ੍ਹਾਂ ਨੂੰ ਬਹੁਤ ਸੰਘਰਸ਼ ਕਰਨਾ ਪਿਆ ਉੱਥੋਂ ਦੀਆਂ ਯੂਨੀਵਰਸਿਟੀਆਂ ਕਾਲਜਾਂ ਦੇ ਵਿਦਿਆਰਥੀਆਂ ਨੇ ਮੁਜ਼ਾਹਰੇ ਕੀਤੇ ਇੱਕੀ ਫਰਵਰੀ ਉਨੀ ਸੌ



ਬਵੰਜਾ ਨੂੰ ਪੁਲੀਸ ਨੇ ਉਨ੍ਹਾਂ ਤੇ ਗੋਲੀਆਂ ਵੀ ਚਲਾਈਆਂ ਕਈ ਵਿਦਿਆਰਥੀ ਸ਼ਹੀਦ ਹੋ ਗਏ ਇਸ ਲਈ ਯੂਨੈਸਕੋ ਨੇ ਇੱਕੀ ਫਰਵਰੀ ਦਾ ਦਿਨ ਸਮੁੱਚੀ ਦੁਨੀਆਂ ਵਿੱਚ ਮਾਤ ਭਾਸ਼ਾ ਦੇ ਤੌਰ ਤੇ ਮਨਾਏ ਜਾਣ ਦਾ ਫ਼ੈਸਲਾ ਕੀਤਾ ਵੈਨਕੂਵਰ ਵਿੱਚ ਇਕ ਵਿਅਕਤੀ ਰਫੀਕ ਉੱਲਾ ਜੋ ਬੰਗਲਾ ਦੇਸ਼ੀ ਸੀ ਜੋ ਵੈਨਕੂਵਰ ਵਿੱਚ ਰਹਿੰਦਾ ਸੀ ਉਸ ਨੇ ਉਨੀ ਸੌ ਅਠੱਨਵੇ ਨੂੰ ਯੂਨੈਸਕੋ ਦੇ ਜਨਰਲ ਸਕੱਤਰ ਕੌਫ਼ੀ ਅੰਨਾਨ ਨੂੰ ਇਕ ਚਿੱਠੀ ਲਿਖੀ ਕਿ ਮਾਤ ਭਾਸ਼ਾਵਾਂ ਨੂੰ ਮਹੱਤਤਾ ਦਿਉ ਕਿਉਂ ਕਿ ਮਾਤ ਭਾਸ਼ਾਵਾਂ ਖ਼ਤਮ ਹੋ ਰਹੀਆਂ ਹਨ ਇਨ੍ਹਾਂ ਨੂੰ ਮਨਾਉਣ ਲਈ ਕੋਈ ਦਿਨ ਹੋਣਾ ਚਾਹੀਦਾ ਹੈ ਕੌਫ਼ੀ ਅੰਨਾਨ ਨੂੰ ਇਹ ਗੱਲ ਚੰਗੀ ਲੱਗੀ ਉਸ ਨੇ ਯੂਨੈਸਕੋ ਵਿੱਚ ਮਤਾ ਰੱਖਿਆ ਉਹ ਪਾਸ ਹੋ ਗਿਆ ਦੋ ਹਜਾਰ ਅੱਠ ਵਿੱਚ ਜਨਰਲ ਅਸੈਂਬਲੀ ਵਿੱਚ ਇਹ ਭਾਸ਼ਾ ਦਿਵਸ ਦੇ ਤੌਰ ਤੇ ਮਨਾਇਆ ਗਿਆ ਫਿਰ ਕੌਮਾਂਤਰੀ ਤੌਰ ਤੇ ਇਸ ਨੂੰ ਮਾਨਤਾ ਮਿਲ ਗਈ ਇਹੀ ਕਾਰਨ ਹੈ ਕਿ ਦੁਨੀਆਂ ਵਿੱਚ ਹਰ ਕਿਧਰੇ ਇਸ ਦਿਨ ਨੂੰ ਮਾਤ ਭਾਸ਼ਾ ਦੇ ਤੌਰ ਤੇ ਮਨਾਇਆ ਜਾਂਦਾ ਹੈ

ਇਸ ਲਈ ਅਸੀਂ ਵੀ ਇਸ ਨੂੰ ਪੰਜਾਬੀ ਮਾਂ ਬੋਲੀ ਦਿਵਸ ਦੇ ਤੌਰ ਤੇ ਮਨਾਉਂਦੇ ਹਾਂ ।ਪੰਜਾਬੀ ਭਾਸ਼ਾ ਦੀਆਂ ਛੱਬੀ ਉਪਬੋਲੀਆਂ ਹਨ ਪਾਕਿਸਤਾਨ ਵਿੱਚ ਸੱਠ ਫ਼ੀਸਦੀ ਤੇ ਭਾਰਤ ਵਿੱਚ ਦੋ ਪੁਆਇੰਟ ਤਹੇਤਰ ਫੀਸਦੀ ਲੋਕ ਪੰਜਾਬੀ ਬੋਲਦੇ ਹਨ। ਪੰਜਾਬੀ ਬੋਲੀ ਸਾਡੇ ਗੁਰੂਆਂ ਪੀਰਾਂ ਪੈਗੰਬਰਾਂ ਦੀ ਇਕ ਪੁਰਾਤਨ ਬੋਲੀ ਹੈ ਸ੍ਰੀ ਗੁਰੂ ਗ੍ਰੰਥ ਸਾਹਿਬ ਵੀ ਗੁਰਮੁਖੀ ਵਿੱਚ ਲਿਖੇ ਹੋਏ ਹਨ ।ਕਵੀਆਂ ਦੁਆਰਾ ਇਸ ਭਾਸ਼ਾ ਵਿੱਚ ਬੇਅੰਤ ਸਾਹਿਤ ਰਚੇ ਗਏ ਹਨ । ਭਾਵੇਂ ਉਨੀ ਸੌ ਸਤਾਹਠ ਵਿਚ ਪੰਜਾਬੀ ਭਾਸ਼ਾ ਐਕਟ ਬਣਾਇਆ ਗਿਆ ਜਿਸ ਅਨੁਸਾਰ ਪੰਜਾਬ ਦੇ ਦਫ਼ਤਰਾਂ ਵਿੱਚ ਪੰਜਾਬੀ ਬੋਲੀ ਜਾਏਗੀ ਤੇ ਸਾਰਾ ਕੰਮ ਕਾਰ ਪੰਜਾਬੀ



ਵਿਚ ਹੋਵੇਗਾ ਪਰ ਅਸਲ ਵਿੱਚ ਇਸ ਨੂੰ ਗੰਭੀਰਤਾ ਨਾਲ ਕੋਈ ਵੀ ਨਹੀਂ ਲੈ ਰਿਹਾ ਅਸੀਂ ਪੰਜਾਬੀ ਹੀ ਆਪਣੀ ਪੰਜਾਬੀ ਮਾਂ ਬੋਲੀ ਲਈ ਸੰਜੀਦਾ ਨਹੀਂ ਹਾਂ ਅੱਜ ਸੜਕਾਂ ਤੇ ਦਫ਼ਤਰਾਂ ਦੇ ਬੋਰਡ ਸਭ ਅੰਗਰੇਜ਼ੀ ਵਿੱਚ ਹੀ ਹੁੰਦੇ ਹਨ ਪੰਜਾਬੀ ਦੇ ਚੰਦ ਲਫ਼ਜ਼ ਉਸ ਉੱਤੇ ਨਾਂ ਮਾਤਰ ਹੀ ਲਿਖੇ ਹੁੰਦੇ ਹਨ ਇਸ ਤੋਂ ਵੱਡੀ ਹੋਰ ਬੇ-ਕਦਰੀ ਕੀ ਹੋਵੇਗੀ ।ਅੱਜ ਸਾਡੇ ਵਿਦਿਆਰਥੀਆਂ ਵਿਚ ਆਪਣੀ ਮਾਂ ਬੋਲੀ ਪ੍ਰਤੀ ਨੀਰਸਤਾ ਵਧਦੀ ਜਾ ਰਹੀ ਹੈ ਹਾਲਾਤ ਇੱਥੋਂ ਤਕ ਵਿਗੜ ਚੁੱਕੇ ਹਨ ਕਿ ਅੱਜ ਸਾਡੇ ਬੱਚੇ ਆਪਣੀ ਮਾਤ ਭਾਸ਼ਾ ਦੇ ਪੇਪਰਾਂ ਵਿੱਚੋਂ ਵੀ ਫੇਲ੍ਹ ਹੋ ਰਹੇ ਹਨ ।ਅੱਜ ਅਸੀਂ ਇਸ ਡਰ ਤੋਂ ਘਰਾਂ ਵਿੱਚ ਪੰਜਾਬੀ ਵਿੱਚ ਬੱਚਿਆਂ ਨਾਲ ਗੱਲ ਨਹੀਂ ਕਰਦੇ ਕਿ ਕਿਧਰੇ ਸਾਡੇ ਬੱਚੇ ਅੰਗਰੇਜ਼ੀ ਵਿੱਚ ਪਿੱਛੇ ਨਾ ਹੋ ਜਾਣ। ਸਕੂਲਾਂ ਵਿੱਚ ਘਰਾਂ ਵਿੱਚ ਹਿੰਦੀ ,ਅੰਗਰੇਜ਼ੀ ਬੋਲੀ ਜਾਂਦੀ ਹੈ ਬੱਚੇ ਪੰਜਾਬੀ ਬੋਲਣ ਵਿੱਚ ਸ਼ਰਮ ਮਹਿਸੂਸ ਕਰਦੇ ਹਨ ਘਰਾਂ ਵਿੱਚ ਮਾਂ ਬਾਪ ਬੱਚਿਆਂ ਨਾਲ ਹਿੰਦੀ ਵਿੱਚ ਗੱਲ ਕਰਦੇ ਹਨ ਪੰਜਾਬੀ ਬੋਲਣ ਵਾਲੇ ਨੂੰ ਅਨਪੜ੍ਹ ਸਮਝਿਆ ਜਾਂਦਾ ਹੈ ।ਅੱਜ ਬਚਿਆਂ ਨੂੰ ਪੰਜਾਬੀ ਵਿੱਚ ਗਿਣਤੀ ਪੁੱਛ ਲਓ ਉਨ੍ਹਾਂ ਨੂੰ ਨਹੀਂ ਆਉਂਦੀ ਅਸੀਂ ਅੰਗਰੇਜ਼ੀ ਤੇ ਇੰਨੇ ਗੁਲਾਮ ਹੋ ਚੁੱਕੇ ਹਾਂ ਕਿ ਆਪਣੀ ਪੰਜਾਬੀ ਬੋਲੀ ਨੂੰ ਭੁੱਲਦੇ ਜਾ ਰਹੇ ਹਾਂ । ਅੰਗਰੇਜ਼ੀ ਮਾਧਿਅਮ ਸਕੂਲਾਂ ਵਿੱਚ ਪੰਜਾਬੀ ਮਾਂ ਬੋਲੀ ਨੂੰ ਦੂਜਾ ਦਰਜਾ ਦਿੱਤਾ ਜਾਂਦਾ ਹੈ ਬੱਚੇ ਵੀ ਪੰਜਾਬੀ ਵਿੱਚ ਗੱਲ ਕਰਨ ਨੂੰ ਆਪਣੀ ਹੇਠੀ ਸਮਝਦੇ ਹਨ ਕਿਉਂਕਿ ਸਕੂਲਾਂ ਵਿੱਚ ਪੰਜਾਬੀ ਬੋਲਣ ਨੂੰ ਤਰਜੀਹ ਨਹੀਂ ਦਿੱਤੀ ਜਾਂਦੀ ਹਿੰਦੀ ਤੇ ਅੰਗਰੇਜ਼ੀ ਵਿੱਚ ਬੋਲਣ ਨੂੰ ਪਹਿਲ ਦਿੱਤੀ ਜਾਂਦੀ ਹੈ ।ਸਾਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਹੋਰ ਭਾਸ਼ਾਵਾਂ ਦਾ ਗਿਆਨ ਪ੍ਰਾਪਤ ਕਰਨਾ ਵੀ ਜ਼ਰੂਰੀ ਹੈ ਪਰ ਦੂਜੀਆਂ ਭਾਸ਼ਾਵਾਂ ਦੇ ਪ੍ਰਭਾਵ ਅਧੀਨ ਸਾਨੂੰ ਆਪਣੀ ਮਾਂ ਬੋਲੀ ਨੂੰ ਨਹੀਂ ਭੁੱਲਣਾ ਚਾਹੀਦਾ ।ਇਸ ਦੇ ਲਈ ਅਸੀਂ ਕੇਵਲ ਸਕੂਲਾਂ ਜਾਂ ਅਧਿਆਪਕਾਂ ਨੂੰ ਦੋਸ਼ ਨਹੀਂ ਦੇ ਸਕਦੇ ਇਸ ਵਿੱਚ ਸਭ ਤੋਂ ਵੱਧ ਦੋਸ਼ੀ ਮਾਤਾ -ਪਿਤਾ ਤੇ ਘਰ ਦਾ ਮਾਹੌਲ ਹੈ ਅੱਜ ਪੰਜਾਬੀ ਮਾਂ ਬੋਲੀ ਤੇ ਜਿੱਥੇ ਜ਼ੁਲਮ ਹੋ ਰਿਹਾ ਹੈ ਉਥੇ ਹੀ ਇਸ ਦੀ ਬੇ-ਕਦਰੀ ਹੋ ਰਹੀ ਹੈ।

ਪੰਜਾਬੀ ਅਧਿਆਪਕ ਵੀ ਅੱਜ ਕੱਲ੍ਹ ਘੱਟ ਹਨ ।ਅਸੀਂ ਪੰਜਾਬੀ ਨੂੰ ਪ੍ਰਫੁੱਲਤ ਕਰਨ ਲਈ ਨਾਅਰੇ ਤਾਂ ਬਹੁਤ ਲਗਾਉਂਦੇ ਹਾਂ ਪਰ ਕਦੀ ਅਸੀਂ ਆਪਣੇ ਬੱਚੇ ਪੰਜਾਬੀ ਸਕੂਲਾਂ ਵਿੱਚ ਪੜ੍ਹਾਉਂਦੇ ਹਾਂ ਅਸੀਂ ਆਪਣੇ ਬੱਚੇ ਅੰਗਰੇਜ਼ੀ ਸਕੂਲਾਂ ਵਿੱਚ ਪੜ੍ਹਾ ਕੇ ਫ਼ਖ਼ਰ ਮਹਿਸੂਸ ਕਰਦੇ ਹਾਂ ।ਅੱਜ ਸਾਡੇ ਸਰਕਾਰੀ ਸਕੂਲਾਂ ਵਿੱਚ ਪਰਵਾਸੀ ਲੋਕਾਂ ਦੇ ਬੱਚੇ ਪੜ੍ਹ ਕੇ ਪੰਜਾਬੀ ਸਿੱਖ ਰਹੇ ਹਨ ।ਅੱਸੀ ਪੰਜਾਬ ਵਿੱਚ ਰਹਿ ਕੇ ਪੰਜਾਬੀ ਨੂੰ ਵਿਸਾਰ ਰਹੇ ਹਾਂ ਤੇ ਵਿਦੇਸ਼ੀ ਸਾਡਾ ਸੱਭਿਆਚਾਰ ਸੰਭਾਲਣ ਵਿੱਚ ਲੱਗੇ ਹੋਏ ਹਨ ।ਅੱਜ ਦੇ ਸਮਾਜ ਨੇ ਸਾਡੇ ਕੋਲੋਂ ਸਾਡਾ ਬਹੁਤ ਕੁਝ ਖੋਹ ਲਿਆ ਹੈ ਅੱਜ ਮਨੁੱਖ ਅੰਦਰੋਂ ਖੋਖਲਾ ਹੁੰਦਾ ਜਾ ਰਿਹਾ ਹੈ ।ਅੱਜ ਸਾਡੀਆਂ ਸਾਹਿਤਕ ਜਥੇਬੰਦੀਆਂ ,ਸਾਹਿਤ ਪ੍ਰੇਮੀ ਬਹੁਤ ਸੰਘਰਸ਼ ਕਰ ਰਹੇ ਹਨ ਅੱਜ ਸਾਡੇ ਸਾਰਿਆਂ ਦੁਬਾਰਾ ਪੰਜਾਬੀ ਬੋਲੀ ਨੂੰ ਜੀਵਤ ਰੱਖਣ ਲਈ ਹੰਭਲਾ ਮਾਰਨ ਦੀ ਜ਼ਰੂਰਤ ਹੈ ਤਾਂ ਜੋ ਪੰਜਾਬੀ ਬੋਲੀ ਜੋ ਗੁਰੂਆਂ ,ਪੀਰਾਂ ,ਪੈਗੰਬਰਾਂ ਦੀ ਬੋਲੀ ਦੇ ਨਾਮ ਵਜੋਂ ਜਾਣੀ ਜਾਂਦੀ ਹੈ ਉਸ ਨੂੰ ਹੋਰ ਪ੍ਰਫੁੱਲਤ ਕਰ ਸਕੀਏ।

**ਚਰਨਜੀਤ ਕੋਰ**
**ਮੋਬਾਇਲ :- 9888785390**



# ਦਰੋਣਾਗਿਰੀ ਪਰਬਤ ਜਿੱਥੇ ਸੰਜੀਵਨੀ ਬੂਟੀਆਂ ਉੱਗਦੀਆਂ ਸਨ..

ਭਾਰਤ ਦੇ ਸੂਬੇ ਉੱਤਰਾਖੰਡ ਨੂੰ ਦੇਵਤਿਆਂ ਦੀ ਧਰਤੀ ਕਿਹਾ ਜਾਂਦਾ ਹੈ। ਪਰਮਾਤਮਾ ਦੀ ਬਰਕਤ ਹੈ ਇਸ ਧਰਤੀ ਤੇ,ਬਿਨਾਂ ਸ਼ੱਕ ਇਸ ਧਰਤੀ ਨੂੰ ਈਸ਼ਵਰ ਨੇ ਕੁਦਰਤੀ ਨਿਆਮਤਾਂ ਅਤੇ ਸੁੰਦਰਤਾ ਨਾਲ ਨਿਵਾਜਿਆ ਹੈ। ਜਦੋਂ ਵੀ ਚਾਰ ਧਾਮ ਯਾਤਰਾ ਦਾ ਖਿਆਲ ਮਨ ਵਿੱਚ ਆਉਂਦਾ ਹੈ ਤਾਂ ਉੱਤਰਾਖੰਡ ਵੱਲ੍ਹ ਨੂੰ ਮਨ ਉਡਾਰੀਆਂ ਮਾਰਨ ਲੱਗ ਜਾਂਦਾ ਹੈ।ਗੰਗਾ ਨਦੀ ਦਾ ਉਦਮ ਸਥਾਨ ਦੇਵ ਪ੍ਰਯਾਗ, ਅਲਕਨੰਦਾ ਅਤੇ ਭਾਗੀਰਥੀ ਨਦੀਆਂ ਦੇ ਸੁਮੇਲ ਹੈ। ਕੁਦਰਤੀ ਸੁੰਦਰਤਾ ਦਾ ਖਜ਼ਾਨਾ ਅਤੇ ਅਲੌਕਿਕ ਦ੍ਰਿਸ਼ ਇਸ਼ਨਾਨ ਨੂੰ ਕਿਸੇ ਹੋਰ ਦੁਨੀਆਂ ਦਾ ਭੁਲੇਖਾ ਪਾਉਂਦੇ ਹਨ। ਅਲਕਨੰਦਾ ਨਦੀ ਵਿੱਚ ਹੋਰ ਨਦੀਆਂ ਦੇ ਮਿਲਾਪ ਦੇ ਪ੍ਰਯਾਗ ਸਥਾਨ ਰੁਦ੍ਰ ਪ੍ਰਯਾਗ,ਕਰਣ ਪ੍ਰਯਾਗ,ਨੰਦ ਪ੍ਰਯਾਗ ਅਤੇ ਵਿਸ਼ਣੂ ਪ੍ਰਯਾਗ ਇਸ ਸੂਬੇ ਦੀ ਧਰਤੀ ਦੀ ਸੁੰਦਰਤਾ ਨੂੰ ਚਾਰ ਚੰਨ ਲਾਉਂਦੇ ਹਨ। ਵਿਸ਼ਣੂ ਪ੍ਰਯਾਗ ਚਮੋਲੀ ਜ਼ਿਲ੍ਹੇ ਦੇ ਜੋਸ਼ੀ ਮੱਠ ਸ਼ਹਿਰ ਵਿੱਚ ਚੁਫ਼ੇਰਿਓਂ ਅਸਮਾਨ ਛੂੰਹਦੇ ਪਹਾੜਾਂ ਨਾਲ ਘਿਰਿਆ ਹੋਇਆ ਹੈ।

ਇਸ ਜ਼ਿਲ੍ਹੇ ਦੇ ਤੱਥ ਰਮਾਇਣ ਅਤੇ ਮਹਾਂਭਾਰਤ ਨਾਲ ਜੁੜੇ ਹੋਣ ਦੀਆਂ ਧਾਰਨਾਵਾਂ ਕਾਰਣ ਇੱਥੋਂ ਦੀ ਧਰਤੀ ਪ੍ਰਤੀ ਆਕਰਸ਼ਣ ਅਤੇ ਮਹੱਤਤਾ ਹੋਰ ਵੀ ਵਧ ਜਾਂਦੀ ਹੈ।

ਮਹਾਭਾਰਤ ਦੇ ਪ੍ਰਮੁੱਖ ਪਾਤਰ ਪਾਂਡਵਾਂ ਨਾਲ ਸਬੰਧਤ ਭਾਰਤ ਦਾ ਪਹਿਲਾ ਪਿੰਡ ਮਾਨਾ,ਪਾਂਡੂਕੇਸ਼ਵਰ ਮੰਦਰ ਅਤੇ ਰਮਾਇਣ ਨਾਲ ਸਬੰਧਤ ਲਛਮਣ ਜੀ ਦਾ ਲੋਕਪਾਲ ਮੰਦਰ ਅਤੇ ਹਨੂੰਮਾਨ ਜੀ ਦਾ ਸੰਜੀਵਨੀ ਬੂਟੀ

ਲਈ ਪੂਰੇ ਪਹਾੜ ਦਾ ਉਠਾ ਕੇ ਲੈ ਜਾਣ ਦੀਆਂ ਰਮਾਇਣ ਦੀਆਂ ਕਥਾਵਾਂ ਇਸ ਖੇਤਰ ਨਾਲ ਜੁੜੀਆਂ ਹੋਈਆਂ ਹਨ। ਜੋਸ਼ੀਮੱਠ ਦੇ ਨੇੜੇ ਹੀ ਸਿੱਖ ਧਰਮ ਦਾ ਸਭ ਤੋਂ ਉਚਾਈ ਤੇ ਸਥਿਤ ਦਸਮ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪੁਰਬਲੇ ਜਨਮ ਸਮੇਂ 'ਦੁਸ਼ਟ ਦਮਨ' ਦੇ ਰੂਪ ਵਿੱਚ ਕੀਤੀ ਅਕਾਲ ਪੁਰਖ ਦੀ ਭਗਤੀ ਅਤੇ ਤਪੱਸਿਆ ਸਥਲ ਨਾਲ ਸਬੰਧਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਵੀ ਸਥਿਤ ਹੈ। ਇੱਥੋਂ ਹਿਮਾਲਾ ਪਰਬਤ ਦੀਆਂ ਪਹਾੜੀਆਂ ਚ ਸਥਿਤ ਸ਼ਹਿਰ ਔਲੀ ਨੂੰ ਇੱਕ ਸੜਕ ਜਾਂਦੀ ਹੈ,ਜੋਂ ਅੱਗੇ ਨੰਦਾ ਦੇਵੀ ਨੈਸ਼ਨਲ ਪਾਰਕ ਤੱਕ ਜਾਂਦੀ ਹੈ, ਜਿਸ ਪਾਰਕ ਨੂੰ ਵਿਸ਼ਵ ਵਿਰਾਸਤ ਦਾ ਦਰਜਾ ਹਾਸਲ ਹੈ।

ਰਿਸ਼ੀਕੇਸ਼ ਤੋਂ ਚਾਰ ਧਾਮ ਸੜਕ ਰਸਤੇ ਦੇਵ ਪ੍ਰਯਾਗ,ਸ੍ਰੀਨਗਰ ਸ਼ਹਿਰ, ਰੁਦ੍ਰ ਪ੍ਰਯਾਗ,ਕਰਣ ਪ੍ਰਯਾਗ,ਨੰਦ ਪ੍ਰਯਾਗ, ਚਮੋਲੀ ਹੁੰਦੇ ਹੋਏ ਜੋਸ਼ੀ ਮੱਠ ਸ਼ਹਿਰ ਪਹੁੰਚਿਆ ਜਾ ਸਕਦਾ ਹੈ। ਅਲਕਨੰਦਾ ਨਦੀਆਂ ਵਿੱਚ ਹੋਰ ਨਦੀਆਂ ਦੇ ਮਿਲਣ ਸਥਲ ਪ੍ਰਯਾਗ ਦੇ ਕੁਦਰਤੀ ਦ੍ਰਿਸ਼ ਬਹੁਤ ਖੂਬਸੂਰਤ ਅਤੇ ਦਿਲਖਿੱਚਵੇਂ ਹਨ। ਇਹਨਾਂ ਨੂੰ ਦੇਖ ਕੇ ਮਨ ਕੁਦਰਤ ਦੀ ਧਰਤੀ ਉੱਪਰ ਸਰਚਨਾ ਤੋਂ ਕੁਰਬਾਨ ਜਾਂਦਾ ਹੈ।

ਇਸੇ ਰਸਤੇ ਤੇ ਜੋਸ਼ੀ ਮੱਠ ਤੋਂ ਮਲਾਰੀ ਵੱਲ੍ਹ 49 ਕਿਮੀ ਦੀ ਦੂਰੀ ਤੇ ਪਹਾੜਾਂ ਦੀ ਨੀਤੀ ਘਾਟੀ ਵਿੱਚ ਨੰਦਾ ਦੇਵੀ,ਚੌਖੰਭਾ, ਤ੍ਰਿਸ਼ੂਲ ਅਤੇ ਗੜਵਾਲ ਪਰਬਤ ਲੜੀ ਪਹਾੜੀਆਂ ਚ ਘਿਰੇ ਨੀਤੀ ਪਿੰਡ ਵਿੱਚ ਦਰੌਣਾਗਿਰੀ ਪਰਬਤ ਸਥਿਤ ਹੈ।ਇਸ ਸਥਾਨ ਦੀ ਸਮੁੰਦਰੀ ਤਲ ਤੋਂ ਉਚਾਈ 7066 ਮੀਟਰ ਜਾਂ 23176 ਫੁੱਟ ਹੈ।ਇਹ ਇਲਾਕਾ ਸਰਦੀਆਂ ਦੇ ਸਮੇਂ ਬਰਫ਼ ਦੀ ਮੋਟੀ ਚਾਦਰ ਨਾਲ ਢੱਕਿਆ ਰਹਿੰਦਾ ਹੈ।

ਰਮਾਇਣ ਮੁਤਾਬਿਕ ਜਦੋਂ ਲੰਕਾਪਤੀ ਰਾਵਣ ਅਤੇ ਰਾਮ ਚੰਦਰ ਵਿਚਕਾਰ ਲੜਾਈ ਵਿੱਚ ਲਛਮਣ ਜੀ,ਰਾਵਣ ਦੇ ਪੁੱਤਰ ਮੇਘਨਾਥ ਹੱਥੋਂ ਜ਼ਖ਼ਮੀ ਹੋ ਕੇ ਬੇਹੋਸ਼ ਹੋ ਗਏ ਸਨ ਤਾਂ ਸੁਸੇਨ ਵੈਦ ਨੇ ਹਿਮਾਲਾ ਪਰਬਤ ਦੀਆਂ ਪਹਾੜੀਆਂ ਚ ਉੱਗਦੀ ਸੰਜੀਵਨੀ ਬੂਟੀ ਲਿਆਉਣ ਲਈ ਕਿਹਾ ਸੀ।ਵੈਦ ਦੇ ਕਹਿਣ ਤੇ ਸ੍ਰੀ ਰਾਮ ਚੰਦਰ ਜੀ ਨੇ ਸ੍ਰੀ ਹਨੂੰਮਾਨ ਜੀ ਨੂੰ ਹਿਮਾਲਿਆ ਪਰਬਤ ਦੇ ਉੱਚੇ ਪਹਾੜਾਂ ਵਿੱਚੋਂ ਚਮਕੀਲੀ ਅਤੇ ਵਿਸ਼ੇਸ਼ ਸੁਗੰਧੀ ਵਾਲੀ ਸੰਜੀਵਨੀ ਬੂਟੀ ਲਿਆਉਣ ਲਈ ਬੇਨਤੀ ਕੀਤੀ ਸੀ। ਮਾਨਤਾ ਹੈ ਕਿ ਹਨੂੰਮਾਨ ਜੀ ਲੰਕਾ ਤੋਂ ਆ ਕੇ ਇੱਥੇ ਲੋੜੀਂਦੀ ਸੰਜੀਵਨੀ ਬੂਟੀ ਨੂੰ ਪਹਿਚਾਣ ਨਹੀਂ ਪਾ ਰਹੇ ਸਨ ਤਾਂ ਉਹ ਇੱਥੋਂ ਸੰਜੀਵਨੀ ਬੂਟੀ ਵਾਲਾ ਪਰਬਤ ਹੀ ਉਠਾ ਕੇ ਲੈ ਗਏ ਸਨ। ਮੰਨਿਆ ਜਾਂਦਾ ਹੈ ਕਿ ਹੁਣ ਇਹ ਪਹਾੜ ਸ੍ਰੀ ਲੰਕਾ ਵਿਚ ਦੱਖਣੀ ਉਨਾਵਟਾਨਾ ਸਮੁੰਦਰੀ ਕਿਨਾਰੇ ਰੁਮਾਸੱਲਾ ਪਰਬਤ ਦੇ ਨਾਮ ਨਾਲ ਜਾਣਿਆ ਜਾਂਦਾ ਹੈ।

ਹਿਮਾਲਾ ਪਰਬਤ ਲੜੀ ਵਿਚ ਨੰਦਾ ਦੇਵੀ ਪਾਰਕ ਫੁੱਲਾਂ ਦੀ ਘਾਟੀ ਮੌਜੂਦ ਹੈ,ਜਿਸ ਵਿਚ 500 ਤੋਂ ਜ਼ਿਆਦਾ ਕਿਸਮਾਂ ਦੇ ਫੁੱਲ ਅੱਜ ਖਿੜਦੇ ਹਨ।

ਧੌਲੀਗੰਗਾ ਨਦੀ ਕਿਨਾਰਿਓਂ ਜਿਸ ਸਥਾਨ ਤੋਂ ਹਨੂੰਮਾਨ ਜੀ ਦੁਆਰਾ ਪਹਾੜ ਚੁੱਕ ਕੇ ਲੈ ਜਾਣ ਬਾਰੇ ਮੰਨਿਆ ਜਾਂਦਾ ਹੈ,ਉਸ ਸਥਾਨ ਤੇ ਉੱਚੀਆਂ ਉੱਚੀਆਂ ਪਹਾੜੀਆਂ ਵਿਚਕਾਰ ਪੱਧਰੀ ਜ਼ਮੀਨ ਹੈ ਅਤੇ ਪਹਾੜ ਕੱਟਿਆ ਹੋਇਆ ਦਿਖਾਈ ਦਿੰਦਾ ਹੈ।ਇਸ ਸਥਾਨ ਤੇ ਅੱਜ ਵੀ ਬਹੁਤ ਕਿਸਮਾਂ ਦੀਆਂ ਜੜੀਆਂ ਬੂਟੀਆਂ ਅਤੇ ਫੁੱਲਾਂ ਦੇ ਬੂਟੇ ਉੱਗੇ ਹੋਏ ਮਿਲਦੇ ਹਨ।

ਹਰ ਸਾਲ ਜੂਨ ਦੇ ਮਹੀਨੇ ਨੀਤੀ ਪਿੰਡ ਦੇ ਲੋਕ ਦਰੋਣਾਗਿਰੀ ਪਰਬਤ ਦੀ ਵਿਸ਼ੇਸ਼ ਪੂਜਾ ਕਰਦੇ ਹਨ।ਤਿੱਬਤ ਸਰਹੱਦ ਨੇੜੇ ਵਸੇ ਧਾਰਮਿਕ ਮਹੱਤਤਾ ਵਾਲੇ ਇਸ ਪਿੰਡ ਵਿੱਚ ਭੋਟੀਆ ਜਾਤੀ ਨਾਲ ਸਬੰਧਤ 50 ਪਰਿਵਾਰ ਰਹਿੰਦੇ ਹਨ।

ਇਸ ਪੂਜਾ ਵਿੱਚ ਪਿੰਡ ਦੇ ਲੋਕਾਂ ਤੋਂ ਇਲਾਵਾ ਸੂਬੇ ਦੇ ਹੋਰ ਸਥਾਨਾਂ ਅਤੇ ਹੋਰ ਸੂਬਿਆਂ ਤੋਂ ਵੀ ਸ਼ਰਧਾਲੂ ਪੂਜਾ ਵਿੱਚ ਸ਼ਾਮਲ ਹੋਣਾ ਆਪਣਾ ਸੁਭਾਗ ਮੰਨਦੇ ਹਨ।ਇਸ ਸਮੇਂ ਪੂਜਾ ਵਿੱਚ ਇਸਤਰੀਆਂ ਦੇ ਹੱਥਾਂ ਦਾ ਬਣਿਆ ਹੋਇਆ ਕੁਝ ਵੀ ਵਰਤੋਂ ਵਿੱਚ ਨਹੀਂ ਲਿਆਂਦਾ ਜਾਂਦਾ।ਕਿਹਾ ਜਾਂਦਾ ਹੈ ਕਿ ਸੰਜੀਵਨੀ ਬੂਟੀ ਲੈਣ ਲਈ ਜਦੋਂ ਹਨੂੰਮਾਨ ਜੀ ਇੱਥੇ ਪਹੁੰਚੇ ਸਨ ਤਾਂ ਉਹਨਾਂ ਨੂੰ ਇੱਕ ਬੁੱਢੀ ਔਰਤ ਦਿਖਾਈ ਦਿੱਤੀ ਸੀ, ਹਨੂੰਮਾਨ ਜੀ ਨੇ ਉਸ ਨੂੰ ਸੰਜੀਵਨੀ ਬੂਟੀ ਦੀ ਥਾਂ ਬਾਬਤ ਜਦੋਂ ਪੁੱਛਿਆ ਤਾਂ ਉਸਨੇ ਦਰੋਣਾਗਿਰੀ ਪਰਬਤ ਵੱਲ੍ਹ ਇਸ਼ਾਰਾ ਕਰ ਦਿੱਤਾ ਸੀ ਤੇ ਹਨੂੰਮਾਨ ਜੀ ਪ੍ਰਬਤ ਉਠਾ ਕੇ ਲੈ ਗਏ ਸਨ। ਪਤਾ ਲੱਗਣ ਤੇ ਲੋਕਾਂ ਨੇ ਉਸ ਬਿਰਧ ਇਸਤ੍ਰੀ ਦਾ ਬਾਈਕਾਟ ਕਰ ਦਿੱਤਾ ਸੀ।ਅੱਜ ਵੀ ਲੋਕ ਪਰਬਤ ਦੀ ਪੂਜਾ ਕਰਦੇ ਸਮੇਂ ਇਸਤਰੀਆਂ ਦੇ ਹੱਥਾਂ ਦਾ ਬਣਿਆ ਕੁਝ ਵੀ ਨਹੀਂ ਖਾਂਦੇ।

ਦਰੋਣਾਗਿਰੀ ਪਰਬਤ ਨੂੰ ਨੀਤੀ ਪਿੰਡ ਦੇ ਲੋਕ ਦੇਵਤਾ ਮੰਨਦੇ ਹਨ। ਇੱਥੋਂ ਦੇ ਲੋਕਾਂ ਦਾ ਕਹਿਣਾ ਹੈ ਕਿ ਹਨੂੰਮਾਨ ਜੀ ਨੇ ਪੂਰੇ ਦਰੋਣਾਗਿਰੀ ਪਹਾੜ ਨੂੰ ਨਹੀਂ ਉਠਾਇਆ, ਬਲਕਿ ਪਰਬਤ ਦਾ ਕੁਝ ਹਿੱਸਾ ਹੀ ਉਠਾਇਆ ਸੀ। ਜਦੋਂ ਹਨੂੰਮਾਨ ਜੀ ਨੇ ਪਹਾੜ ਉਠਾਇਆ ਸੀ ,ਉਸ ਸਮੇਂ ਦੇਵਤੇ ਭਗਤੀ ਵਿੱਚ ਲੀਨ ਸਨ ਅਤੇ ਉਹਨਾਂ ਦੀ ਭਗਤੀ ਭੰਗ ਹੋ ਗਈ ਸੀ।ਇਸ ਕਰਕੇ ਸਥਾਨਕ ਲੋਕ ਸਿਰਫ ਦਰੋਣਾਗਿਰੀ ਪਰਬਤ ਦੀ ਹੀ ਪੂਜਾ ਕਰਦੇ ਹਨ। ਹਨੂੰਮਾਨ ਜੀ ਨਾਲ ਗਿਲਾ ਜ਼ਾਹਰ ਕਰਦਿਆਂ ਉਹਨਾਂ ਦੀ ਪੂਜਾ ਨਹੀਂ ਕਰਦੇ।

ਰਿਸ਼ੀਕੇਸ਼ ਤੋਂ ਚਮੋਲੀ ਅਤੇ ਜੋਸ਼ੀ ਮੱਠ ਤੱਕ ਬੱਸਾਂ ਅਤੇ ਟੈਕਸੀਆਂ ਆਮ ਮਿਲ ਜਾਂਦੀਆਂ ਹਨ,ਪਰ ਜੋਸ਼ੀ ਮੱਠ ਤੋਂ ਨੰਦਾ ਦੇਵੀ ਪਾਰਕ ਤੱਕ ਨਿੱਜੀ ਵਾਹਨ ਜਾਂ ਟੈਕਸੀ ਰਾਹੀਂ ਹੀ ਜਾਇਆ ਜਾ ਸਕਦਾ ਹੈ।

ਬਹੁਤ ਸਾਰੇ ਲੋਕ ਟ੍ਰੈਕਿੰਗ ਲਈ ਦ੍ਰੋਣਾਗਿਰੀ ਪਰਬਤ 'ਤੇ ਪਹੁੰਚਦੇ ਹਨ, ਜੋਸ਼ੀਮਠ ਤੋਂ ਮਲਾਰੀ ਵੱਲ੍ਹ ਲਗਭਗ 50 ਕਿਲੋਮੀਟਰ ਦੀ ਦੂਰੀ 'ਤੇ ਜਾ ਕੇ ਜੁਮਾ ਨਾਮ ਦਾ ਸਥਾਨ ਆਉਂਦਾ ਹੈ। ਇੱਥੋਂ ਦ੍ਰੋਣਾਗਿਰੀ ਪਿੰਡ ਦਾ ਪੈਦਲ ਰਸਤਾ ਸ਼ੁਰੂ ਹੁੰਦਾ ਹੈ। ਇੱਥੇ, ਧੌਲੀ ਗੰਗਾ ਨਦੀ 'ਤੇ ਬਣੇ ਪੁਲ ਦੇ ਦੂਜੇ ਪਾਸੇ ਦਿਖਾਈ ਦੇਣ ਵਾਲੇ ਸਿੱਧੇ ਪਹਾੜਾਂ ਦੀ ਲੜੀ ਨੂੰ ਪਾਰ ਕਰਨ ਤੋਂ ਬਾਅਦ, ਦ੍ਰੋਣਾਗਿਰੀ ਪਹਾੜਾਂ ਤੱਕ ਪਹੁੰਚਿਆ ਜਾ ਸਕਦਾ ਹੈ। ਕਰੀਬ ਦਸ ਕਿਲੋਮੀਟਰ ਪਹਾੜੀ ਪਗਡੰਡੀਆਂ ਦਾ ਤੰਗ ਪੈਦਲ ਰਸਤਾ ਬਹੁਤ ਔਖਾ ਅਤੇ ਮੁਸ਼ਕਲ ਹੈ। ਇੱਥੇ ਬਹੁਤ ਸਾਰੇ ਲੋਕ ਇੱਥੇ ਆ ਕੇ ਟ੍ਰੈਕਿੰਗ ਕਰਨਾ ਪਸੰਦ ਕਰਦੇ ਹਨ।

ਜਲਦੀ ਹੀ ਰਿਸ਼ੀਕੇਸ਼ ਤੋਂ ਕਰਣ ਪ੍ਰਯਾਗ ਤੱਕ ਰੇਲਵੇ ਰਾਹੀਂ ਵੀ ਪਹੁੰਚਿਆ ਜਾ ਸਕੇਗਾ।

ਇੱਥੋਂ ਦਾ ਸੁਹਾਵਣਾ ਮੌਸਮ ਅਤੇ ਦਿਲ ਖਿੱਚਵੀਂ ਸੁੰਦਰਤਾ ਸੈਲਾਨੀਆਂ ਨੂੰ ਬਹੁਤ ਆਕਰਸ਼ਿਤ ਅਤੇ ਮਨ ਮੋਹਿਤ ਕਰਦਾ ਹੈ ਕਿਉਂਕਿ ਕੁਦਰਤ ਨੇ ਇਸ ਇਲਾਕੇ ਨੂੰ ਸੁੰਦਰਤਾ ਜੀਅ ਭਰਕੇ ਬਖਸ਼ਿਸ਼ ਕੀਤੀ ਹੈ। ਇਨਸਾਨ ਦਾ ਇੱਥੋਂ ਦੀ ਸੁੰਦਰਤਾ ਨੂੰ ਤੱਕ ਕੇ ਮਾਨਣ ਦੀ ਇੱਛਾ ਹਮੇਸ਼ਾ ਬਣੀ ਰਹਿੰਦੀ ਹੈ ਅਤੇ ਕੁਦਰਤੀ ਦੀ ਇਸ ਅਲੌਕਿਕ ਸੁੰਦਰਤਾ ਨੂੰ ਵਾਰ ਵਾਰ ਮਾਨਣ ਦਾ ਜ਼ਿਹਨ ਵਿੱਚ ਵਿੱਚ ਉਮੜਦਾ ਹੈ।

**ਇੰਜੀ ਸਤਨਾਮ ਸਿੰਘ ਮੱਟੂ**
**ਬੀਂਬੜ੍ਹ ਸੰਗਰੂਰ**
**9779708257**



# ਰੁੱਤਾਂ ਦੀ ਰਾਣੀ 'ਬਸੰਤ'

ਰੁੱਤਾਂ ਦੀ ਰਾਣੀ ਬਸੰਤ ਰੁੱਤ ਸਭ ਦੇ ਮਨਾਂ ਨੂੰ ਖੇੜੇ ਬਖਸ਼ਣ ਵਾਲੀ, ਫੁੱਲ-ਖੁਸ਼ਬੋਆਂ ਵੰਡਣ ਵਾਲੀ ਰੁੱਤ ਹੈ। ਬਸੰਤ ਪੰਚਮੀ ਦਾ ਅਰਥ ਹੈ, ਸ਼ੁਕਲ ਪੱਖ ਦਾ ਪੰਜਵਾਂ ਦਿਨ। ਭਾਰਤ 'ਚ ਪੂਰੇ ਸਾਲ ਨੂੰ ਛੇ ਰੁੱਤਾਂ 'ਚ ਵੰਡਿਆ ਜਾਂਦਾ ਹੈ ਜਿਸ 'ਚ ਬਸੰਤ ਲੋਕਾਂ ਦੀ ਸਭ ਤੋਂ ਮਨਭਾਉਂਦੀ ਰੁੱਤ ਹੈ। ਮਾਘ ਮਹੀਨੇ ਦੀ ਰੁੱਤ ਨੂੰ ਪੰਜਾਬੀ ਰੁੱਤ ਚੱਕਰ 'ਚ ਬਸੰਤ ਕਿਹਾ ਜਾਂਦਾ ਹੈ। ਇਹ ਰੁੱਤ ਖੇੜਿਆਂ ਦੀ ਮਿੱਠੀ ਤੇ ਸੁਹਾਵਣੀ ਰੁੱਤ ਹੈ ਜਦੋਂ ਫੁੱਲਾਂ 'ਤੇ ਬਹਾਰ ਆ ਜਾਂਦੀ ਹੈ, ਖੇਤਾਂ 'ਚ ਚਾਰੇ ਪਾਸੇ ਹਰਿਆਵਲ ਤੇ ਬਸੰਤੀ ਸਰੋਂ ਅਲੌਕਿਕ ਨਜ਼ਾਰਾ ਪੇਸ਼ ਕਰਦੀ ਹੈ। ਜੌਂ ਅਤੇ ਕਣਕਾਂ ਨਿਸਰਣ ਲੱਗਦੀਆ, ਅੰਬਾਂ ਨੂੰ ਬੂਰ ਪੈ ਜਾਂਦਾ ਅਤੇ ਹਰ ਪਾਸੇ ਰੰਗ ਬਿਰੰਗੀਆਂ ਤਿੱਤਲੀਆਂ ਮੰਡਰਾਉਣ ਲੱਗਦੀਆਂ। ਬਸੰਤ ਰੁੱਤ ਦਾ ਸਵਾਗਤ ਕਰਨ ਲਈ ਮਾਘ ਮਹੀਨੇ ਦੇ ਪੰਜਵੇਂ ਦਿਨ ਜਸ਼ਨ ਮਨਾਇਆ ਜਾਂਦਾ ਹੈ ਜੋ ਬਸੰਤ ਪੰਚਮੀ ਦਾ ਮੇਲਾ ਅਖਵਾਉਂਦਾ ਹੈ। ਪਤਝੜ ਦੇ ਮੌਸਮ ਤੋਂ ਬਾਅਦ ਬਸੰਤ ਰੁੱਤ ਦਾ ਆਗਮਨ ਹੁੰਦਾ ਹੈ। ਭਾਰਤੀ ਜੀਵਨ ਵਿਚ ਪਰਿਵਰਤਨ ਦਾ ਮਨੁੱਖ ਨੇ ਜਿਸ ਉਤਸ਼ਾਹ ਨਾਲ ਸੁਆਗਤ ਕੀਤਾ ਹੈ, ਉੱਥੇ ਹੀ ਪਰਿਵਰਤਨ ਤਿਉਹਾਰਾਂ ਦੇ ਰੂਪ 'ਚ ਪਰੰਪਰਾ ਵਿਚ ਸ਼ਾਮਲ ਹੁੰਦਾ ਗਿਆ। ਹਿੰਦੂ ਧਰਮ ਅਨੁਸਾਰ ਇਹ ਤਿਉਹਾਰ ਸਿੱਖਿਆ ਤੇ ਬੁੱਧੀ ਦੀ ਦੇਵੀ ਮਾਂ ਸਰਸਵਤੀ ਦੀ ਉਪਾਸਨਾ ਕਰਕੇ ਮਨਾਇਆ ਜਾਂਦਾ ਹੈ। ਪੂਜਾ, ਉਪਾਸਨਾ ਕਰਨ ਲਈ ਇਸ ਦਿਨ ਪੀਲੇ, ਬਸੰਤੀ ਜਾਂ ਚਿੱਟੇ ਕੱਪੜੇ ਪਹਿਨੇ ਜਾਂਦੇ ਹਨ ਤੇ ਕੇਸਰ ਵਾਲੀ ਖੀਰ ਖਾਣਾ ਲਾਭਦਾਇਕ ਹੈ। ਮਿਸ਼ਰੀ, ਦਹੀਂ ਦਾ ਪ੍ਰਸਾਦ ਵੀ ਵੰਡਿਆ ਜਾਂਦਾ ਹੈ। ਬਸੰਤ ਰੁੱਤ ਦੇ ਸ਼ੁਰੂ ਹੋਣ ਕਾਰਨ ਠੰਢ ਦੀ ਰੁੱਤ ਖ਼ਤਮ ਹੋਣ ਲੱਗਦੀ ਹੈ ਜਿਸ ਕਰਕੇ ਕਾਦਰ ਦੀ ਕੁਦਰਤ ਅੰਦਰ ਹਰ ਪਾਸੇ ਬਹਾਰਾਂ ਸ਼ੁਰੂ ਹੋਣ ਲੱਗਦੀਆਂ ਹਨ ਤੇ ਨਵੀਆਂ ਉਮੰਗਾਂ ਦੀਆਂ ਤਰੰਗਾਂ ਨਾਲ ਸਾਰੀ ਕਾਇਨਾਤ ਝੂਮਣ ਲੱਗਦੀ ਹੈ।

ਪਤੰਗਬਾਜ਼ੀ ਜੋ ਪੁਰਾਤਨ ਪਰੰਪਰਾ ਹੈ, ਇਸ ਕਰਕੇ ਇਸ ਦਿਨ ਪਤੰਗਬਾਜ਼ੀ ਦੇ ਮੁਕਾਬਲੇ ਹੁੰਦੇ ਹਨ ਪੁਰਾਣੇ ਸਮਿਆਂ ਵਿੱਚ ਪਤੰਗਾਂ ਬਣਾਉਣ ਲਈ ਬੱਚੇ ਤੇ ਵੱਡੇ ਘਰ ਵਿੱਚ ਰੰਗ-ਬਿਰੰਗੇ ਪੇਪਰ ਲਿਆ ਕੇ ਬਾਂਸ ਦੀਆਂ ਤੀਲ੍ਹਾਂ ਨੂੰ ਛਿੱਲ-ਸੁਆਰ ਕੇ ਘਰ ਵਿੱਚ ਖੁੱਦ ਪਤੰਗਾਂ ਬਣਾਉਂਦੇ ਸਨ, ਤੇ ਪਤੰਗਾਂ ਨੂੰ ਉਡਾਉਣ ਲਈ ਖੁਦ ਹੀ ਡੋਰ ਨੂੰ ਬਜਾਰੋਂ ਸੂਤੀ ਗੁੱਟੀਆਂ ਲੈ ਕੇ ਬਾਰੀਕ ਕੱਚ ਤੇ ਸਰੇਸ਼ ਦੇ ਮਿਸ਼ਰਣ ਨਾਲ (ਸੂਤ ਕੇ) ਪੱਕਿਆਂ ਕਰਕੇ ਪਤੰਗਾਂ ਉਡਾਉਣ ਲਈ ਲੱਕੜ ਦੀਆਂ ਚਰਖੜੀਆਂ 'ਤੇ ਲਪੇਟ ਕੇ ਵਰਤਿਆ ਜਾਂਦਾ ਸੀ ਤੇ ਇਹ ਸਾਰਾ ਕੁਝ ਬਾਜਾਰ ਵਿੱਚੋਂ ਵੀ ਇਸ ਤਰ੍ਹਾਂ ਦਾ ਹੀ ਮਿਲਦਾ ਸੀ ਤੇ ਇਸ ਪਤੰਗਬਾਜੀ ਦਾ ਲੁਤਫ ਲੈਣ ਲਈ ਲੋਕ ਕੋਠਿਆਂ 'ਤੇ ਡੀ.ਜੇ. ਆਦਿ ਲਾਉਂਦੇ ਤੇ ਭੰਗੜਾ ਪਾਉਂਦੇ ਹਨ।

ਇਹਨਾਂ ਪਤੰਗਾਂ ਤੇ ਡੋਰਾਂ ਨੂੰ ਬਣਾਉਣ ਦੀਆਂ ਪੰਜਾਬ ਦੇ ਫਿਰੋਜਪੁਰ ਤੇ ਸ੍ਰੀ ਅਮ੍ਰਿਤਸਰ ਸਾਹਿਬ ਸ਼ਹਿਰਾਂ ਅੰਦਰ ਵੱਡੀਆਂ ਮੰਡੀਆਂ ਸਨ ਇਹ ਸਾਰਾ ਸਾਮਾਨ ਪੰਜਾਬ ਵਿੱਚ ਹੋਰਨਾਂ ਸ਼ਹਿਰਾਂ ਅੰਦਰ ਵੀ ਮਿਲਦਾ ਸੀ। ਪਰੰਤੂ ਇਹ ਪਤੰਗਾਂ ਤੇ ਪੱਕੀਆਂ ਡੋਰਾਂ ਕਿਸੇ ਸਮੇਂ ਇਹਨਾਂ ਦੋਨਾਂ ਸ਼ਹਿਰਾਂ ਦੀਆਂ ਮਸ਼ਹੂਰ ਗਿਣੀਆਂ ਜਾਂਦੀਆਂ ਸਨ। ਜ਼ਮਾਨਾ ਬਦਲਣ ਦੇ ਨਾਲ-ਨਾਲ ਸਾਡੇ ਸ਼ੌਂਕ ਤੇ ਤਿੱਥ-ਤਿਉਹਾਰਾਂ ਵਿੱਚ ਵੀ ਵੱਡੇ ਬਦਲਾਅ ਹੋਣੇ ਸ਼ੁਰੂ ਹੋ ਗਏ ਹਨ ਜਿੱਥੇ ਇਹ ਪਤੰਗਾਂ ਰੰਗ-ਬਿਰੰਗੇ ਪੇਪਰ, ਜਿਸ ਨੂੰ 'ਤਾਅ' ਕਿਹਾ ਜਾਂਦਾ ਸੀ, ਤੇ ਡੋਰ ਸੂਤ ਤੋਂ ਬਣੀ ਹੁੰਦੀ ਸੀ, ਉੱਥੇ ਅੱਜ ਪਤੰਗਾਂ ਪਲਾਸਟਿਕ ਪੇਪਰ ਦੀਆਂ ਬਣਨ ਲੱਗੀਆਂ ਹਨ ਤੇ ਇਹਨਾਂ ਨੂੰ ਉਡਾਉਣ ਲਈ ਚਾਈਨਾ ਡੋਰ ਵਰਤੀ ਜਾਣ ਲੱਗੀ ਹੈ ਇਹ ਚਾਈਨਾ ਡੋਰ ਮਨੁੱਖਾਂ, ਪਸ਼ੂਆਂ, ਪੰਛੀਆਂ ਤੇ ਵਾਤਾਵਰਨ ਲਈ ਇੱਕ ਘਾਤਕ ਹਥਿਆਰ ਸਾਬਿਤ ਹੋ ਰਹੀ ਹੈ ਇਸ ਨਾਲ ਅੱਜ ਦੇ ਸਮੇਂ ਅੰਦਰ ਰੋਜ਼ਾਨਾ ਹੀ ਘਾਤਕ ਹਾਦਸੇ ਵਾਪਰ ਰਹੇ ਹਨ ਇਸ ਨਾਲ ਬਹੁਤ ਰਾਹਗੀਰਾਂ ਦੀਆਂ ਜਾਨਾਂ ਜਾ ਚੁੱਕੀਆਂ ਹਨ ਤੇ ਕਈਆਂ ਦੇ ਅੰਗ-ਪੈਰ ਤੱਕ ਕੱਟਣੇ ਪਏ ਹਨ। ਕਿਉਂਕਿ ਚਾਈਨਾ ਡੋਰ ਪਲਾਸਟਿਕ ਤੋਂ ਬਣਦੀ ਹੈ ਤੇ ਇਸ ਉੱਪਰ ਕੱਚ



ਦੀ ਜਗ੍ਹਾ ਲੋਹੇ ਦੇ ਪਾਊਡਰ ਦੀ ਪਰਤ ਚੜ੍ਹਾਈ ਜਾਂਦੀ ਹੈ ਜਿਸ ਕਾਰਨ ਇਸ ਦੀ ਲਪੇਟ ਵਿੱਚ ਆਉਣ ਕਾਰਨ ਭਿਆਨਕ ਹਾਦਸੇ ਵਾਪਰਦੇ ਹਨ।

ਪੰਛੀ ਸਾਡੇ ਵਾਤਾਵਰਨ ਨੂੰ ਸੁੰਦਰ ਬਣਾਉਣ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ ਇਸ ਚਾਈਨਾ ਡੋਰ ਨਾਲ ਰੋਜ਼ਾਨਾ ਲਗਾਤਾਰ ਸੈਂਕੜੇ ਪੰਛੀ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ ਪੰਜਾਬ ਅੰਦਰ ਸਾਡੇ ਮਿੱਤਰ ਪੰਛੀਆਂ ਜਿਵੇ ਕਿ ਕਾਂ, ਘੁੱਗੀਆਂ, ਚਿੜੀਆਂ, ਤੋਤੇ ਆਦਿ ਦੀ ਗਿਣਤੀ ਘਟਣ ਦਾ ਇੱਕ ਵੱਡਾ ਕਾਰਨ ਚਾਈਨਾ ਡੋਰ ਵੀ ਹੈ। ਇਹ ਪੰਛੀ ਸਾਡੇ ਵਾਤਾਵਰਨ ਨੂੰ ਸੁੰਦਰ ਬਣਾਉਣ ਦੇ ਨਾਲ-ਨਾਲ ਸਾਡੇ ਸਫਾਈ ਸੇਵਕ ਵੀ ਹਨ ਜਿਸ ਕਰਕੇ ਇਹ ਸਾਨੂੰ ਭਿਆਨਕ ਬਿਮਾਰੀਆਂ ਤੋਂ ਬਚਾਉਣ ਲਈ ਸਾਡਾ ਆਲਾ-ਦੁਆਲਾ ਸਾਫ ਰੱਖਦੇ ਹਨ ਇਹਨਾਂ ਪੰਛੀਆਂ ਦੀ ਚਾਈਨਾ ਡੋਰ ਨਾਲ ਘਟਦੀ ਗਿਣਤੀ ਕਾਰਨ ਵੀ ਅੱਜ ਦੇ ਸਮੇਂ ਅੰਦਰ ਕਈ ਭਿਆਨਕ ਤੇ ਨਾਮੁਰਾਦ ਬਿਮਾਰੀਆਂ ਜਨਮ ਲੈ ਚੁੱਕੀਆਂ ਹਨ। ਅੱਜ ਦੇ ਹਾਈਟੈਕ ਜ਼ਮਾਨੇ ਅੰਦਰ ਸਾਨੂੰ ਆਪਣੇ-ਆਪ ਨੂੰ ਤੇ ਆਪਣੀ ਸੋਚ ਨੂੰ ਬਦਲਣ ਦੀ ਵੱਡੀ ਲੋੜ ਹੈ ਜਿਸ ਤਰ੍ਹਾਂ ਇਸ ਬਸੰਤ ਰੁੱਤ ਦੀ ਸ਼ੁਰੂਆਤ ਤੇ ਦਰੱਖਤਾਂ ਦੇ ਪੁਰਾਣੇ ਪੱਤੇ ਝੜ ਕੇ ਨਵੀਆਂ ਕਰੂੰਬਲਾਂ ਫੁੱਟਦੀਆਂ ਹਨ ਤੇ ਠੰਢ ਦੇ ਚਲੇ ਜਾਣ ਦਾ ਸੰਦੇਸ਼ ਦਿੰਦੀਆਂ ਹਨ, ਸਰ੍ਹੋਂ ਦੇ ਫੁੱਲ ਆਪਣਾ ਜੋਬਨ ਦਿਖਾਉਂਦੇ ਹੋਏ ਖੇਤਾਂ ਅੰਦਰ ਪੀਲੀ ਚਾਦਰ ਵਿਛਾ ਦਿੰਦੇ ਹਨ ਜਿਸ ਦੀ ਮਹਿਕ ਨਾਲ ਸਾਡੇ ਅੰਦਰੋਂ ਨਵੇਂ ਤੇ ਨਰੋਏ ਵਿਚਾਰ ਉਪਜਦੇ ਹਨ ਸਾਰੀ ਕਾਇਨਾਤ ਇੱਕ ਵੱਖਰੀ ਬਹਾਰ ਦਾ ਅਨੰਦ ਲੈਂਦੀ ਹੋਈ ਅਠਖੇਲੀਆਂ ਕਰਦੀ ਹੋਈ ਫੁੱਲੀ ਨਹੀਂ ਸਮਾਉਂਦੀ। ਬਸੰਤ ਰੁੱਤ ਦੀ ਮਹੱਤਤਾ ਬਾਰੇ ਪਵਿੱਤਰ ਗੁਰਬਾਣੀ ਅੰਦਰ ਵੀ ਗੁਰੂ ਸਾਹਿਬਾਨਾਂ ਨੇ ਬਹੁਤ ਵਧੀਆ ਵਿਆਖਿਆ ਕੀਤੀ ਹੈ

ਠੀਕ ਇਸੇ ਤਰ੍ਹਾਂ ਸਾਨੂੰ ਇਸ ਰੁੱਤ ਅੰਦਰ, ਅੰਦਰੋਂ ਪੈਦਾ ਹੋ ਰਹੀਆਂ ਉਮੰਗਾਂ ਨੂੰ ਇੱਕ ਨਰੋਏ ਸਮਾਜ ਦੇ ਭਲੇ ਲਈ ਹਰ ਇੱਕ ਨੂੰ ਮੂਹਰਲੀ ਕਤਾਰ ਵਿੱਚ ਅੱਗੇ ਲੱਗ ਕੇ ਆਪਣੇ ਵਿਗੜਦੇ ਵਾਤਾਵਰਨ ਪ੍ਰਤੀ ਸੁਚੇਤ ਹੋ ਕੇ ਪਤੰਗਾਂ ਦੀ ਤਰ੍ਹਾਂ ਅਸਮਾਨੀ ਉੱਡਣ ਵਾਲੇ ਸੁਫ਼ਨਿਆਂ ਨੂੰ ਹਕੀਕਤ ਵਿੱਚ ਬਦਲਣ ਲਈ ਇਸ ਚਾਈਨਾ ਡੋਰ ਦਾ ਬਾਈਕਾਟ ਕਰਦੇ ਹੋਏ ਇਸ ਪ੍ਰਤੀ ਪੂਰੇ ਸਮਾਜ ਤੇ ਆਲੇ-ਦੁਆਲੇ ਲਈ ਇਸ ਬਸੰਤ ਰੁੱਤ ਦੀ ਸ਼ੁਰੂਆਤ ’ਤੇ ਪ੍ਰਣ ਕਰੀਏ ਕਿ ਸਾਰੇ ਦੇਸ਼ ਨੂੰ ਜਾਗਰੂਕ ਕਰਾਂਗੇ ਨਾਲ-ਨਾਲ ਇਹ ਸਹੁੰ ਚੁੱਕੀਏ ਕਿ ਅਸੀਂ ਇਸ ਚਾਈਨਾ ਡੋਰ ਨੂੰ ਕਦੇ ਵੀ ਨਹੀਂ ਵਰਤਾਂਗੇ। ਜੇਕਰ ਅਸੀਂ ਇਸ ਦੀ ਵਰਤੋਂ ਨਹੀਂ ਕਰਾਂਗੇ ਤਾਂ ਇਸ ਦਾ ਭੰਡਾਰ ਇਕੱਠਾ ਕਰਨ ਵਾਲਿਆਂ ’ਤੇ ਮੰਦੀ ਦਾ ਦੌਰ ਆ ਜਾਵੇਗਾ ਤੇ ਉਹ ਇਸ ਨੂੰ ਖਰੀਦ ਕੇ ਸਟਾਕ ਨਹੀਂ ਕਰਨਗੇ ਕਿਉਂਕਿ ਜੇਕਰ ਕਿਸੇ ਚੀਜ ਦੀ ਵਰਤੋਂ ਹੈ ਤਾਂ ਉਸ ਦੀ ਪੈਦਾਵਾਰ ਹੁੰਦੀ ਹੈ ਜੇਕਰ ਇਸ ਚਾਈਨਾ ਡੋਰ ਦਾ ਦੇਸ਼ ਅੰਦਰ ਕੋਈ ਗਾਹਕ ਨਹੀਂ ਹੋਵੇਗਾ ਤਾਂ ਭਾਵੇਂ ਇਸ ਨੂੰ ਸੜਕਾਂ ’ਤੇ ਖੁੱਲੇਆਮ ਰੱਖ ਦਿਉ, ਕੋਈ ਚੁੱਕ ਕੇ ਵਰਤੇਗਾ ਨਹੀਂ।

ਇਸ ਲਈ ਸਾਨੂੰ ਇਸ ਦਾ ਬਾਈਕਾਟ ਕਰਨ ਲਈ ਦਿਮਾਗੀ ਤੌਰ ’ਤੇ ਜਾਗਰੂਕ ਹੋਣਾ ਪਵੇਗਾ ਇਸ ਕਰਕੇ ਇਹਨਾਂ ਦੇਸ਼ ਵਿਰੋਧੀ, ਕਾਇਨਾਤ ਵਿਰੋਧੀ, ਅਜਿਹੇ ਵਪਾਰ ’ਤੇ ਰੋਕ ਸਾਡਾ ਸਮਾਜ ਹੀ ਸੁਚੇਤ ਹੋ ਕੇ ਲਾ ਸਕਦਾ ਹੈ ਸਾਨੂੰ ਸਮਾਜਿਕ ਤੌਰ ’ਤੇ ਲੋਕਾਂ ਅੰਦਰ ਚੇਤਨਾ ਪੈਦਾ ਕਰਨ ਦੀ ਵੱਡੀ ਲੋੜ ਹੈ। ਜਿਸ ਨਾਲ ਅਸੀਂ ਆਪਣੇ ਵਾਤਾਵਰਨ ਨੂੰ ਇਸ ਚਾਈਨਾ ਡੋਰ ਵਰਗੀ ਭਿਆਨਕ, ਨਾਮੁਰਾਦ ਬਿਮਾਰੀ ਤੋਂ ਨਿਜਾਤ ਦੁਆ ਸਕੀਏ ਤਾਂ ਹੀ ਇਸ ਬਸੰਤ ਰੁੱਤ ਦਾ ਅਸਲੀ ਮਕਸਦ ਪੂਰਾ ਹੁੰਦਾ ਹੈ ਕਿ ‘ਆਈ ਬਸੰਤ ਪਾਲ਼ਾ ਉਡੰਤ’। ਆਓ! ਅਸੀਂ ਸਾਰੇ ਪ੍ਰਣ ਕਰੀਏ ਕਿ ਇਸ ਬਸੰਤ ਪੰਚਮੀ ’ਤੇ ਚਾਈਨਾ ਡੋਰ ਨਾਲ ਪਤੰਗਾਂ ਨਹੀਂ ਉਡਾਵਾਂਗੇ ਅਤੇ ਅਸੀਂ ਸਾਰੇ ਆਪਣੇ ਤਿਓਹਾਰਾਂ ਦੀ ਤਾਜ਼ਗੀ ਨੂੰ ਜ਼ਿੰਦਾ ਰੱਖਦੇ ਹੋਏ, ਪਰੰਪਰਾਵਾਂ ਤੋਂ ਮੁੱਖ ਨਾ ਮੋੜੀਏ ਅਤੇ ਆਪਣੇ ਬੱਚੇ, ਬਜ਼ੁਰਗ, ਮਾਵਾਂ, ਭੈਣਾਂ ਨਾਲ਼ ਤਿਓਹਾਰਾਂ ਦੀਆਂ ਖੁਸ਼ੀਆਂ ਸਾਂਝੀਆਂ ਕਰੀਏ, ਕਿਉਂਕਿ ਖੁਸ਼ੀਆਂ ਦਾ ਆਨੰਦ ਆਪਣਿਆਂ ਨਾਲ਼ ਹੀ ਸ਼ੋਭਦਾ ਹੈ।

**ਵਿਜੈ ਗੁਪਤਾ**

# ਘਟ ਰਿਹਾ ਪਾਣੀ ਅਤੇ ਵਧ ਰਹੀ ਆਬਾਦੀ – ਚਿੰਤਾ ਦਾ ਵਿਸ਼ਾ

ਜਾਗ੍ਰਤੀ ਬਿਊਰੋ

ਭਾਰਤ ਸੰਸਾਰ ਦਾ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣ ਗਿਆ ਹੈ। ਹੁਣ ਇਸਦੀ ਵਸੋਂ 140 ਕਰੋੜ ਨੂੰ ਪਾਰ ਕਰ ਗਈ ਹੈ। ਜਦੋਂ ਦੇਸ਼ ਆਜ਼ਾਦ ਹੋਇਆ, ਉਦੋਂ ਆਬਾਦੀ ਕੇਵਲ 33 ਕਰੋੜ ਸੀ। ਤੇਜ਼ੀ ਨਾਲ ਹੋਏ ਆਬਾਦੀ ਦੇ ਇਸ ਵਾਧੇ ਦੀਆਂ ਤਿੰਨ ਮੁਢਲੀਆਂ ਲੋੜਾਂ ਰੋਟੀ, ਕੱਪੜਾ ਅਤੇ ਮਕਾਨ ਦੀ ਪੂਰਤੀ ਲਈ ਦੇਸ਼ ਦੇ ਕੁਦਰਤੀ ਵਸੀਲਿਆਂ ਦੀ ਵੀ ਤੇਜ਼ੀ ਨਾਲ ਵਰਤੋਂ ਕੀਤੀ ਜਾ ਰਹੀ ਹੈ। ਲੋਕਾਂ ਲਈ ਮਕਾਨ ਬਣਾਉਣ ਵਾਸਤੇ ਲੱਖਾਂ ਪਿੰਡ ਉਜਾੜਨੇ ਪਏ ਹਨ। ਇੰਝ ਵਾਹੀ ਹੇਠ ਧਰਤੀ ਘਟ ਰਹੀ ਹੈ ਜਦੋਂ ਕਿ ਭੋਜਨ ਦੀਆਂ ਲੋੜਾਂ ਵਧ ਰਹੀਆਂ ਹਨ। ਜਦੋਂ ਵਸੋਂ ਕੇਵਲ 33 ਕਰੋੜ ਸੀ, ਉਦੋਂ ਲੋਕ ਪਾਣੀ ਦੀ ਸੰਕੋਚਵੀਂ ਵਰਤੋਂ ਕਰਦੇ ਸਨ ਕਿਉਂਕਿ ਪਾਣੀ ਬਿਨਾਂ ਧਰਤੀ ਉੱਤੇ ਜੀਵਨ ਸੰਭਵ ਨਹੀਂ ਹੈ। ਹੁਣ ਜਦੋਂ ਅਬਾਦੀ ਇੰਨੀ ਵਧ ਗਈ ਹੈ ਤਾਂ ਪਾਣੀ ਦੀਆਂ ਲੋੜਾਂ ਵੀ ਉਸੇ ਅਨੁਪਾਤ ਵਿੱਚ ਵਧੀਆਂ ਹਨ। ਇਸਦੇ ਨਾਲ ਹੀ ਲੋਕਾਂ ਵਿੱਚ ਪਾਣੀ ਦੀ ਸੰਕੋਚਵੀਂ ਵਰਤੋਂ ਕਰਨ ਅਤੇ ਪਾਣੀ ਨੂੰ ਦੇਵਤਾ ਸਮਝ ਸਤਿਕਾਰ ਖਤਮ ਹੋ ਗਿਆ ਹੈ। ਲੋਕ ਪਾਣੀ ਦੀ ਖੁੱਲ੍ਹ ਕੇ ਵਰਤੋਂ ਕਰਦੇ ਹਨ। ਸਾਰੇ ਲੋਕਾਂ ਦੀਆਂ ਮੁਢਲੀਆਂ ਲੋੜਾਂ ਦੀ ਪੂਰਤੀ ਲਈ ਵੀ ਪਾਣੀ ਦੀ ਅਹਿਮ ਭੂਮਿਕਾ ਹੈ। ਪਾਣੀ ਬਿਨਾਂ ਫ਼ਸਲਾਂ, ਪਸ਼ੂ ਪੰਛੀ, ਰੁੱਖ, ਬੂਟੇ ਕੋਈ ਵੀ ਜੀਵਤ ਨਹੀਂ ਰਹਿ ਸਕਦਾ। ਇੰਝ ਦੇਸ਼ ਵਿੱਚ ਪਾਣੀ ਦੀ ਵਰਤੋਂ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਅਸੀਂ ਆਪਣੇ ਦਰਿਆਵਾਂ ਅਤੇ ਧਰਤੀ ਹੇਠਲੇ ਪਾਣੀ ਦੀ ਬੜੀ ਬੇਦਰਦੀ ਨਾਲ ਵਰਤੋਂ ਕਰ ਰਹੇ ਹਾਂ। ਇਸ ਨਾਲ ਧਰਤੀ ਹੇਠਲਾ ਪਾਣੀ ਮੁੱਕਣ ਦੇ ਨੇੜੇ ਹੈ ਅਤੇ ਦਰਿਆ ਸੁੱਕਣ ਵਾਲੇ ਹਨ। ਮੀਂਹ ਦੇ ਪਾਣੀ ਦੀ ਸੰਭਾਲ ਅਤੇ ਧਰਤੀ ਹੇਠ ਇਸਦੀ ਭਰਪਾਈ ਵਲ ਕਿਸੇ ਨੇ ਵੀ ਧਿਆਨ ਨਹੀਂ ਦਿੱਤਾ। ਸਾਰੀਆਂ ਗਲੀਆਂ, ਸੜਕਾਂ ਪੱਕੀਆਂ ਹੋ ਗਈਆਂ ਹਨ। ਛੱਪੜ ਅਤੇ ਤਲਾਬ ਪੂਰ ਦਿੱਤੇ ਗਏ ਹਨ। ਦਰਿਆ, ਨਦੀਆਂ ਅਤੇ ਨਾਲਿਆਂ ਦੇ ਵਹਿਣ ਮੋੜ ਦਿੱਤੇ ਗਏ ਹਨ। ਇੰਝ ਧਰਤੀ ਹੇਠ ਬਹੁਤ ਘੱਟ ਪਾਣੀ ਜਾ ਰਿਹਾ ਹੈ।



ਪੰਜਾਬ, ਜਿਸਦਾ ਨਾਮ ਹੀ ਪਾਣੀਆਂ ਦੀ ਹੋਂਦ ਕਰਕੇ ਪਿਆ ਸੀ, ਉਸ ਦਾ ਵੀ ਧਰਤੀ ਹੇਠਲਾ ਪਾਣੀ ਮੁੱਕਣ ਕਿਨਾਰੇ ਹੈ ਕਿਉਂਕਿ ਘਰਾਂ ਅਤੇ ਖੇਤਾਂ ਦੀਆਂ ਪਾਣੀ ਦੀਆਂ ਲੋੜਾਂ ਵੀ ਧਰਤੀ ਹੇਠਲੇ ਪਾਣੀ ਨਾਲ ਹੀ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਨਹਿਰੀ ਪਾਣੀ ਨਾਲ ਤਾਂ ਸਿੰਚਾਈ ਮਸਾਂ ਇੱਕ ਤਿਹਾਈ ਹਿੱਸੇ ਦੀ ਹੀ ਹੁੰਦੀ ਹੈ। ਕੁਝ ਦਿਨ ਪਹਿਲਾਂ ਮੈਨੂੰ ਫਰੈਂਡ ਪੀਆਰਸ ਦੀ ਕਿਤਾਬ 'ਜਦੋਂ ਦਰਿਆ ਸੁੱਕਦੇ ਹਨ' ਪੜ੍ਹਨ ਦਾ ਮੌਕਾ ਮਿਲਿਆ ਹੈ। ਲੇਖਕ ਨੇ ਭਾਰਤ ਵਿੱਚ ਹੀ ਨਹੀਂ, ਸਗੋਂ ਸਾਰੇ ਸੰਸਾਰ ਵਿੱਚ ਮੁੱਕ ਰਹੇ ਪਾਣੀ ਦੀ ਬਹੁਤ ਸੁਚੱਜੇ ਢੰਗ ਨਾਲ ਚਿਤਾਵਨੀ ਦਿੱਤੀ ਹੈ। ਇਸ ਪੁਸਤਕ ਦਾ ਪੀ ਏ ਯੂ ਦੇ ਇੱਕ ਪੁਰਾਣੇ ਵਿਦਿਆਰਥੀ ਅਤੇ ਹੁਣ ਅਮਰੀਕਾ ਦੀ ਕੈਲੇਫੋਰਨੀਆਂ ਯੂਨੀਵਰਸਿਟੀ ਵਿੱਚ ਪ੍ਰੋਫੈਸਰ ਗੁਰਰੀਤ ਬਰਾੜ ਨੇ ਪੰਜਾਬੀ ਵਿੱਚ ਅਨੁਵਾਦ ਕਰਕੇ ਆਪਣੇ ਖਰਚੇ ਉੱਤੇ ਛਪਾਈ ਕਰਵਾਈ ਹੈ। ਗੁਰਰੀਤ ਆਪਣੀ ਮਿੱਟੀ ਦਾ ਮੋਹ ਨਹੀਂ ਭੁੱਲਿਆ। ਉਹ ਪੁਸਤਕ ਦੇ ਅਰੰਭ ਵਿੱਚ ਲਿਖਦਾ ਹੈ, "ਸਾਡੀ ਤਹਿਜ਼ੀਬ ਉਸਾਰਨ ਵਾਲੇ ਪੰਜਾਬ ਦੇ ਸਾਰੇ ਦਰਿਆਵਾਂ ਨੂੰ ਸਮਰਪਿਤ, ਜਿਹੜੇ ਸਿਰਫ ਸਾਡੀ ਸਰਜ਼ਮੀਨ ਉੱਤੇ ਹੀ ਨਹੀਂ ਸਗੋਂ ਮੇਰੇ ਜਿਹੇ ਹਰ ਪੰਜਾਬੀ ਦੇ ਅੰਦਰ ਵੀ ਵਗਦੇ ਨੇ। ਦੁਆ ਗੋ ਹਾਂ ਕਿ ਉਨ੍ਹਾਂ ਨੂੰ ਐਸੀ ਕਿਸੇ ਕਿਤਾਬ ਦਾ ਹਿੱਸਾ ਨਾ ਬਣਨਾ ਪਵੇ।"

ਪੁਸਤਕ ਵਿੱਚ ਫਰੈਂਡ ਨੇ ਸਾਰੇ ਸੰਸਾਰ ਵਿੱਚ ਸੁੱਕ ਗਏ ਅਤੇ ਸੁੱਕ ਰਹੇ ਦਰਿਆਵਾਂ ਦਾ ਵੇਰਵਾ ਦਿੱਤਾ ਹੈ ਅਤੇ ਦਰਿਆਵਾਂ ਨੂੰ ਜੀਉਂਦਿਆਂ ਰੱਖਣ ਲਈ ਅਪੀਲ ਵੀ ਕੀਤੀ ਹੈ। ਪੰਜਾਬ ਵਿੱਚ ਮੁੱਕ ਰਹੇ ਪਾਣੀ ਲਈ ਅਸੀਂ ਝੋਨੇ ਨੂੰ ਜ਼ਿੰਮੇਵਾਰ ਠਹਿਰਾਉਂਦੇ ਹਾਂ ਪਰ ਇਹ ਭੁੱਲ ਜਾਂਦੇ ਹਾਂ ਕਿ ਸਾਰੀ ਵਸੋਂ ਦਾ ਢਿੱਡ ਭਰਨ ਲਈ ਭੋਜਨ ਤਾਂ ਪੈਦਾ ਕਰਨਾ ਹੀ ਪਵੇਗਾ। ਪਾਣੀ ਤਾਂ ਉਨ੍ਹਾਂ ਫ਼ਸਲਾਂ ਨੂੰ ਵੀ ਚਾਹੀਦਾ ਹੈ ਜਿਹੜੀਆਂ ਝੋਨੇ ਦੀ ਥਾਂ ਬੀਜੀਆਂ ਜਾਣਗੀਆਂ। ਲੇਖਕ ਨੇ ਗੁਜਰਾਤ ਦੇ ਦੁੱਧ ਉਤਪਾਦਕਾਂ ਦਾ ਇੱਕ ਵੇਰਵਾ ਦਿੱਤਾ ਹੈ ਜਿਹੜਾ ਤੁਹਾਡੇ ਨਾਲ ਸਾਂਝਾ ਕਰ ਰਿਹਾ ਹਾਂ।

ਜੀਤ ਭਾਈ ਚੌਧਰੀ ਭਾਰਤ ਦੇ ਗੁਜਰਾਤ ਸੂਬੇ ਦੇ ਕੁਸ਼ਕਲ ਨਾਂ ਦੇ ਇੱਕ ਪਿੰਡ ਵਿੱਚ ਖੇਤੀ ਕਰਦਾ ਹੈ। ਉਹ ਰਵਾਇਤੀ ਪੱਖ ਤੋਂ ਇੱਕ ਆਦਰਸ਼ ਕਿਸਾਨ ਹੈ ਤੇ ਵਾਤਵਰਣ ਪੱਖੀ ਸੋਚ ਵਾਲਾ ਵੀ ਹੈ। ਉਸ ਕੋਲ ਸਿਰਫ 5 ਕਿੱਲੇ ਜ਼ਮੀਨ ਹੈ। ਉਸ ਕੋਲ ਇੱਕ ਛੋਟਾ ਪੰਪ ਸੀ ਜਿਹੜਾ ਇੱਕ ਘੰਟੇ ਵਿੱਚ 12 ਹਜ਼ਾਰ ਲਿਟਰ ਪਾਣੀ ਕੱਢਦਾ ਸੀ। ਇਸ ਨਾਲ ਉਹ ਸਾਲ ਵਿੱਚ 24 ਵਾਰ ਖੇਤਾਂ ਨੂੰ ਪਾਣੀ ਦਿੰਦਾ ਸੀ। ਇੱਕ ਵਾਰ ਪਾਣੀ ਦੇਣ ਲਈ 64 ਘੰਟੇ ਲਗਦੇ ਸਨ।

ਉਸ ਦੀਆਂ ਗਾਈਆਂ ਦੀ ਦੁੱਧ ਦੀ ਕੁੱਲ ਪੈਦਾਵਾਰ 25 ਕੁ ਲਿਟਰ ਪ੍ਰਤੀ ਦਿਨ ਸੀ। ਇਸ ਤਰ੍ਹਾਂ ਉਸ ਨੂੰ ਇੱਕ ਸਾਲ ਵਿੱਚ 9100 ਲਿਟਰ ਦੁੱਧ ਪੈਦਾ ਕਰਨ ਲਈ ਇੱਕ ਕਰੋੜ ਛਿਆਸੀ ਲੱਖ ਲਿਟਰ ਪਾਣੀ ਚਾਰੇ ਨੂੰ ਲਾਉਣਾ ਪੈਂਦਾ ਸੀ। ਇੱਕ ਲਿਟਰ ਦੁੱਧ ਮਗਰ ਦੋ ਹਜ਼ਾਰ ਲਿਟਰ ਪਾਣੀ। ਇਸ ਬਾਰੇ ਉਸ ਦੱਸਿਆ, "ਹਾਂ ਮੈਨੂੰ ਡਰ ਹੈ ਕਿ ਪਾਣੀ ਖਤਮ ਹੋ ਜਾਵੇਗਾ, ਪਰ ਮੈਂ ਕੀ ਕਰ ਸਕਦਾ ਹਾਂ। ਜੇਕਰ ਮੈਂ ਨਾ ਪਾਣੀ ਖਿੱਚਿਆ ਤਾਂ ਮੇਰੇ ਗੁਆਂਢੀ ਖਿੱਚ ਲੈਣਗੇ।"

ਇੱਕ ਅਨੁਮਾਨ ਅਨੁਸਾਰ ਭਾਰਤ ਵਿੱਚ ਸਿੰਚਾਈ ਲਈ ਸਾਲਾਨਾ 20 ਕਰੋੜ ਏਕੜ ਫੁੱਟ ਪਾਣੀ ਧਰਤੀ ਹੇਠੋਂ ਖਿੱਚਿਆ ਜਾਂਦਾ ਹੈ ਜਦੋਂ ਕਿ ਮੀਂਹ ਇਸ ਨਾਲੋਂ ਮਸਾਂ ਅੱਧੀ ਮਾਤਰਾ ਵਿੱਚ ਹੀ ਪੈਂਦੇ ਹਨ। ਪੰਜਾਬ ਵਿੱਚ ਕਦੇ ਖੂਹਾਂ ਵਿੱਚ ਪਾਣੀ ਚਰਸ ਨਾਲ ਕੱਢਿਆ ਜਾਂਦਾ ਸੀ। ਇਹ ਚਮੜੇ ਦਾ ਵੱਡਾ ਬੋਕਾ ਹੁੰਦਾ ਸੀ। ਇਸ ਨੂੰ ਖੂਹ ਵਿੱਚ ਸੁੱਟਿਆ ਜਾਂਦਾ ਸੀ ਜਦੋਂ ਇਹ ਪਾਣੀ ਨਾਲ ਭਰ ਜਾਂਦਾ ਸੀ ਤਾਂ ਬਲਦਾਂ ਦੀ ਜੋੜੀ ਇਸ ਨੂੰ ਬਾਹਰ ਖਿੱਚਦੀ ਸੀ। ਇਸ ਨਾਲ ਬਹੁਤ ਘੱਟ ਧਰਤੀ ਦੀ ਸਿੰਚਾਈ ਹੁੰਦੀ ਸੀ। ਮੁੜ ਬਲਦਾਂ ਨਾਲ ਚੱਲਣ ਵਾਲੇ ਹਲਟ ਆ ਗਏ। ਖੂਹਾਂ ਵਿੱਚੋਂ ਕੋਈ 30-40 ਫੁੱਟ ਡੂੰਘਾਈ ਤੋਂ ਟਿੰਡਾਂ ਰਾਹੀਂ ਪਾਣੀ ਖਿੱਚਿਆ ਜਾਂਦਾ ਸੀ। ਪਰ ਹੁਣ ਟਿਊਬਵੈਲ ਬੋਰ ਹਰੇਕ ਸਾਲ ਡੂੰਘੇ ਕਰਨੇ ਪੈ ਰਹੇ ਹਨ। ਮੋਟਰਾਂ ਵੀ ਵੱਡੀਆਂ ਲੱਗ ਰਹੀਆਂ ਹਨ, ਇੰਝ ਬਿਜਲੀ ਦੀ ਖਪਤ ਵਿੱਚ ਵੀ ਵਾਧਾ ਹੋਇਆ ਹੈ।

ਜੇਕਰ ਕਿਸਾਨਾਂ ਨਾਲ ਬਿਜਲੀ ਦਾ ਮਹੀਨੇਵਾਰ ਕੋਟਾ ਮਿੱਥਿਆ ਜਾਵੇ ਤਾਂ ਇਸ ਨਾਲ ਧਰਤੀ ਹੇਠਲੇ ਪਾਣੀ ਦੀ ਕੁਝ ਬੱਚਤ ਹੋ ਸਕਦੀ ਹੈ। ਹੇਠਲੀ ਪੱਧਰ ਤੋਂ ਜਿਹੜਾ ਪਾਣੀ ਕੱਢਿਆ ਜਾ ਰਿਹਾ ਹੈ ਉਸ ਦੀ ਕਦੇ ਵੀ ਭਰਪਾਈ ਨਹੀਂ ਹੋ ਸਕੇਗੀ। ਧਰਤੀ ਹੇਠ ਪਾਣੀ ਜਾਣ ਵਾਲੇ ਅਸੀਂ ਲਗਭਗ ਸਾਰੇ ਸੋਮੇ ਬੰਦ ਕਰ ਦਿੱਤੇ ਹਨ। ਦਰਿਆਵਾਂ, ਬੇਈਆਂ ਦੇ ਪਾਣੀ ਨੂੰ ਬੰਨ੍ਹ ਲਾ ਕੇ ਰੋਕ ਲਿਆ ਹੈ। ਸਾਰੇ ਛੱਪੜ ਪੂਰ ਦਿੱਤੇ ਹਨ। ਗਲੀਆਂ, ਸੜਕਾਂ ਅਤੇ ਹੋਰ ਖਾਲੀ ਥਾਂ ਪੱਕੇ ਕਰ ਲਏ ਹਨ। ਮੀਂਹ ਦੇ ਪਾਣੀ ਨੂੰ ਹੇਠ ਭੇਜਣ ਦਾ ਕੋਈ ਉਪਰਾਲਾ ਨਹੀਂ ਕੀਤਾ ਹੈ। ਕਿਸੇ ਸਿਆਣੇ ਆਗੂ ਨੇ ਹਰੇਕ ਖੇਤ ਤਾਈਂ ਨਹਿਰੀ ਪਾਣੀ ਪਹੁੰਚਾਉਣ ਦਾ ਪ੍ਰਬੰਧ ਕੀਤਾ ਸੀ। ਇਨ੍ਹਾਂ ਦੀ ਸਰਕਾਰ ਨੇ ਕਦੇ ਸਫਾਈ ਨਹੀਂ ਕਰਵਾਈ, ਕੁਝ ਨਹਿਰਾਂ ਪੱਕੀਆਂ ਕਰ ਦਿੱਤੀਆਂ ਹਨ, ਮੀਂਹ ਦਾ ਪਾਣੀ ਇਨ੍ਹਾਂ ਵਿੱਚ ਭਰਨ ਦਾ ਕਦੇ ਪ੍ਰਬੰਧ ਨਹੀਂ ਕੀਤਾ। ਲੁਧਿਆਣੇ ਤੋਂ ਫਿਲੌਰ ਨੂੰ ਜਾਈਏ ਤਾਂ ਸਤਲੁਜ ਦਰਿਆ ਵਿੱਚ ਮਸਾਂ ਇੱਕ ਵੱਡੇ ਟਿਊਬਵੈਲ ਜਿੰਨਾ ਪਾਣੀ ਵਗਦਾ ਹੈ। ਸਾਰੀ ਵਸੋਂ ਦਾ ਢਿੱਡ ਭਰਨ ਲਈ ਕੁਦਰਤ ਵੱਲੋਂ ਸਾਨੂੰ ਬਖ਼ਸ਼ੇ ਅਤੇ ਸਾਡੇ ਵੱਲੋਂ ਵਰਤੇ ਕੁਲ ਪਾਣੀ ਦਾ ਅੱਧਿਉਂ ਵੱਧ ਖੇਤੀਬਾੜੀ ਲਈ ਵਰਤਿਆ ਜਾਂਦਾ ਹੈ। ਪੰਜਾਬ ਵਿੱਚ ਸੀਵਰੇਜ ਦੇ ਪਾਣੀ ਦੀ ਸੁਧਾਈ ਕਰਕੇ ਇਸ ਨੂੰ ਸਿੰਚਾਈ ਲਈ ਵਰਤਣ ਦਾ ਯਤਨ ਨਹੀਂ ਕੀਤਾ ਗਿਆ ਸਗੋਂ ਇਸ ਨੂੰ ਜਾਂ ਤਾਂ ਧਰਤੀ ਹੇਠ ਭੇਜਿਆ ਜਾ ਰਿਹਾ ਹੈ ਜਾਂ ਦਰਿਆਵਾਂ ਵਿੱਚ ਸੁੱਟਿਆ ਜਾ ਰਿਹਾ ਹੈ। ਇੰਝ ਸਾਡੇ ਦਰਿਆਵਾਂ ਦਾ ਪਾਣੀ ਬੁਰੀ ਤਰ੍ਹਾਂ ਪ੍ਰਦੂਸ਼ਿਤ ਹੋ ਗਿਆ ਹੈ। ਮਾਲਵੇ ਦੇ ਕੁਝ ਇਲਾਕੇ ਵਿੱਚ ਇਸੇ ਪਾਣੀ ਨੂੰ ਪੀਣ ਲਈ ਮਜਬੂਰ ਹੋਣਾ ਪੈਂਦਾ ਹੈ ਜਿਸ ਕਾਰਨ ਇਹ ਇਲਾਕਾ ਕੈਂਸਰ ਪੱਟੀ ਬਣ ਗਿਆ ਹੈ। ਭਵਿੱਖ ਵਿੱਚ ਪਾਣੀ ਸਭ ਤੋਂ ਵੱਡੀ ਸਮੱਸਿਆ ਹੋਵੇਗੀ ਇਸ ਕਰਕੇ ਸਾਨੂੰ ਆਪਣੇ ਦਰਿਆਵਾਂ ਦੀ ਸੰਭਾਲ ਵਲ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ।

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਧਰਤੀ ਉੱਤੇ ਵੱਡੀ ਮਾਤਰਾ ਵਿੱਚ ਪਾਣੀ ਹੈ। ਇੱਕ ਅੰਦਾਜ਼ੇ ਅਨੁਸਾਰ ਧਰਤੀ ਉੱਪਰ 1100 ਖਰਬ ਏਕੜ ਫੁੱਟ ਪਾਣੀ ਹੈ, ਪਰ ਇਸਦਾ 97% ਤੋਂ ਵਧੇਰੇ ਹਿੱਸਾ ਸਮੁੰਦਰੀ ਪਾਣੀ ਹੈ ਜਿਹੜਾ ਅਸੀਂ ਪੀ ਨਹੀਂ ਸਕਦੇ। ਏਸ਼ੀਆ ਅੰਦਰ ਦੁਨੀਆਂ ਦੀ ਦੋ ਤਿਹਾਈ ਆਬਾਦੀ ਵਸਦੀ ਹੈ ਪਰ ਕੁਲ ਵਗਦੇ ਪਾਣੀ ਦਾ ਸਿਰਫ ਤੀਜਾ ਹਿੱਸਾ ਹੀ ਇੱਥੇ ਹੈ। ਇਹਦੇ ਵਿੱਚੋਂ ਕੋਈ 80% ਪਾਣੀ ਕੇਵਲ ਮੌਨਸੂਨ ਰੁੱਤ ਵੇਲੇ ਹੀ ਵਗਦਾ ਹੈ। ਹਰੀ ਕ੍ਰਾਂਤੀ ਨੇ ਅੰਨ ਭੰਡਾਰ ਤਾਂ ਭਰ ਦਿੱਤੇ ਪਰ ਪਾਣੀ ਦੇ ਸੋਮੇ ਖਾਲੀ ਕਰ ਦਿੱਤੇ। ਆਬਾਦੀ ਦਾ ਢਿੱਡ ਤਾਂ ਭਰ ਦਿੱਤਾ ਪਰ ਪਹਿਲਾਂ ਨਾਲੋਂ ਕੋਈ ਤਿੰਨ ਗੁਣਾ ਵਧੇਰੇ ਪਾਣੀ ਖਰਚ ਹੋਇਆ। ਅਜਿਹਾ ਕਰਨਾ ਮਜਬੂਰੀ ਹੈ। ਭੋਜਨ ਮਨੁੱਖ ਦੀ ਮੁਢਲੀ ਲੋੜ ਹੈ ਇਸ ਕਰਕੇ ਰੋਟੀ ਦੇਣਾ ਤਾਂ ਹਰੇਕ ਸਰਕਾਰ ਦਾ ਪਹਿਲਾ ਫ਼ਰਜ਼ ਬਣਦਾ ਹੈ। ਖਤਮ ਹੋ ਰਹੇ ਪਾਣੀ ਦੀ ਸੰਭਾਲ ਲਈ ਤੇਜ਼ੀ ਨਾਲ ਵਧ ਰਹੀ ਆਬਾਦੀ ਉੱਤੇ ਵੀ ਲਗਾਮ ਲਗਾਉਣ ਦੀ ਲੋੜ ਹੈ। ਦੇਸ਼ ਵਿੱਚ ਲੋਕ ਰਾਜ ਵੋਟ ਰਾਜ ਬਣ ਰਿਹਾ ਹੈ। ਵੋਟ ਰਾਜ ਵਿੱਚ ਆਬਾਦੀ ਦੇ ਵਾਧੇ ਨੂੰ ਰੋਕਣ ਵਲ ਕੋਈ ਸਰਕਾਰ ਵੀ ਧਿਆਨ ਨਹੀਂ ਦੇ ਰਹੀ। ਇਹ ਵੀ ਪਤਾ ਲੱਗਿਆ ਹੈ ਕਿ ਧਰਤੀ ਹੇਠਲੇ ਡੂੰਘੇ ਪਾਣੀਆਂ ਵਿੱਚ ਆਰਸੈਨਿਕ ਦੀ ਮਾਤਰਾ ਵਧ ਹੁੰਦੀ ਹੈ। ਹੁਣ ਜਦੋਂ ਇਹ ਪਾਣੀ ਕੱਢਿਆ ਜਾ ਰਿਹਾ ਹੈ ਤਾਂ ਇਹ ਜ਼ਹਿਰ ਮਨੁੱਖ ਅਤੇ ਪਸ਼ੂ ਖਾ ਰਹੇ ਹਨ। ਇਸ ਨੂੰ ਰੋਕਣ ਲਈ ਸਾਨੂੰ ਆਪਣੇ ਜਲ ਭੰਡਾਰ ਭਰਨ ਵਲ ਧਿਆਨ ਦੇਣਾ ਜ਼ਰੂਰੀ ਹੈ। ਹੁਣ ਜਦੋਂ ਧਰਤੀ ਹੇਠੋਂ ਪਾਣੀ ਕੱਢਿਆ ਜਾਂਦਾ ਹੈ ਤਾਂ ਉਨ੍ਹਾਂ ਖਾਲੀ ਥਾਂਵਾਂ ਉੱਤੇ ਫੈਕਟਰੀਆਂ ਅਤੇ ਪਖਾਨਿਆਂ ਦਾ ਗੰਦਾ ਪਾਣੀ ਭਰਿਆ ਜਾ ਰਿਹਾ ਹੈ। ਇਸ ਸੰਬੰਧੀ ਖੋਜ ਦੀ ਲੋੜ ਹੈ ਤਾਂ ਜੁ ਇਨਸਾਨੀ ਮਲ ਮੂਤਰ ਧਰਤੀ ਹੇਠ ਨਾ ਜਾਵੇ ਸਗੋਂ ਇਸ ਨੂੰ ਸੋਧ ਕੇ ਖੇਤੀ ਲਈ ਵਰਤਿਆ ਜਾਵੇ।

ਖੇਤੀ ਖੋਜ ਨੂੰ ਨਵਾਂ ਮੋੜ ਦੇਣ ਦੀ ਲੋੜ ਹੈ। ਅਜਿਹੀਆਂ ਫ਼ਸਲਾਂ ਅਤੇ ਘੱਟ ਪਾਣੀ ਦੀ ਲੋੜ ਵਾਲੀਆਂ ਕਿਸਮਾਂ ਵਿਕਸਤ ਕੀਤੀਆਂ ਜਾਣ। ਸਿੰਜਾਈ ਦੇ ਨਵੇਂ ਢੰਗ ਤਰੀਕੇ ਵਿਕਸਤ ਕੀਤੇ ਜਾਣ ਅਤੇ ਉਨ੍ਹਾਂ ਦੀ ਪਾਲਣਾ ਲਈ ਸੰਜੀਦਾ ਯਤਨ ਕੀਤੇ ਜਾਣ। ਸਾਰੀਆਂ ਨਹਿਰਾਂ ਅਤੇ ਖਾਲਿਆਂ ਦੀ ਸਫਾਈ ਕਰਕੇ ਉਨ੍ਹਾਂ ਦੇ ਕੰਢੇ ਮਜ਼ਬੂਤ ਕੀਤੇ ਜਾਣ ਤਾਂ ਜੋ ਮੀਂਹ ਦਾ ਪਾਣੀ ਉੱਥੇ ਖੜ੍ਹਾ ਕੀਤਾ ਜਾ ਸਕੇ। ਪਿੰਡਾਂ ਦੇ ਛਪੜਾਂ ਨੂੰ ਮੁੜ ਸੁਰਜੀਤ ਕੀਤਾ ਜਾਵੇ। ਬਾਰਸ਼ ਦੇ ਪਾਣੀ ਨੂੰ ਧਰਤੀ ਹੇਠ ਭੇਜਣ ਲਈ ਵੱਡੀ ਪੱਧਰ ਉੱਤੇ ਯਤਨ ਕਰਨੇ ਜ਼ਰੂਰੀ ਹਨ। ਹੁਣ ਇਸ ਪਾਸੇ ਕੋਈ ਖਾਸ ਯਤਨ ਨਹੀਂ ਹੋ ਰਹੇ ਹਨ। ਗੈਰ ਖੇਤੀ ਲਈ ਵਰਤੇ ਜਾ ਰਹੇ ਪਾਣੀ ਦੀ ਗਲਤ ਵਰਤੋਂ ਨੂੰ ਰੋਕਿਆ ਜਾਵੇ ਅਤੇ ਘੱਟ ਤੋਂ ਘੱਟ ਪਾਣੀ ਨਾਲ ਗੁਜ਼ਾਰਾ ਕਰਨ ਲਈ ਲੋਕਾਂ ਨੂੰ ਸਿੱਖਿਅਤ ਕੀਤਾ ਜਾਵੇ। ਮਈ ਜੂਨ ਦੇ ਮਹੀਨੇ ਫ਼ਸਲਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਨਾ ਕੀਤਾ ਜਾਵੇ। ਦਾਲਾਂ, ਬਾਜਰਾ, ਮੱਕੀ ਆਦਿ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਉਨ੍ਹਾਂ ਦੀ ਘੱਟੋ ਘੱਟ ਸਮਰਥਨ ਮੁੱਲ ਉੱਤੇ ਖਰੀਦ ਯਕੀਨੀ ਬਣਾਈ ਜਾਵੇ। ਬਾਜਰੇ ਅਤੇ ਬਾਸਮਤੀ ਦੀ ਕਾਸ਼ਤ ਨੂੰ ਮਕਬੂਲ ਬਣਾਇਆ ਜਾਵੇ। ਅਗੇਤਾ ਝੋਨਾ ਲਗਾਉਣ ਦੇ ਰੁਝਾਨ ਨੂੰ ਠੱਲ੍ਹ ਪਾਈ ਜਾਵੇ। ਕਦੇ ਸਰਕਾਰ ਨੇ ਇਸ ਉੱਤੇ ਰੋਕ ਲਗਾਈ ਸੀ ਜਿਸ ਨਾਲ ਪਾਣੀ ਦੀ ਚੋਖੀ ਬੱਚਤ ਹੋਈ ਸੀ। ਪਿੰਡਾਂ ਦੀਆਂ ਢਾਬਾਂ ਅਤੇ ਖਾਲ਼ਿਆਂ ਨੂੰ ਲੋਕਾਂ ਦੇ ਕਬਜ਼ਿਆਂ ਵਿੱਚੋਂ ਛੁਡਾ ਕੇ ਮੁੜ ਚਾਲੂ ਕੀਤਾ ਜਾਵੇ। ਸ਼ਹਿਰਾਂ ਦੀਆਂ ਪਾਰਕਾਂ ਵਿੱਚ ਘਾਹ ਨੂੰ ਪਾਣੀ ਲਗਾਉਣ ਲਈ ਨਿਯਮ ਬਣਾਏ ਜਾਣ ਤਾਂ ਜੋ ਪਾਣੀ ਨੂੰ ਬਚਾਇਆ ਜਾ ਸਕੇ। ਜੇਕਰ ਸੰਜੀਦਾ ਯਤਨ ਨਾ ਕੀਤੇ ਗਏ ਤਾਂ ਪੀਣ ਲਈ ਵੀ ਸ਼ੁੱਧ ਪਾਣੀ ਮਿਲਣਾ ਮੁਸ਼ਕਿਲ ਹੋ ਜਾਵੇਗਾ ਤੇ ਬੋਤਲਾਂ ਦਾ ਬੰਦ ਪਾਣੀ ਪੀਣ ਲਈ ਮਜਬੂਰ ਹੋਣਾ ਪਵੇਗਾ।

**ਡਾ. ਰਣਜੀਤ ਸਿੰਘ**

# ਮੁੱਖ ਮੰਤਰੀ ਨੇ ਸੂਬੇ ਦੇ ਸੈਰ-ਸਪਾਟਾ ਖੇਤਰ ਨੂੰ ਨਵੇਂ ਸਿਖਰ 'ਤੇ ਲੈ ਜਾਣ ਦਾ ਲਿਆ ਪ੍ਰਣ



ਜਾਗ੍ਰਤੀ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਾਹੀ ਸ਼ਹਿਰ ਦੇ ਕਿਲ੍ਹਾ ਮੁਬਾਰਕ ਵਿਖੇ ਬਣਾਇਆ ਗਿਆ ਆਪਣੀ ਕਿਸਮ ਦਾ ਪਹਿਲਾ ਬੁਟੀਕ ਅਤੇ ਵਿਰਾਸਤੀ ਹੋਟਲ ਰਨ ਬਾਸ- ਪੈਲੇਸ ਲੋਕਾਂ ਨੂੰ ਸਮਰਪਿਤ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਬਾਖੂਬੀ ਢੰਗ ਨਾਲ ਡਿਜ਼ਾਈਨ ਕੀਤਾ ਗਿਆ ਅਤੇ ਜਨਤਕ ਨਿੱਜੀ ਭਾਈਵਾਲੀ ਤਹਿਤ ਉਸਾਰਿਆ ਗਿਆ ਇਹ ਹੋਟਲ ਐਸ਼ੋ-ਆਰਾਮ, ਮਹਿਮਾਨ ਨਿਵਾਜ਼ੀ ਅਤੇ ਸ਼ਾਨੋ-ਸ਼ੌਕਤ ਦੇ ਮਾਪਦੰਡਾਂ ਨੂੰ ਧਿਆਨ ਵਿੱਚ ਰੱਖ ਕੇ ਬਣਾਇਆ ਗਿਆ ਹੈ, ਜੋ ਨਵਾਂ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਇਹ ਸ਼ਾਨਦਾਰ ਹੋਟਲ ਡੈਸਟੀਨੇਸ਼ਨ ਵੈਡਿੰਗ ਅਤੇ ਹੋਰ ਪੱਖੋਂ ਤੋਂ ਲੋਕਾਂ ਲਈ ਪਸੰਦੀਦਾ ਸਥਾਨ ਵਜੋਂ ਉੱਭਰ ਕੇ ਸਾਹਮਣੇ ਆਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਹੋਟਲ ਸੂਬੇ ਵਿੱਚ ਸੈਰ-ਸਪਾਟਾ ਖੇਤਰ ਵਿਸ਼ੇਸ਼ ਕਰ ਕੇ ਸ਼ਾਹੀ ਸ਼ਹਿਰ ਪਟਿਆਲਾ ਨੂੰ ਵੱਡਾ ਹੁਲਾਰਾ ਦੇਵੇਗਾ।

ਮੁੱਖ ਮੰਤਰੀ ਨੇ ਉਮੀਦ ਜਤਾਈ ਕਿ ਸੈਲਾਨੀ ਇਸ ਹੋਟਲ ਵਿੱਚ ਆਰਾਮਦਾਇਕ ਠਹਿਰ ਅਤੇ ਸੂਬੇ ਦੀ ਨਿੱਘੀ ਮਹਿਮਾਨ ਨਿਵਾਜ਼ੀ ਦਾ ਆਨੰਦ ਮਾਣਨਗੇ। ਉਨ੍ਹਾਂ ਕਿਹਾ ਕਿ ਇਹ ਹੋਟਲ ਧਾਰਮਿਕ ਸੈਰ-ਸਪਾਟੇ ਦੇ ਕੇਂਦਰ ਵਜੋਂ ਆਪਣੀ ਮੌਜੂਦਾ ਸਥਿਤੀ ਦੇ ਨਾਲ-ਨਾਲ ਡੈਸਟੀਨੇਸ਼ਨ ਵੈਡਿੰਗ ਲਈ ਤਰਜੀਹੀ ਸਥਾਨ ਵਜੋਂ ਸ਼ਾਹੀ ਸ਼ਹਿਰ ਪਟਿਆਲਾ ਵਿਖੇ ਸੈਰ-ਸਪਾਟੇ ਨੂੰ ਵੱਡਾ ਹੁਲਾਰਾ ਦੇਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਪਣੀ ਵਿਲੱਖਣ ਸ਼ਾਨ ਤੋਂ ਇਲਾਵਾ ਇਹ ਹੋਟਲ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਅਜਿਹੇ ਪ੍ਰਾਜੈਕਟਾਂ ਰਾਹੀਂ ਪੰਜਾਬ ਨੂੰ ਦੇਸ਼ ਦਾ ਮੋਹਰੀ ਸੈਰ-ਸਪਾਟਾ ਸਥਾਨ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਅਹੁਦਾ ਸੰਭਾਲਣ ਦੇ ਪਹਿਲੇ ਦਿਨ ਤੋਂ ਲੈ ਕੇ ਹੀ ਇਹ ਉਨ੍ਹਾਂ ਦਾ ਸੁਪਨਾ ਰਿਹਾ ਹੈ ਕਿ ਪੰਜਾਬ ਦੀ ਵੰਨ-ਸੁਵੰਨਤਾ ਅਤੇ ਅਮੀਰ ਸੱਭਿਆਚਾਰਕ ਵਿਰਾਸਤ ਵਰਗੇ ਪਹਿਲੂਆਂ ਨੂੰ ਦੁਨੀਆ ਭਰ ਦੇ ਲੋਕਾਂ ਦੇ ਸਾਹਮਣੇ ਲੈ ਕੇ ਆਉਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੇ ਦਿਨ ਤੋਂ ਹੀ ਉਨ੍ਹਾਂ ਦੀ ਸਰਕਾਰ ਸਰਕਾਰੀ ਖਜ਼ਾਨੇ ਦੀ ਆਮਦਨ ਵਧਾਉਣ ਲਈ ਅਣਥੱਕ ਮਿਹਨਤ ਕਰ ਰਹੀ ਹੈ ਅਤੇ ਇਸ ਹੋਟਲ ਦੀ ਉਸਾਰੀ ਇਸ ਦਿਸ਼ਾ ਵਿੱਚ ਇੱਕ ਸਾਰਥਕ ਕਦਮ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭੂਗੋਲਿਕ ਤੌਰ 'ਤੇ ਪੰਜਾਬ ਨੂੰ ਕੁਦਰਤ ਨੇ ਬਹੁਤ ਸੁੰਦਰ ਦ੍ਰਿਸ਼ਾਂ ਅਤੇ ਅਨਮੋਲ ਸਰੋਤਾਂ ਦਾ ਖਜ਼ਾਨਾ ਦਿੱਤਾ ਹੈ ਅਤੇ ਸੂਬਾ ਸਰਕਾਰ ਸੈਰ-ਸਪਾਟੇ ਨੂੰ ਨਵੀਂ ਸਿਖਰ 'ਤੇ ਲੈ ਜਾਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਦੁਨੀਆ ਭਰ ਦੇ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ

ਸੂਬੇ ਦੇ ਚੋਹਾਲ ਡੈਮ, ਰਣਜੀਤ ਸਾਗਰ ਡੈਮ, ਸ਼ਾਹਪੁਰ ਕੰਢੀ ਡੈਮ ਅਤੇ ਕੰਢੀ ਖੇਤਰਾਂ ਨੂੰ ਵਿਲੱਖਣ ਸੈਰ-ਸਪਾਟਾ ਸਥਾਨਾਂ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਖੇਤਰਾਂ ਨੂੰ ਸੈਰ-ਸਪਾਟਾ ਸਥਾਨ ਵਜੋਂ ਵਿਕਸਤ ਕਰਨ ਦੀ ਵੱਡੀ ਸੰਭਾਵਨਾ ਹੈ, ਜਿਸ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕੋਲ ਗੋਆ, ਜੈਪੁਰ (ਰਾਜਸਥਾਨ), ਮੈਕਲੌਡਗੰਜ (ਹਿਮਾਚਲ ਪ੍ਰਦੇਸ਼) ਅਤੇ ਹੋਰ ਰਾਜਾਂ ਵਿੱਚ ਵੀ ਜ਼ਮੀਨ ਹੈ, ਜਿਸ ਨੂੰ ਆਗਾਮੀ ਦਿਨਾਂ ਵਿੱਚ ਸੈਰ-ਸਪਾਟੇ ਦੇ ਸਥਾਨਾਂ ਵਜੋਂ ਵਿਕਸਤ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬੇ ਦਾ ਪਹਿਲਾ ਵਿਰਾਸਤੀ ਹੋਟਲ ਹੈ ਅਤੇ ਸੂਬੇ ਦੀਆਂ ਇਤਿਹਾਸਕ ਇਮਾਰਤਾਂ ਦੀ ਸਰਬੋਤਮ ਵਰਤੋਂ ਕਰਕੇ ਅਜਿਹੇ ਹੋਰ ਪ੍ਰਾਜੈਕਟ ਵਿਕਸਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਕੁਦਰਤੀ ਤੌਰ 'ਤੇ ਸੁੰਦਰ ਦ੍ਰਿਸ਼ਾਂ ਨਾਲ ਭਰਪੂਰ ਹੈ, ਜਿਸ ਦੀ ਵਰਤੋਂ ਫਿਲਮ ਇੰਡਸਟਰੀ ਅਤੇ ਹੋਰ ਉਦਯੋਗ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਮਿਸ਼ਨ ਲਈ ਅਣਥੱਕ ਮਿਹਨਤ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸੂਬੇ ਵਿੱਚ ਸੈਰ-ਸਪਾਟਾ ਖੇਤਰ ਨੂੰ ਵੱਡਾ ਹੁਲਾਰਾ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੱਦੀ ਪਿੰਡ ਵਿਖੇ ਇੱਕ ਵਿਰਾਸਤੀ ਗਲੀ ਦਾ ਨਿਰਮਾਣ ਕਰੇਗੀ, ਜੋ ਕੌਮੀ ਆਜ਼ਾਦੀ ਸੰਗਰਾਮ ਵਿੱਚ ਪੰਜਾਬ ਅਤੇ ਪੰਜਾਬੀਆਂ ਦੇ ਸ਼ਾਨਦਾਰ ਯੋਗਦਾਨ ਨੂੰ ਦਰਸਾਏਗੀ। ਉਨ੍ਹਾਂ ਕਿਹਾ ਕਿ ਇਹ 850 ਮੀਟਰ ਲੰਬੀ ਵਿਰਾਸਤੀ ਗਲੀ ਮੌਜੂਦਾ ਅਜਾਇਬ ਘਰ ਤੋਂ ਖਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਦੇ ਜੱਦੀ ਘਰ ਤੱਕ ਬਣਾਈ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਗਲੀ ਕੌਮੀ ਆਜ਼ਾਦੀ ਸੰਗਰਾਮ ਵਿੱਚ ਸੂਬੇ ਦੇ ਸ਼ਾਨਦਾਰ ਯੋਗਦਾਨ ਨੂੰ ਦਰਸਾਉਂਦੀ ਹੈ, ਜੋ ਨੌਜਵਾਨਾਂ ਨੂੰ ਦੇਸ਼ ਲਈ ਪੂਰੇ ਜੋਸ਼ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦੀ ਰਹੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਅਤੇ ਦੇਸ਼ ਵਿੱਚ ਕਿਸੇ ਨੂੰ ਵੀ ਸਿਆਸੀ ਪਾਰਟੀਆਂ ਬਣਾਉਣ ਦਾ ਅਧਿਕਾਰ ਹੈ ਪਰ ਇਸ ਦੀ ਕਿਸਮਤ ਦਾ ਫੈਸਲਾ ਕਰਨਾ ਲੋਕਾਂ ਦੇ ਹੱਥ ਵਿੱਚ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਪਸੀ ਸਾਂਝ ਇੰਨੀ ਮਜ਼ਬੂਤ ਹੈ ਕਿ ਪੰਜਾਬ ਦੀ ਉਪਜਾਊ ਧਰਤੀ 'ਤੇ ਇੱਥੇ ਕੁਝ ਵੀ ਉੱਗ ਸਕਦਾ ਹੈ ਪਰ ਨਫ਼ਰਤ ਦਾ ਬੀਜ ਨਹੀਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਸੰਤਾਂ ਅਤੇ ਪੀਰ-ਪੈਗੰਬਰਾਂ ਦੀ ਪਵਿੱਤਰ ਧਰਤੀ ਹੈ, ਜਿਨ੍ਹਾਂ ਨੇ ਸਾਨੂੰ ਆਪਸੀ ਪਿਆਰ ਅਤੇ ਸਹਿਣਸ਼ੀਲਤਾ ਦਾ ਰਸਤਾ ਦਿਖਾਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪਟਿਆਲਾ ਦੇ 18ਵੀਂ ਸਦੀ ਦੇ ਕਿਲ੍ਹਾ ਮੁਬਾਰਕ ਕੰਪਲੈਕਸ ਦੇ ਅੰਦਰ ਸਥਿਤ, ਰਨ ਬਾਸ ਪੈਲੇਸ ਸੂਬੇ ਦੀ ਅਮੀਰ, ਸ਼ਾਹੀ ਅਤੇ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਣ ਬਾਸ ਵਿਲੱਖਣ 35 ਸੂਟਜ਼, ਲਜ਼ੀਜ਼ ਖਾਣ-ਪਾਣ ਤੋਂ ਇਲਾਵਾ ਸਿਹਤ ਤੇ ਤੰਦਰੁਸਤੀ ਲਈ ਵੱਖ-ਵੱਖ ਸਹੂਲਤਾਂ ਨਾਲ ਇਹ ਪੈਲੇਸ ਸੈਲਾਨੀਆਂ ਨੂੰ ਅਦਭੁੱਤ ਅਨੁਭਵ ਪ੍ਰਦਾਨ ਕਰੇਗਾ। ਉਨ੍ਹਾਂ ਕਿਹਾ ਕਿ ਇਹ ਪੈਲੇਸ ਅਤੇ ਵਿਸ਼ਾਲ ਕਿਲ੍ਹਾ, ਸ਼ਾਹੀ ਸ਼ਹਿਰ ਪਟਿਆਲਾ ਦੀਆਂ ਰਿਵਾਇਤੀ ਪਰੰਪਰਾਵਾਂ ਤੋਂ ਲੈ ਕੇ ਮਹਿਲ ਦੀ ਵਾਸਤੂ ਕਲਾ ਤੱਕ ਇਸ ਦੀ ਅਮੀਰ ਵਿਰਾਸਤ ਨੂੰ ਦਰਸਾਉਂਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਆਪਣੀ ਕਿਸਮ ਦੇ ਪਹਿਲੇ ਹੋਟਲ ਵਿੱਚ ਸੂਬੇ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰ ਨੂੰ ਆਧੁਨਿਕ ਅਤੇ ਬਾਖੂਬੀ ਢੰਗ ਨਾਲ ਦਰਸਾਇਆ ਗਿਆ ਹੈ ਅਤੇ ਸੈਲਾਨੀਆਂ ਨੂੰ ਵਿਲੱਖਣ ਅਨੁਭਵ ਅਤੇ ਉੱਚ-ਪੱਧਰੀ ਸੇਵਾਵਾਂ ਪ੍ਰਦਾਨ ਕਰੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸ਼ਾਨਦਾਰ ਕਿਲ੍ਹਾ ਭਾਰਤ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ ਅਤੇ ਇਹ ਸੂਬੇ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦਾ ਹੈ, ਜੋ ਮੁਗਲ ਅਤੇ ਰਾਜਸਥਾਨੀ ਵਾਸਤੂ ਕਲਾ ਸ਼ੈਲੀਆਂ ਦੇ ਆਪਸੀ ਮਿਸ਼ਰਣ ਦੀ ਇੱਕ ਸ਼ਾਨਦਾਰ ਉਦਾਹਰਣ ਹੈ। ਉਨ੍ਹਾਂ ਨੇ ਪਟਿਆਲਾ ਨੂੰ ਇੱਕ ਸੈਰ-ਸਪਾਟਾ ਸਥਾਨ ਵਜੋਂ ਸਥਾਪਤ ਕਰਨ ਲਈ ਪੰਜਾਬ ਦੀ ਅਥਾਹ ਸੰਭਾਵਨਾ ਨੂੰ ਮਾਨਤਾ ਦਿੰਦਿਆਂ ਕਿਹਾ ਕਿ ਇਹ ਹੋਟਲ ਪੰਜਾਬ ਦੀ ਮਹਿਮਾਨ ਨਿਵਾਜ਼ੀ ਵਿੱਚ ਨਵੀਂ ਪੁਲਾਂਘ ਹੈ ।

ਮੁੱਖ ਮੰਤਰੀ ਨੇ ਉਮੀਦ ਪ੍ਰਗਟ ਕੀਤੀ ਕਿ ਇਹ ਵੱਕਾਰੀ ਪ੍ਰਾਜੈਕਟ ਸੈਰ-ਸਪਾਟੇ ਨੂੰ ਨਵੀਆਂ ਸਿਖਰਾਂ 'ਤੇ ਲੈ ਜਾਣ ਦੇ ਨਾਲ-ਨਾਲ ਸਥਾਨਕ ਕਾਰੋਬਾਰਾਂ ਲਈ ਮੌਕੇ ਪੈਦਾ ਕਰੇਗਾ ਅਤੇ ਪਟਿਆਲਾ ਦੀ ਅਮੀਰ ਸੱਭਿਆਚਾਰਕ ਪਛਾਣ ਅਤੇ ਵਿਰਾਸਤ ਨੂੰ ਪ੍ਰਦਰਸ਼ਿਤ ਕਰਦਿਆਂ ਵਿਸ਼ਵ ਭਰ ਤੋਂ ਸੈਲਾਨੀਆਂ ਨੂੰ ਆਕਰਸ਼ਿਤ ਕਰੇਗਾ, ਜਿਸ ਨਾਲ ਖੇਤਰ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਮਿਲੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਹੋਟਲ ਨੂੰ ਪੰਜਾਬ ਦੇ ਪਹਿਲੇ ਲਗਜ਼ਰੀ ਪੈਲੇਸ ਹੋਟਲ ਵਜੋਂ ਬਹਾਲ ਕੀਤਾ ਗਿਆ ਹੈ, ਜੋ ਆਧੁਨਿਕ ਸਹੂਲਤਾਂ ਅਤੇ ਸੂਬੇ ਦੀ ਅਮੀਰ ਵਿਰਾਸਤ ਦਾ ਵਿਲੱਖਣ ਸੁਮੇਲ ਹੈ। ਉਨ੍ਹਾਂ ਕਿਹਾ ਕਿ ਇਹ ਮਹਿਲ ਮੁਗਲ, ਰਾਜਪੂਤ, ਸਿੱਖ ਅਤੇ ਬਸਤੀਵਾਦੀ ਵਾਸਤੂ ਕਲਾ ਅਤੇ ਸ਼ੈਲੀਆਂ ਦਾ ਅਦਭੁੱਤ ਸੁਮੇਲ ਹੈ, ਜੋ ਪੰਜਾਬ ਦੀ ਅਮੀਰ ਵਿਰਾਸਤ ਨੂੰ ਬਣਾਈ ਰੱਖਣ ਵਿੱਚ ਅਹਿਮ ਸਿੱਧ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਤਿੰਨ ਮੰਜ਼ਿਲਾਂ ਵਿੱਚ ਫੈਲਿਆ ਇਹ ਹੋਟਲ ਆਧੁਨਿਕ ਸਹੂਲਤਾਂ ਨਾਲ ਲੈਸ ਹੈ, ਜਿਸ ਵਿੱਚ ਦਿਨ ਭਰ ਖਾਣ-ਪੀਣ ਦੀ ਸਹੂਲਤ ਵਾਲੇ ਰੇਸਤਰਾਂ ਨਾਲ ਹੋਰ ਬਹੁਤ ਕੁਝ ਸ਼ਾਮਲ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ਼ਾਨਦਾਰ ਰਿਹਾਇਸ਼ ਦੀ ਪੇਸ਼ਕਸ਼ ਦੇ ਨਾਲ-ਨਾਲ, ਰਨ ਬਾਸ-ਦ ਪੈਲੇਸ ਪ੍ਰਦਰਸ਼ਨੀ ਅਤੇ ਬੈਠਕ ਸਥਾਨਾਂ ਦੀ ਸਹੂਲਤ ਪ੍ਰਦਾਨ ਕਰਦਾ ਹੈ, ਜੋ ਨਿੱਜੀ ਸਮਾਗਮਾਂ ਅਤੇ ਜਸ਼ਨਾਂ ਵਿੱਚ ਸ਼ਾਹੀ ਅਹਿਸਾਸ ਭਰਨ ਲਈ ਪੂਰੀ ਤਰ੍ਹਾਂ ਸੰਪੂਰਨ ਹੈ। ਉਨ੍ਹਾਂ ਕਿਹਾ ਕਿ ਸੈਲਾਨੀਆਂ ਲਈ ਆਕਰਸ਼ਿਤ ਥਾਵਾਂ ਤੇ ਧਾਰਮਿਕ ਅਤੇ ਘੁੰਮਣ ਫਿਰਨ ਲਈ ਹੋਰ ਸਥਾਨਾਂ ਦੇ ਨੇੜੇ ਸਥਿਤ ਹੋਣ ਕਰ ਕੇ ਇਹ ਹੋਟਲ ਸ਼ਾਹੀ ਸ਼ਹਿਰ ਨੂੰ ਚੰਗੀ ਤਰ੍ਹਾਂ ਦੇਖਣ ਦਾ ਵਿਸ਼ਾਲ ਤਜਰਬਾ ਪ੍ਰਦਾਨ ਕਰਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਹੋਟਲ ਪੰਜਾਬ ਸਰਕਾਰ ਦੀ ਸੂਬੇ ਦੀ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਨੂੰ ਸੁਰੱਖਿਅਤ ਰੱਖਣ ਦੀ ਵਚਨਬੱਧਤਾ ਪ੍ਰਤੀ ਮਹੱਤਵਪੂਰਨ ਮੀਲ ਪੱਥਰ ਹੈ। ਉਨ੍ਹਾਂ ਕਿਹਾ ਕਿ ਆਪਣੀ ਸ਼ਾਨਦਾਰ ਸਥਿਤੀ ਅਤੇ ਢੁਕਵੀਂ ਰੇਲ, ਹਵਾਈ ਤੇ ਸੜਕੀ ਸੰਪਰਕ ਕਾਰਨ ਇਹ ਹੋਟਲ ਸੈਲਾਨੀਆਂ ਲਈ ਸੈਰ-ਸਪਾਟੇ ਦਾ ਪਸੰਦੀਦਾ ਸਥਾਨ ਬਣ ਜਾਵੇਗਾ।

# ਅਮਰੂਦ ਦੀ ਕਾਸ਼ਤ ਰਾਹੀਂ ਫਸਲੀ ਵਿਭਿੰਨਤਾ ਨੂੰ ਵਧਾਓ

ਅਮਰੂਦ ਸਖ਼ਤ-ਜਾਨ ਹੋਣ ਕਰਕੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਪੈਦਾ ਕੀਤਾ ਜਾਂਦਾ ਹੈ। ਜਿਨ੍ਹਾਂ ਇਲਾਕਿਆਂ ਵਿੱਚ ਵਧੇਰੀ ਸਰਦੀ ਦਾ ਮੌਸਮ ਹੋਵੇ ਉਹ ਝਾੜ ਵਧਾਉਣ ਅਤੇ ਫ਼ਲ ਦੇ ਗੁਣਾਂ 'ਚ ਸੁਧਾਰ ਲਈ ਉੱਤਮ ਸਮਝਿਆ ਜਾਂਦਾ ਹੈ।

ਅਮਰੂਦ ਪੰਜਾਬ ਦਾ ਇੱਕ ਬਹੁਤ ਮਸ਼ਹੂਰ ਫ਼ਲ ਹੈ ਅਤੇ ਇਹ ਸਾਲ ਵਿੱਚ ਦੋ ਵਾਰ ਬਰਸਾਤੀ ਅਤੇ ਸਿਆਲੂ ਫ਼ਲ ਦਿੰਦਾ ਹੈ। ਅਮਰੂਦ ਕਾਸ਼ਤ ਦੇ ਹਿਸਾਬ ਨਾਲ ਕਿੰਨੂ ਤੋਂ ਬਾਅਦ ਆਉਂਦਾ ਹੈ। ਅਮਰੂਦ ਸਖ਼ਤ-ਜਾਨ ਹੋਣ ਕਰਕੇ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਪੈਦਾ ਕੀਤਾ ਜਾਂਦਾ ਹੈ। ਜਿਨ੍ਹਾਂ ਇਲਾਕਿਆਂ ਵਿੱਚ ਵਧੇਰੀ ਸਰਦੀ ਦਾ ਮੌਸਮ ਹੋਵੇ ਉਹ ਝਾੜ ਵਧਾਉਣ ਅਤੇ ਫ਼ਲ ਦੇ ਗੁਣਾਂ 'ਚ ਸੁਧਾਰ ਲਈ ਉੱਤਮ ਸਮਝਿਆ ਜਾਂਦਾ ਹੈ।

ਇਹ ਹਲਕੀਆਂ, ਕਲਰਾਠੀਆਂ ਅਤੇ ਮਾੜੇ-ਨਿਕਾਸ ਵਾਲੀਆਂ ਜ਼ਮੀਨਾਂ ਵਿੱਚ ਵੀ ਉਗਾਇਆ ਜਾ ਸਕਦਾ ਹੈ। ਇਸ ਦੀ ਪੈਦਾਵਾਰ ਦੀ ਲਾਗਤ ਵੀ ਘੱਟ ਹੈ ਕਿਉਂਕਿ ਇਸ ਦੀ ਖਾਦ, ਸਿੰਚਾਈ ਅਤੇ ਪੌਦਿਆਂ ਦੀ ਸੁਰੱਖਿਆ ਲਈ ਲੋੜ ਜ਼ਿਆਦਾ ਨਹੀਂ ਹੈ। ਇਹ ਇੱਕ ਬਹੁਤ ਗੁਣਕਾਰੀ ਫ਼ਲ ਹੈ ਅਤੇ ਇਸ ਵਿੱਚ ਵਿਟਾਮਿਨ ਏ, ਵਿਟਾਮਿਨ ਸੀ, ਆਇਰਨ, ਫਾਸਫੋਰਸ ਅਤੇ ਕੈਲਸ਼ੀਅਮ ਭਰਪੂਰ ਹੁੰਦੀ ਹੈ।

ਅਮਰੂਦ ਦੇ ਫ਼ਲ ਵਿੱਚ ਵਿਟਾਮਿਨ ਸੀ ਦੀ ਮਾਤਰਾ ਨਿੰਬੂ ਜਾਤੀ ਦੇ ਫਲਾਂ ਨਾਲੋਂ 4-5 ਗੁਣਾ ਜ਼ਿਆਦਾ ਹੁੰਦੀ ਹੈ। ਅਮਰੂਦ ਦੇ ਪੱਕੇ ਹੋਏ ਫ਼ਲ ਵਿੱਚ 82% ਪਾਣੀ, 2.45% ਐਸਿਡ, 9.73% ਟੀ.ਐੱਸ.ਐੱਸ, 0.48% ਸੁਆਹ ਅਤੇ 260 ਮਿਲੀਗ੍ਰਾਮ ਵਿਟਾਮਿਨ ਸੀ ਪ੍ਰਤੀ 100 ਗ੍ਰਾਮ ਫਲ ਹੁੰਦਾ ਹੈ। ਅਮਰੂਦ ਵਿੱਚ ਐਂਟੀਔਕਸੀਡੈਂਟ ਅੰਸ਼ ਹੁੰਦੇ ਹਨ ਅਤੇ ਇਹ ਉਪਰਲੇ ਖ਼ੂਨ ਦੇ ਦਬਾਅ ਨੂੰ ਠੀਕ ਕਰਦਾ ਹੈ। ਅਮਰੂਦ ਵਿਚ ਫੀਨੋਲਿਕ ਮਿਸ਼ਰਣ ਕੈਂਸਰ ਦੇ ਸੈੱਲਾਂ ਨੂੰ ਠੀਕ ਕਰਨ ਅਤੇ ਚਮੜੀ ਦੀ ਉਮਰ ਨੂੰ ਰੋਕਣ ਵਿਚ ਮਦਦ ਕਰਦੇ ਹਨ। ਪੰਜਾਬ ਵਿਚ ਅਮਰੂਦ ਦੀ ਸਫਲ ਕਾਸ਼ਤ ਲਈ ਹੇਠ ਦਿੱਤੇ ਤਕਨੀਕਾਂ ਨੂੰ ਅਪਣਾਓ।

**ਉੱਨਤ ਕਿਸਮਾਂ:**

| **ਉੱਨਤ ਕਿਸਮ** | **ਗੁਣ** |
|---|---|
| ਪੰਜਾਬ ਐਪਲ ਅਮਰੂਦ | ਇਸ ਕਿਸਮ ਦੇ ਬੂਟੇ ਦਰਮਿਆਨੇ, ਫ਼ਲ ਗੋਲ ਅਤੇ ਗੂੜ੍ਹੀ ਲਾਲ ਚਮੜੀ ਵਾਲੇ ਹੁੰਦੇ ਹਨ । ਇਸ ਦਾ ਔਸਤਨ ਝਾੜ 100-125 ਕਿੱਲੋ ਪ੍ਰਤੀ ਬੂਟਾ ਹੋ ਸਕਦਾ ਹੈ। |
| ਪੰਜਾਬ ਕਿਰਨ | ਇਸ ਕਿਸਮ ਦੇ ਦਰੱਖਤ ਦਰਮਿਆਨੇ, ਫ਼ਲ ਦਰਮਿਆਨੇ, ਗੋਲ ਤੋਂ ਹਲਕੇ ਲੰਬੂਤਰੇ, ਗੁਲਾਬੀ ਗੁੱਦੇ ਵਾਲੇ, ਛੋਟੇ ਅਤੇ ਨਰਮ ਬੀਜਾਂ ਵਾਲੇ ਹੁੰਦੇ ਹਨ ।ਇਸਦਾ ਔਸਤਨ ਝਾੜ 100-125 ਕਿੱਲੋ ਪ੍ਰਤੀ ਬੂਟਾ ਹੁੰਦਾ ਹੈ । |
| ਪੰਜਾਬ ਸਫ਼ੈਦਾ | ਇਸ ਕਿਸਮ ਦੇ ਦਰੱਖਤ ਭਰਵੇਂ, ਫ਼ਲ ਦਰਮਿਆਨੇ ਤੋਂ ਵੱਡੇ ਅਕਾਰ ਦੇ, ਗੋਲ, ਮੁਲਾਇਮ, ਕਰੀਮੀ ਅਤੇ ਚਿੱਟੇ ਗੁੱਦੇ ਵਾਲੇ ਹੁੰਦੇ ਹਨ ।ਇਸਦਾ ਦਾ ਔਸਤਨ ਝਾੜ 125-150 ਕਿੱਲੋ ਪ੍ਰਤੀ ਬੂਟਾ ਹੁੰਦਾ ਹੈ । |
| ਸ਼ਵੇਤਾ | ਇਸ ਕਿਸਮ ਦੇ ਬੂਟੇ ਦਰਮਿਆਨੇ, ਫ਼ਲ ਬੈਠਵੇ ਗੋਲ, ਮੁਲਾਇਮ, ਕਰੀਮੀ ਚਿੱਟੇ ਗੁੱਦੇ ਵਾਲੇ ਹੁੰਦੇ ਹਨ। ਇਸ ਦਾ ਔਸਤਨ ਝਾੜ 150 ਕਿਲੋ ਪ੍ਰਤੀ ਬੂਟਾ ਹੁੰਦਾ ਹੈ। |
| ਪੰਜਾਬ-ਪਿੰਕ | ਇਸ ਕਿਸਮ ਦੇ ਬੂਟੇ ਭਰਵੇਂ, ਫ਼ਲ ਦਰਮਿਆਨੇ ਤੋਂ ਵੱਡੇ ਅਕਾਰ ਦੇ ਸੁਨਹਿਰੀ ਪੀਲੇ ਰੰਗ ਦੇ ਹੁੰਦੇ ਹਨ। ਗੁੱਦਾ ਲਾਲ ਅਤੇ ਦਿਲ ਖਿੱਚਵੀਂ ਖੁਸ਼ਬੂ ਵਾਲਾ ਹੁੰਦਾ ਹੈ ।ਇਸ ਦਾ ਔਸਤਨ ਝਾੜ 150-160 ਕਿਲੋ ਪ੍ਰਤੀ ਦਰੱਖ਼ਤ ਹੈ। |
| ਅਰਕਾ ਅਮੁਲਿਆ | ਇਸ ਦੇ ਦਰਖਤ ਕੁਝ ਹੱਦ ਤੱਕ ਮੱਧਰੇ ਅਤੇ ਫ਼ਲ ਵੱਡਾ, ਗੋਲ, ਲਿਸ਼ਕਵਾਂ ਤੇ ਚਿੱਟੇ ਗੁੱਦੇ ਵਾਲੇ ਹੁੰਦੇ ਹਨ ।ਬਰਸਾਤ ਤੇ ਸਰਦੀਆਂ ਦੀ ਫ਼ਸਲ ਦਾ ਔਸਤਨ ਝਾੜ 140-150 ਕਿਲੋ ਪ੍ਰਤੀ ਬੂਟਾ ਹੁੰਦਾ ਹੈ । |
| ਅਲਾਹਾਬਾਦ ਸਫ਼ੈਦਾ | ਇਸ ਕਿਸਮ ਦੇ ਬੂਟੇ ਕੁਝ ਮਧਰੇ, ਫ਼ਲ ਗੋਲ, ਮੁਲਾਇਮ ਅਤੇ ਗੁੱਦਾ ਚਿੱਟਾ ਹੁੰਦਾ ਹਨ । ਭਰ-ਜਵਾਨ ਬੂਟਿਆਂ ਤੋਂ 120 ਤੋਂ 140 ਕਿਲੋ ਫ਼ਲ ਪ੍ਰਤੀ ਬੂਟਾ ਮਿਲ ਜਾਂਦਾ ਹੈ। |

**ਬੂਟੇ ਲਗਾਉਣਾ:** ਅਮਰੂਦ ਫ਼ਰਵਰੀ-ਮਾਰਚ ਜਾਂ ਅਗਸਤ-ਸਤੰਬਰ ਦੌਰਾਨ ਲਗਾਇਆ ਜਾ ਸਕਦਾ ਹੈ। ਬੂਟੇ ਸ਼ਿਫ਼ਾਰਸ਼ ਫ਼ਾਸਲੇ ਜਿਵੇਂ ਕਿ 6X5 ਮੀਟਰ ਤੇ ਲਾਉਣੇ ਚਾਹੀਦੇ ਹਨ। ਇਸ ਤਰ੍ਹਾਂ ਪ੍ਰਤੀ ਏਕੜ 132 ਬੂਟੇ ਲਾਏ ਜਾ ਸਕਦੇ ਹਨ।

**ਖਾਦਾਂ ਦੀ ਵਰਤੋਂ:** ਰੂੜੀ ਦੀ ਖਾਦ ਮਈ ਵਿੱਚ ਪਾਉ। ਅੱਧੀਆਂ ਰਸਾਇਣਕ ਖਾਦਾਂ ਮਈ-ਜੂਨ ਤੇ ਅੱਧੀਆਂ ਸਤੰਬਰ-ਅਕਤੂਬਰ ਵਿੱਚ ਪਾਉ। ਝੋਨੇ ਦੀ ਪਰਾਲੀ ਤੋਂ ਬਣੀ ਖਾਦ 20 ਕਿੱਲੋ ਪ੍ਰਤੀ ਬੂਟਾ ਰੂੜੀ ਦੀ ਖਾਦ ਦੇ ਬਦਲ ਵਜੋਂ ਵਰਤੀ ਜਾ ਸਕਦੀ ਹੈ।

ਸਾਰਣੀ 1: ਅਮਰੂਦ ਲਈ ਸਿਫਾਰਿਸ਼ ਕੀਤੀ ਰੂੜੀ ਅਤੇ ਰਸਾਇਣਕ ਖਾਦਾਂ ਦਾ ਵੇਰਵਾ

ਸਮਝਿਆ ਜਾਂਦਾ ਹੈ ਕਿਉਂਕਿ ਬਰਸਾਤ ਦੇ ਮੌਸਮ ਵਿੱਚ ਫ਼ਲਾਂ ਉੱਤੇ ਫ਼ਲ ਦੀ ਮੱਖੀ ਦਾ ਹਮਲਾ ਹੋ ਜਾਂਦਾ ਹੈ।

ਸਾਲ ਵਿੱਚ ਕੇਵਲ ਸਰਦੀਆਂ ਦੀ ਫ਼ਸਲ ਲੈਣ ਲਈ ਹੇਠ ਲਿਖੇ ਢੰਗ ਅਪਣਾਉ:

ੳ. ਯੂਰੀਆ 10 ਪ੍ਰਤੀਸ਼ਤ ਜਾ ਨੈਫਥਲੀਨ ਏਸਟਿਕ ਏਸਿਡ (ਐਨ ਏ ਏ) 600 ਮਿਲੀਗ੍ਰਾਮ ਪ੍ਰਤੀ ਲਿਟਰ ਦਾ ਮਈ ਮਹੀਨੇ ਜਦੋਂ ਭਰਪੂਰ ਫੁੱਲ ਖਿੜੇ ਹੋਣ, ਛਿੜਕਾਅ ਕਰੋ।

ਅ. ਟਹਿਣੀਆਂ ਦੇ 20-30 ਸੈਂਟੀਮੀਟਰ ਉਪਰਲੇ ਸਿਰਿਆ ਨੂੰ 20-30 ਅਪ੍ਰੈਲ ਦੌਰਾਨ ਕੱਟਣ ਨਾਲ ਬਰਸਾਤੀ ਫ਼ਸਲ ਰੁੱਕ ਜਾਂਦੀ ਹੈ।

| **ਸਾਰਣੀ 1: ਅਮਰੂਦ ਲਈ ਸਿਫਾਰਿਸ਼ ਕੀਤੀ ਰੂੜੀ ਅਤੇ ਰਸਾਇਣਕ ਖਾਦਾਂ ਦਾ ਵੇਰਵਾ** | | | | |
|---|---|---|---|---|
| **ਬੂਟੇ ਦੀ ਉਮਰ (ਸਾਲ)** | **ਰੂੜੀ ਦੀ ਖਾਦ (ਕਿਲੋ)** | **ਯੂਰੀਆ (ਕਿਲੋ)** | **ਸੁੱਪਰ ਫਾਸਫੇਟ (ਕਿਲੋ)** | **ਪੋਟਾਸ਼ (ਕਿਲੋ)** |
| 1-3 | 10-20 | 0.15-0.20 | 0.5-1.5 | 0.1-0.4 |
| 4-6 | 25-30 | 0.30-0.60 | 1.5-2.0 | 0.6-1.0 |
| 7-9 | 40-50 | 0.75-1.00 | 2.0-2.5 | 1.0-1.5 |
| 10 ਤੋਂ ਵੱਧ | 50 | 1.0 | 2.5 | 1.5 |

**ਸਿਧਾਈ ਅਤੇ ਕਾਂਟ-ਛਾਂਟ:** ਅਮਰੂਦਾਂ ਦੀ ਸਿਧਾਈ ਫ਼ਲਾਂ ਦੇ ਝਾੜ ਅਤੇ ਗੁਣਾਂ' ਚ ਸੁਧਾਰ ਕਰਦੀ ਹੈ। ਸਿਧਾਈ ਦਾ 'ਸੁਧਰਿਆ ਟੀਸੀ ਢੰਗ' ਆਮ ਵਰਤਿਆ ਜਾਂਦਾ ਹੈ। ਅਮਰੂਦ ਦੇ ਫੁੱਲ ਅਤੇ ਫ਼ਲ ਚਾਲੂ ਮੌਸਮ ਦੌਰਾਨ ਫੁੱਟੀਆਂ ਟਹਿਣੀਆਂ ਤੇ ਲੱਗਦੇ ਹਨ। ਇਸ ਕਰਕੇ ਸਾਲਾਨਾ ਹਲਕੀ ਕਾਂਟ-ਛਾਂਟ ਭਾਵ ਸਿਰੇ ਤੋਂ 10 ਸੈਂਟੀਮੀਟਰ ਕਟਾਈ ਕਰਨ ਨਾਲ ਤੁੜਾਈ ਤੋਂ ਬਾਅਦ ਨਵੀਆਂ ਟਹਿਣੀਆਂ ਦੇ ਵਾਧੇ' ਚ ਲਾਭਦਾਇਕ ਸਹਾਈ ਹੁੰਦੀ ਹੈ। ਇਸ ਤੋਂ ਇਲਾਵਾ ਰੋਗੀ, ਮਰੀਆਂ ਅਤੇ ਆਪਸ ਵਿੱਚ ਫ਼ਸਦੀਆਂ ਟਹਿਣੀਆਂ ਦੀ ਕਾਂਟ-ਛਾਂਟ ਵੀ ਕਰਨੀ ਚਾਹੀਦੀ ਹੈ।

**ਅਮਰੂਦਾਂ ਦੇ ਪੁਰਾਣੇ ਬੂਟਿਆਂ ਤੋਂ ਦੋਬਾਰਾ ਝਾੜ ਲੈਣ ਦੇ ਢੰਗ:** ਅਮਰੂਦਾਂ ਦੇ ਘੱਟ ਝਾੜ ਦੇਣ ਵਾਲੇ ਪੁਰਾਣੇ ਬੂਟਿਆਂ ਨੂੰ ਮਾਰਚ ਦੇ ਮਹੀਨੇ ਜ਼ਮੀਨ ਤੋਂ 1.5 ਮੀਟਰ ਦੀ ਉਚਾਈ ਤੋਂ ਕੱਟ ਦਿਉ। ਬੂਟਿਆਂ ਦੇ ਕੱਟੇ ਹੋਏ ਸਿਰਿਆਂ ਉਪਰ ਬੋਰਡੋ ਪੇਸਟ ਲਗਾ ਦਿਉ। ਅਗਸਤ-ਸਤੰਬਰ ਦੇ ਮਹੀਨੇ ਨਵੀਆਂ ਫੁੱਟੀਆਂ ਸ਼ਾਖਾਵਾਂ ਨੂੰ ਅੱਧ ਵਿਚਕਾਰੋਂ ਕੱਟ ਦਿਉ। ਸੰਘਣੀਆਂ ਅਤੇ ਆਪਸ ਵਿੱਚ ਫਸਦੀਆਂ ਟਹਿਣੀਆਂ ਨੂੰ ਵੀ ਕੱਢ ਦਿਉ।

**ਸਿੰਚਾਈ:** ਅਮਰੂਦਾਂ ਦੇ ਨਵੇਂ ਲਗਾਏ ਬੂਟਿਆਂ ਨੂੰ ਗਰਮੀਆਂ ਵਿੱਚ ਹਫ਼ਤੇ ਪਿੱਛੋਂ ਪਾਣੀ ਅਤੇ ਸਰਦੀਆਂ ਵਿੱਚ 2-3 ਪਾਣੀਆਂ ਦੀ ਜ਼ਰੂਰਤ ਹੁੰਦੀ ਹੈ। ਫ਼ਲ ਦਿੰਦੇ ਬੂਟਿਆਂ ਨੂੰ ਚੰਗਾ ਫੁੱਲ ਪੈਣ ਅਤੇ ਫ਼ਲ ਲੱਗਣ ਵਾਸਤੇ ਗਰਮੀਆਂ ਵਿੱਚ 2-3 ਹਫ਼ਤੇ ਬਾਅਦ ਅਤੇ ਸਰਦੀਆਂ ਵਿੱਚ ਇੱਕ ਮਹੀਨੇ ਦੇ ਵਕਫ਼ੇ ਨਾਲ ਪਾਣੀ ਦੇਣਾ ਚਾਹੀਦਾ ਹੈ।

**ਫ਼ਸਲ ਸੁਧਾਰ:** ਅਮਰੂਦ ਸਾਲ ਵਿੱਚ ਦੋ ਫ਼ਸਲਾਂ ਦਿੰਦਾ ਹੈ। ਸਰਦੀਆਂ ਦੀ ਫ਼ਸਲ ਦਾ ਫ਼ਲ ਗਰਮੀਆਂ ਦੀ ਰੁੱਤ ਦੇ ਫ਼ਲ ਨਾਲੋਂ ਗੁਣਾਂ' ਚ ਚੰਗਾ

ੲ. ਅਪ੍ਰੈਲ-ਮਈ ਦੌਰਾਨ ਪਾਣੀ ਬੰਦ ਕਰ ਦਿਉ। ਜੂਨ ਦੇ ਮਹੀਨੇ ਖਾਦਾਂ ਪਾਉ ਤਾਂ ਜੋ ਜੁਲਾਈ-ਅਗਸਤ ਵਿੱਚ ਬੂਟੇ ਦਾ ਵਾਧਾ ਹੋਵੇ ਅਤੇ ਇਸ ਨਾਲ ਅਗਸਤ-ਸਤੰਬਰ ਦੇ ਮਹੀਨੇ ਸਰਦੀਆਂ ਦੀ ਫ਼ਸਲ ਲਈ ਵੱਧ ਤੋਂ ਵੱਧ ਫੁੱਲ ਪੈ ਸਕਣ।

**ਫ਼ਲਾਂ ਦੀ ਤੁੜਾਈ ਅਤੇ ਤੁੜਾਈ ਉਪਰੰਤ ਸੰਭਾਲ:** ਅਮਰੂਦ ਤੁੜਾਈ ਉਪਰੰਤ ਪੱਕਣ ਵਾਲਾ ਫ਼ਲ ਹੈ ਅਤੇ ਫ਼ਲ ਜਦੋਂ ਤਿਆਰ ਪਰ ਸਖਤ ਹੋਵੇ ਉਸ ਸਮੇਂ ਤੋੜਨਾ ਚਾਹੀਦਾ ਹੈ। ਪੱਕਣ ਤੇ ਫ਼ਲ ਦਾ ਰੰਗ ਗੂੜ੍ਹੇ ਹਰੇ ਤੋਂ ਹਲਕੇ ਪੀਲੇ ਰੰਗ' ਚ ਬਦਲ ਜਾਂਦਾ ਹੈ।ਅਮਰੂਦ ਇੱਕ ਬਹੁਤ ਹੀ ਨਾਜ਼ੁਕ ਫ਼ਲ ਹੈ ਅਤੇ ਤੁੜਾਈ ਉਪਰੰਤ ਇਸ ਦਾ ਮੰਡੀਕਰਣ ਤੁਰੰਤ ਕਰਨਾ ਚਾਹੀਦਾ ਹੈ। ਤੋੜੇ ਹੋਏ ਫ਼ਲ ਸਾਫ ਕਰਕੇ, ਦਰਜਾਬੰਦੀ ਕਰਕੇ 4-10 ਕਿਲੋ ਆਕਾਰ ਦੇ ਛੇਕਾਂ ਵਾਲੇ ਫਾਈਬਰ ਬੋਰਡ ਦੇ ਡੱਬਿਆ ਜਾਂ ਵੱਖ-ਵੱਖ ਆਕਾਰ ਦੀਆਂ ਬਾਂਸ ਦੀਆਂ ਟੋਕਰੀਆਂ ਵਿੱਚ ਪੈਕ ਕਰਨੇ ਚਾਹੀਦੇ ਹਨ। ਅਮਰੂਦ ਦੇ ਫ਼ਲ ਜਦੋਂ ਸਹੀ ਪਕਾਈ ਤੇ ਤੋੜੇ ਗਏ ਹੋਣ ਤਾਂ ਮੋਰੀਆਂ ਕੀਤੇ ਮੋਮੀ ਲਿਫਾਫਿਆਂ' ਚ ਕਮਰੇ ਦੇ ਤਾਪਮਾਨ ਤੇ ਇੱਕ ਹਫ਼ਤਾ ਅਤੇ ਛੇਕਾਂ ਵਾਲੇ ਫਾਈਬਰ ਬੋਰਡ ਦੇ ਡੱਬਿਆ' ਚ ਪੈਕ ਕਰਕੇ ਕੋਲਡ ਸਟੋਰਾਂ (ਤਾਪਮਾਨ 0-3.3 ਡਿਗਰੀ ਸੈਂਟੀਗਰੇਡ ਅਤੇ ਨਮੀ 85-90%) ਵਿੱਚ ਤਿੰਨ ਹਫ਼ਤਿਆਂ ਲਈ ਰੱਖੇ ਜਾ ਸਕਦੇ ਹਨ।

**ਫ਼ਲ ਦੀਆਂ ਮੱਖੀਆਂ**

ਇਹ ਅਮਰੂਦ ਦੇ ਬਹੁਤ ਹਾਨੀਕਾਰਕ ਕੀੜੇ ਹਨ। ਇਸ ਦਾ ਵਾਧਾ ਬੜੀ ਤੇਜ਼ੀ ਨਾਲ ਹੁੰਦਾ ਹੈ। ਫ਼ਲ ਦੀ ਮੱਖੀ ਫ਼ਲਾਂ ਦੇ ਰੰਗ ਬਦਲਣ ਸਮੇਂ ਨਰਮ ਛਿਲਕੇ ਤੇ ਆਂਡੇ ਦਿੰਦੀ ਹੈ। ਆਂਡਿਆਂ 'ਚੋਂ ਬੱਚੇ ਨਿਕਲਣ ਤੋਂ ਬਾਅਦ ਇਹ ਫ਼ਲਾਂ 'ਚ ਛੇਕ ਕਰਦੇ ਹਨ ਅਤੇ ਨਰਮ ਗੁੱਦਾ ਖਾਂਦੇ ਹਨ। ਹਮਲੇ ਵਾਲੇ



ਫ਼ਲ ਧੱਸੇ ਹੋਏ ਤੇ ਕਾਲੇ ਹਰੇ ਮੋਰੀਆਂ ਵਾਲੇ ਦਿਸਦੇ ਹਨ। ਜਦ ਕੱਟ ਕੇ ਫ਼ਲ ਦੇਖੀਏ ਤਾਂ ਕੀੜੇ ਦੀਆਂ ਸੁੰਡੀਆਂ ਨਜ਼ਰ ਆਉਂਦੀਆਂ ਹਨ। ਖਰਾਬ ਫ਼ਲ ਗਲ਼ ਕੇ ਹੇਠਾਂ ਡਿੱਗ ਪੈਂਦੇ ਹਨ। ਕੀੜੇ ਦਰਖਤ ਹੇਠ ਜ਼ਮੀਨ ਵਿਚ ਪਲਦੇ ਰਹਿੰਦੇ ਹਨ।

**ਇਸ ਦੀ ਰੋਕਥਾਮ ਲਈ**

- ਬਰਸਾਤ ਰੁੱਤ ਵਿੱਚ ਲੱਗੇ ਫ਼ਲਾਂ ਨੂੰ ਪੱਕਣ ਤੋਂ ਪਹਿਲਾਂ ਚਿੱਟੇ ਰੰਗ ਦੇ ਨਾਨ-ਵੂਵਨ ਲਿਫ਼ਾਫ਼ਿਆਂ ਵਿੱਚ ਬੰਨ ਦਿਉ। ਉਨ੍ਹਾਂ ਬਾਗਾਂ ਜਿੱਥੇ ਫ਼ਲ ਦੀ ਮੱਖੀ ਦਾ ਹਮਲਾ ਪਹਿਲਾਂ ਤੋਂ ਹੀ ਗੰਭੀਰ ਹੁੰਦਾ ਹੈ, ਉੱਥੇ ਵਰਖਾ ਰੁੱਤ ਦੀ ਫ਼ਸਲ ਨਹੀਂ ਲੈਣੀ ਚਾਹੀਦੀ।
- ਬੂਟੇ ਤੇ ਪੱਕੇ ਹੋਏ ਫ਼ਲ ਨਾ ਰਹਿਣ ਦਿਉ। ਮੱਖੀ ਦੇ ਹਮਲੇ ਵਾਲੇ ਡਿੱਗੇ ਹੋਏ ਫ਼ਲਾਂ ਨੂੰ ਲਗਾਤਾਰ ਚੁਣ ਕੇ ਜ਼ਮੀਨ ਵਿੱਚ ਘੱਟੋ-ਘੱਟ 60 ਸੈਂਟੀਮੀਟਰ ਡੂੰਘੇ ਦੱਬ ਦੇਣਾ ਚਾਹੀਦਾ ਹੈ।
- ਫ਼ਸਲ ਦੀ ਤੁੜਾਈ ਦੇ ਤੁਰੰਤ ਬਾਅਦ ਬਾਗ ਦੀ 4-6 ਸੈਂਟੀਮੀਟਰ ਤੱਕ ਕਲਟੀਵੇਟਰ ਨਾਲ ਹਲਕੀ ਵਹਾਈ ਕਰਨੀ ਚਾਹੀਦੀ ਹੈ ਤਾਂ ਜੋ ਮੱਖੀ ਦੀਆਂ ਸੁੰਡੀਆਂ ਨੰਗੀਆਂ ਹੋ ਕੇ ਮਰ ਜਾਣ ।
- ਫ਼ਲ ਦੀਆਂ ਮੱਖੀਆਂ ਦੀ ਰੋਕਥਾਮ ਲਈ ਜੁਲਾਈ ਦੇ ਪਹਿਲੇ ਹਫ਼ਤੇ ਪੀ ਏ ਯੂ ਫਰੂਟ ਫਲਾਈ ਟਰੈਪ (16 ਟਰੈਪ ਪ੍ਰਤੀ ਏਕੜ) ਲਗਾਉ ਅਤੇ ਲੋੜ ਪੈਣ ਤੇ ਦੁਬਾਰਾ ਲਗਾਉ।

**ਅਮਰੂਦ ਦੇ ਫ਼ਲ ਦਾ ਗੜੂੰਆਂ**

ਪੰਜਾਬ ਵਿੱਚ ਇਹ ਕੀੜਾ ਸਰਦੀਆਂ ਦੇ ਨਾਲ-ਨਾਲ ਬਰਸਾਤੀ ਮੌਸਮ ਵਿੱਚ ਵੀ ਅਮਰੂਦ ਦੇ ਫ਼ਲਾਂ ਦਾ ਭਾਰੀ ਨੁਕਸਾਨ ਕਰਦਾ ਹੈ। ਇਹ ਕੀੜਾ ਆਮ ਤੌਰ ਤੇ ਜੂਨ ਤੋਂ ਲੈ ਕੇ ਫ਼ਰਵਰੀ ਦੇ ਮਹੀਨੇ ਤੱਕ ਵੇਖਣ ਨੂੰ ਮਿਲਦਾ ਹੈ। ਮਾਦਾ ਪਤੰਗੇ ਮੁੱਖ ਤੌਰ ਤੇ ਫ਼ਲ਼ਾਂ ਦੀਆਂ ਡੋਡੀਆਂ ਅਤੇ ਫ਼ਲ਼ਾਂ ਵਿੱਚ ਅੰਡੇ ਦਿੰਦੇ ਹਨ। ਇਸ ਕੀੜੇ ਦੀ ਸੁੰਡੀ ਫ਼ਲ ਦੇ ਬੀਜਾਂ ਨੂੰ ਅਤੇ ਗੁੱਦੇ ਨੂੰ ਖਾਂਦੀ ਹੈ ਅਤੇ ਜਿਸ ਨਾਲ ਹਮਲੇ ਹੇਠ ਆਏ ਫ਼ਲ ਕਮਜ਼ੋਰ ਹੋ ਜਾਂਦੇ ਹਨ। ਫ਼ਲ ਸੁੱਕ ਜਾਂਦੇ ਹਨ ਅਤੇ ਪੱਕਣ ਤੋਂ ਪਹਿਲਾਂ ਹੀ ਹੇਠਾਂ ਡਿੱਗ ਜਾਂਦੇ ਹਨ। ਜਿੱਥੋਂ ਦੀ ਸੁੰਡੀ ਫ਼ਲ ਵਿੱਚ ਵੜਦੀ ਹੈ, ਉੱਥੋਂ ਫ਼ਲ ਬੇਢੱਬਾ ਜਿਹਾ ਹੋ ਜਾਂਦਾ ਹੈ। ਇਸ ਕੀੜੇ ਦੇ ਹਮਲੇ ਦਾ ਮੁੱਖ ਲੱਛਣ ਹਮਲੇ ਹੇਠ ਆਏ ਫ਼ਲਾਂ ਚ' ਮਲ-ਮੂਤਰ ਅਤੇ ਰੇਸ਼ਮੀ ਜਾਲਿਆਂ ਦਾ ਲਟਕਣਾ ਹੈ, ਜਿਸ ਨਾਲ ਇਸ ਕੀੜੇ ਦੀ ਪਛਾਣ ਆਸਾਨੀ ਨਾਲ ਹੋ ਜਾਂਦੀ ਹੈ। ਬਾਅਦ ਵਿੱਚ ਹਮਲੇ ਹੇਠ ਆਏ ਫ਼ਲ ਕਾਲ਼ੇ ਹੋ ਜਾਂਦੇ ਹਨ। ਇਹ ਕੀੜਾ ਨਰਮ ਟਾਹਣੀਆਂ ਨੂੰ ਖਾਂਦਾ ਵੀ ਵੇਖਿਆ ਗਿਆ ਹੈ।

ਰੋਕਥਾਮ ਲਈ ਚਾਰ ਕਿਲੋ ਨਿੰਮ ਦੀਆਂ ਕਰੂੰਬਲਾਂ (ਪੱਤੇ, ਹਰੀਆਂ ਟਹਿਣੀਆਂ ਅਤੇ ਨਿਮੋਲੀਆਂ) ਨੂੰ 10 ਲਿਟਰ ਪਾਣੀ ਵਿੱਚ ੩੦ ਮਿੰਟ ਲਈ ਉਬਾਲੋ। ਇਸ ਘੋਲ ਨੂੰ ਕੱਪੜ ਛਾਣ ਕਰ ਲਓ ਅਤੇ ਤਰਲ ਨੂੰ ਸਿਫਾਰਸ਼ ਕੀਤੀ ਮਾਤਰਾ ਮੁਤਾਬਿਕ ਛਿੜਕਾਅ ਕਰੋ।

**ਅਮਰੂਦ ਦੀ ਧਾਰੀਆਂ ਵਾਲੀ ਮਿਲ਼ੀਬੱਗ**

ਇਹ ਕੀੜਾ ਅਮਰੂਦ ਤੇ ਜੁਲਾਈ ਤੋਂ ਅਕਤੂਬਰ ਤੱਕ ਸਰਗਰਮ ਰਹਿੰਦਾ ਹੈ। ਇਸ ਕੀੜੇ ਦੀ ਮਾਦਾ ਹੀ ਨੁਕਸਾਨ ਕਰਦੀ ਹੈ ਅਤੇ ਇਸ ਮਿਲ਼ੀਬੱਗ ਦੇ ਮਲ-ਮੂਤਰ ਤੇ ਕਾਲੀ ਉੱਲੀ ਜੰਮ ਜਾਂਦੀ ਹੈ, ਜਿਸ ਕਰਕੇ ਬੂਟੇ ਦੇ ਹਮਲੇ ਹੇਠ ਆਏ ਹਿੱਸੇ ਕਾਲੀ ਭਾਅ ਜਿਹੀ ਮਾਰਦੇ ਹਨ। ਇਸ ਕੀੜੇ ਦੇ ਹਮਲੇ ਨਾਲ ਪੱਤੇ ਪੀਲੇ ਹੋ ਕੇ ਝੜ ਜਾਂਦੇ ਹਨ ਅਤੇ ਫ਼ਲਾਂ ਉੱਪਰ ਵੀ ਝਰੀਟਾਂ ਪੈ ਜਾਂਦੀਆਂ ਹਨ। ਸਰਦੀਆਂ ਦੌਰਾਨ ਇਸ ਕੀੜੇ ਦੀਆਂ ਸਾਰੀਆਂ ਜਾਤੀਆਂ ਸਿਆਲੀ ਨੀਂਦਰ ਲਈ ਨਰਮ ਸ਼ਾਖਾਵਾਂ ਤੇ ਟਹਿਣੀਆਂ ਤੇ ਚਲੀਆਂ ਜਾਂਦੀਆਂ ਹਨ।

**ਰੋਕਥਾਮ ਲਈ**

- ਬਾਗਾਂ ਨੂੰ ਸਾਫ਼ ਸੁਥਰਾ ਰੱਖੋ। ਨਦੀਨਾਂ ਅਤੇ ਘਾਹ ਦੀ ਰੋਕਥਾਮ ਸਮੇਂ-ਸਮੇਂ ਤੇ ਕਰੋ।ਕਿਉਂਕਿ ਨਦੀਨ ਮਿਲੀਬੱਗ ਅਤੇ ਕੀੜੇ-ਕੀੜੀਆਂ ਦੀ

ਮੇਜ਼ਬਾਨੀ ਦਾ ਵਿਕਲਪ ਬਣਦੇ ਹਨ।

· ਖੇਤ ਦੀਆਂ ਵੱਟਾਂ/ਬੰਨੇ ਨਦੀਨਾਂ ਅਤੇ ਮਲਬ/ਰਹਿੰਦ-ਖੂੰਹਦ ਤੋਂ ਮੁਕਤ ਰੱਖੋ ਕਿਉਂਕਿ ਇਹ ਮਿਲੀਬੱਗ ਦੀ ਮੇਜ਼ਬਾਨੀ ਵਿੱਚ ਸਹਾਇਕ ਹੁੰਦੇ ਹਨ।

· ਕੀੜਿਆਂ ਦੇ ਭੌਣ ਨਸ਼ਟ ਕਰਨ ਲਈ ਭੌਣ ਵਿੱਚ 2.5 ਮਿਲੀਲਿਟਰ ਕਲੋਰਪਾਈਰੀਫੋਸ 20 ਈ.ਸੀ ਪ੍ਰਤੀ ਲਿਟਰ ਜਾਂ 10 ਕਿੱਲੋਗ੍ਰਾਮ ਮੈਲਾਥੀਓਨ 5 ਪ੍ਰਤੀਸ਼ਤ ਦੇ ਧੂੜਾ ਦੀ ਵਰਤੇ ਕਰੋ।

**ਮੁਰਝਾਉਣਾ (ਵਿਲਟ)**

ਇਸ ਰੋਗ ਦੇ ਲੱਛਣ ਬੂਟਿਆਂ ਦੇ ਮੁੱਢਾਂ ਉੱਤੇ ਉੱਲੀ ਨਾਲ ਹਮਲਾ ਹੋ ਜਾਣ ਤੋਂ ਕਈ ਮਹੀਨੇ ਬਾਅਦ ਪ੍ਰਗਟ ਹੁੰਦੇ ਹਨ। ਹਮਲੇ ਵਾਲਿਆਂ ਬੂਟਿਆਂ ਦੇ ਪੱਤੇ ਵਿਰਲੇ ਤੇ ਪੀਲੇ ਹੋ ਕੇ ਮੁਰਝਾ ਜਾਦੇ ਹਨ। ਟਾਹਣੀਆਂ ਰੋਡੀਆਂ ਹੋ ਜਾਂਦੀਆਂ ਹਨ। ਜੜ੍ਹਾਂ ਦੀ ਛਿੱਲ ਤੇ ਲੱਕੜ ਵਿਚਕਾਰਲੀ ਥਾਂ ਦਾ ਰੰਗ ਬਦਲ ਜਾਂਦਾ ਹੈ। ਦੁਬਾਰਾ ਲਾਏ ਬੂਟੇ ਇਸ ਰੋਗ ਨਾਲ ਮਰਨ ਤੋਂ ਕੁਝ ਵਰ੍ਹੇ ਪਿਹਲਾਂ ਫ਼ਲ ਦਿੰਦੇ ਹਨ।

**ਇਸ ਬਿਮਾਰੀ ਦੀ ਰੋਕਥਾਮ ਲਈ**

· ਮੁਰਝਾਏ ਹੋਏ ਬੂਟੇ ਨੂੰ ਜੜ੍ਹਾਂ ਸਮੇਤ ਪੱਟ ਕੇ ਮਚਾ ਦਿਉ।

· ਜਿੱਥੋਂ ਮੁਰਝਾਏ ਹੋਏ ਬੂਟੇ ਨੂੰ ਪੱਟਿਆ ਹੈ, ਉਸ ਮਿੱਟੀ ਨੂੰ 2% ਫਾਰਮਾਲੀਨ ਦੇ ਘੋਲ ਨਾਲ ਗਿੱਲੀ ਕਰਕੇ ਉੱਪਰੋਂ ਸਰਕੰਡੇ ਜਾਂ ਗਿੱਲੀਆਂ ਬੋਰੀਆਂ ਨਾਲ ਢੱਕ ਦਿਉ। ਮਿੱਟੀ ਨੂੰ 14 ਦਿਨ ਧੁੱਪ ਲੁਆਉ ਤੇ ਫਿਰ ਅਮਰੂਦ ਦੇ ਸਿਹਤਮੰਦ ਬੂਟੇ ਲਾਉ।

· ਅਮਰੂਦ ਦੇ ਬੂਟੇ ਚੰਗੇ ਜਲ ਨਿਕਾਸ ਵਾਲੀ ਜ਼ਮੀਨ ਵਿੱਚ ਲਾਉ। ਜ਼ਮੀਨ ਬਹੁਤੀ ਭਾਰੀ ਨਾ ਹੋਵੇ ਤਾਂ ਚੰਗਾ ਹੈ।

· ਅਕਤੂਬਰ-ਨਵੰਬਰ ਦੇ ਮਹੀਨਿਆਂ ਵਿੱਚ ਵਿਲਟ ਦੇ ਲੱਛਣ ਦਿਖਾਉਣ ਵਾਲੇ ਬੂਟਿਆਂ ਤੇ ਵਿਲਟ ਦਾ ਪ੍ਰਬੰਧਨ ਕਰਨ ਲਈ ਕੋਬਾਲਟ ਕਲੋਰਾਈਡ (15 ਗ੍ਰਾਮ ਪ੍ਰਤੀ 100 ਲੀਟਰ ਪਾਣੀ) ਦੀ ਸਪਰੇਅ ਕੀਤੀ ਜਾ ਸਕਦੀ ਹੈ।

**ਫ਼ਲ ਦਾ ਗਲਣਾ/ਟਾਹਣੀਆਂ ਸੁੱਕਣਾ**

ਫ਼ਲਾਂ ਉੱਪਰ ਜ਼ਰਾ ਕੁ ਚਿੱਬ ਵਾਲੇ, ਡੂੰਘੇ ਗੋਲ ਭੂਰੇ ਰੰਗ ਦੇ ਚਟਾਖ਼ ਪੈ ਜਾਂਦੇ ਹਨ। ਦਾਗ ਦੇ ਕੇਂਦਰ ਵਿੱਚ ਗੁਲਾਬੀ ਰੰਗ ਦੇ ਚਿਪਕਵੇਂ ਜਿਹੇ ਕਿਟਾਣੂੰ ਜਮ੍ਹਾਂ ਹੋ ਜਾਂਦੇ ਹਨ। ਇਹ ਉੱਲੀ ਬਰਸਾਤ ਵਿੱਚ ਛੋਟੇ ਬੂਟੇ ਦੀਆਂ ਸ਼ਾਖਾਂ ਤੇ ਪੱਤਿਆਂ ਉੱਪਰ ਵੀ ਹਮਲਾ ਕਰਦੀ ਹੈ। ਇਸ ਵੱਜੋਂ ਕਰੂੰਬਲਾਂ ਸੁੱਕ ਜਾਦੀਆਂ ਹਨ।

**ਇਸ ਬਿਮਾਰੀ ਦੀ ਰੋਕਥਾਮ ਲਈ**

- ਬੂਟਿਆਂ ਦੇ ਦੌਰਾਂ ਵਿੱਚ ਮੀਂਹ ਜਾਂ ਸਿੰਚਾਈ ਦਾ ਪਾਣੀ ਖੜ੍ਹਾ ਨਾ ਰਹਿਣ ਦਿਉ। ਰੋਗੀ ਫ਼ਲ ਤੇ ਸੁੱਕੀਆਂ ਸ਼ਾਖਾਂ ਕੱਟ ਸੁੱਟੋ। ਇਸ ਪਿੱਛੋਂ ਬੂਟਿਆਂ ਉੱਪਰ 300 ਗ੍ਰਾਮ ਬਲਾਈਟੌਕਸ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ ਛਿੜਕੋ।
- ਗਲੇ ਫ਼ਲਾਂ ਨੂੰ ਧਰਤੀ ਹੇਠ ਡੂੰਘੇ ਦੱਬ ਦਿਉ। ਫ਼ਲਾਂ ਨੂੰ ਸੱਟ/ਚੋਟ ਤੋਂ ਬਚਾਉ।

**ਸਰੋਤ: ਹਰਜੋਤ ਸਿੰਘ ਸੋਹੀ ਅਤੇ ਸੁਖਜਿੰਦਰ ਸਿੰਘ ਮਾਨ**
**ਕ੍ਰਿਸ਼ੀ ਵਿਗਿਆਨ ਕੇਂਦਰ (ਬਰਨਾਲਾ ਅਤੇ ਸ਼੍ਰੀ ਮੁਕਤਸਰ ਸਾਹਿਬ)**

# ਡਾਈਟ 'ਚ ਸ਼ਾਮਲ ਕਰੋ ਐਂਟੀ-ਆਕਸੀਡੈਂਟਸ

ਅੱਜ-ਕੱਲ੍ਹ ਦੀ ਭੱਜਦੌੜ ਭਰੀ ਜ਼ਿੰਦਗੀ ਤੇ ਪ੍ਰਦੂਸ਼ਣ ਭਰੇ ਮਾਹੌਲ ਵਿੱਚ ਸਿਹਤਮੰਦ ਰਹਿਣਾ ਚੁਣੌਤੀ ਬਣ ਗਿਆ ਹੈ। ਅਜਿਹੀ ਸਥਿਤੀ ਵਿੱਚ ਐਂਟੀ-ਆਕਸੀਡੈਂਟਸ ਨਾਲ ਭਰਪੂਰ ਡਾਈਟ ਸਾਡੇ ਸਰੀਰ ਨੂੰ ਤੰਦਰੁਸਤ ਤੇ ਐਨਰਜੇਟਿਕ ਬਣਾਈ ਰੱਖਣ ਵਿੱਚ ਮਦਦਗਾਰ ਸਾਬਤ ਹੁੰਦੀ ਹੈ।

ਐਂਟੀ-ਆਕਸੀਡੈਂਟਸ ਉਹ ਪੋਸ਼ਕ ਤੱਤ ਹੈ, ਜੋ ਸਰੀਰ ਵਿੱਚ ਮੌਜੂਦ ਫ੍ਰੀ ਰੈਡਿਕਲਸ ਤੋਂ ਸੈਲਸ ਨੂੰ ਨੁਕਸਾਨ ਪਹੁੰਚਾਉਣ ਤੋਂ ਬਚਾਉਂਦੇ ਹਨ। ਇਹ ਨਾ ਸਿਰਫ਼ ਬਿਮਾਰੀ ਨਾਲ ਲੜਨ ਵਿੱਚ ਮਦਦ ਕਰਦੇ ਹਨ, ਬਲਕਿ ਉਮਰ ਵਧਣ ਦੇ ਲੱਛਣਾਂ ਨੂੰ ਵੀ ਹੌਲੀ ਕਰਦੇ ਹਨ। ਆਓ ਜਾਣਦੇ ਹਾਂ ਕਿ ਐਂਟੀ-ਆਕਸੀਡੈਂਟਸ ਨਾਲ ਭਰਪੂਰ ਡਾਈਟ ਲੈਣ ਨਾਲ ਕੀ-ਕੀ ਫਾਇਦੇ ਮਿਲਦੇ ਹਨ।

**ਇਮਿਊਨ ਸਿਸਟਮ ਮਜ਼ਬੂਤ ਬਣਾਉਣਾ**

ਐਂਟੀ-ਆਕਸੀਡੈਂਟਸ ਸਾਡੇ ਇਮਿਊਨ ਸਿਸਟਮ ਨੂੰ ਮਜ਼ਬੂਤ ਬਣਾਉਂਦੇ ਹਨ। ਵਿਟਾਮਿਨ-ਸੀ, ਵਿਟਾਮਿਨ-ਈ, ਬੀਟਾ-ਕੈਰੋਟੀਨ ਤੇ ਸੇਲੇਨੀਅਮ ਜਿਵੇਂ ਐਂਟੀ-ਆਕਸੀਡੈਂਟਸ ਸਰੀਰ ਦੀ ਬਿਮਾਰੀਆਂ ਨਾਲ ਲੜਨ ਦੀ ਸਮਰੱਥਾ ਨੂੰ ਵਧਾਉਂਦੇ ਹਨ। ਇਹ ਇਨਫੈਕਸ਼ਨ, ਸਰਦੀ-ਜ਼ੁਕਾਮ ਤੇ ਹੋਰ ਬਿਮਾਰੀਆਂ ਤੋਂ ਬਚਾਅ ਕਰਦੇ ਹਨ।

**ਚਮੜੀ ਨੂੰ ਤੰਦਰੁਸਤ ਤੇ ਚਮਕਦਾਰ ਬਣਾਉਣਾ**

ਐਂਟੀ-ਆਕਸੀਡੈਂਟਸ ਚਮੜੀ ਲਈ ਫਾਇਦੇਮੰਦ ਹੁੰਦੇ ਹਨ। ਇਹ ਚਮੜੀ ਨੂੰ ਫ੍ਰੀ ਰੈਡਿਕਲਸ ਦੇ ਨੁਕਸਾਨ ਤੋਂ ਬਚਾਉਂਦੇ ਹਨ ਤੇ ਉਮਰ ਵਧਣ ਦੇ ਲੱਛਣ ਜਿਵੇਂ ਝੁਰੜੀਆਂ, ਡਾਰਕ ਸਪੌਟਸ ਤੇ ਫਾਈਨ ਲਾਈਜ਼ ਨੂੰ ਘੱਟ ਕਰਦੇ ਹਨ। ਵਿਟਾਮਿਨ- C ਤੇ E ਜਿਵੇਂ ਐਂਟੀ-ਆਕਸੀਡੈਂਟਸ ਚਮੜੀ ਨੂੰ ਨਿਖਾਰਨ ਤੇ ਉਸ ਨੂੰ ਕੋਮਲ ਬਣਾਉਣ ਵਿੱਚ ਮਦਦ ਕਰਦੇ ਹਨ।

**ਦਿਲ ਦੀ ਸਿਹਤ ਲਈ ਫਾਇਦੇਮੰਦ**

ਐਂਟੀ-ਆਕਸੀਡੈਂਟਸ ਦਿਲ ਦੀ ਬਿਮਾਰੀ ਦੇ ਖ਼ਤਰੇ ਨੂੰ ਘੱਟ ਕਰਦੇ ਹਨ। ਇਹ ਖ਼ਰਾਬ ਕਲਸਟਰੌਲ (LDL) ਨੂੰ ਆਕਸੀਡਾਈਜ਼ ਹੋਣ ਨਾਲ ਰੋਕਦੇ ਹਨ, ਜਿਸ ਨਾਲ ਆਰਟੀਜ਼ ਵਿੱਚ ਪਲਕ ਜਮਨ ਦਾ ਖ਼ਤਰਾ ਘੱਟ ਹੁੰਦਾ ਹੈ। ਇਸ ਨਾਲ ਹਾਰਟ ਅਟੈਕ ਤੇ ਸਟ੍ਰੋਕ ਦਾ ਖ਼ਤਰਾ ਘੱਟ ਜਾਂਦਾ ਹੈ। ਬੇਰੀਜ਼ ਤੇ ਹਰੀਆਂ ਪੱਤੇਦਾਰ ਸਬਜ਼ੀਆਂ ਵਿੱਚ ਪਾਏ ਜਾਣ ਵਾਲੇ ਐਂਟੀ-ਆਕਸੀਡੈਂਟਸ ਦਿਲ ਲਈ ਲਾਭਦਾਇਕ ਹੁੰਦੇ ਹਨ।

**ਕੈਂਸਰ ਦੇ ਖ਼ਤਰੇ ਨੂੰ ਘੱਟ ਕਰਨਾ**

ਐਂਟੀ-ਆਕਸੀਡੈਂਟਸ ਸਰੀਰ ਵਿੱਚ ਕੈਂਸਰ ਸੈਲਸ ਵਿਕਾਸ ਨੂੰ ਰੋਕਣ ਵਿੱਚ ਮਦਦ ਕਰਦੇ ਹਨ। ਇਹ ਡੀਐਨਆਈ ਨੂੰ ਨੁਕਸਾਨ ਪਹੁੰਚਾਉਣ ਵਾਲੇ ਫ੍ਰੀ ਰੈਡਿਕਲਸ ਨੂੰ ਖ਼ਤਮ ਕਰਦੇ ਹਨ ਤੇ ਸੈਲਸ ਦੀ ਮਰੁੰਮਤ ਕਰਦੇ ਹਨ। ਗ੍ਰੀਨ ਟੀ, ਬ੍ਰੋਕਲੀ, ਗਾਜਰ ਤੇ ਟਮਾਟਰ ਵਰਗੇ ਫੂਡ ਆਈਟਮਸ ਵਿੱਚ ਪਾਏ ਵਾਲੇ ਐਂਟੀ-ਆਕਸੀਡੈਂਟਸ ਕੈਂਸਰ ਦੇ ਖ਼ਤਰੇ ਨੂੰ ਘੱਟ ਕਰਨ ਵਿੱਚ ਸਹਾਇਕ ਹੁੰਦੇ ਹਨ।



# ਮੁੱਖ ਮੰਤਰੀ ਨੇ ਸਸ਼ਕਤ ਮਹਿਲਾਵਾਂ, ਸਸ਼ਕਤ ਸਮਾਜ ਦਾ ਦਿੱਤਾ ਨਾਅਰਾ

ਸਮਾਜ ਦੀ ਸਮੁੱਚੀ ਤਰੱਕੀ ਅਤੇ ਵਿਕਾਸ ਵਿੱਚ ਮਹਿਲਾਵਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮੁੱਚੇ ਸਮਾਜ ਨੂੰ ਸਸ਼ਕਤ ਬਣਾਉਣ ਲਈ ਮਹਿਲਾ ਸਸ਼ਕਤੀਕਰਨ ਬੇਹੱਦ ਜ਼ਰੂਰੀ ਹੈ।

ਆਈ.ਐਸ.ਐਫ. ਕਾਲਜ ਵਿਖੇ ਮਹਿਲਾ ਸਸ਼ਕਤੀਕਰਨ ਸੰਮੇਲਨ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਆਧੁਨਿਕ ਸਮਾਜ ਵਿੱਚ ਮਹਿਲਾ ਸਸ਼ਕਤੀਕਰਨ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਲਈ ਭਾਰਤੀ ਮਹਿਲਾਵਾਂ ਖਾਸ ਕਰਕੇ ਪੰਜਾਬੀ ਮਹਿਲਾਵਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜੋਕੇ ਸਮਾਜ ਵਿੱਚ ਮਹਿਲਾਵਾਂ ਸਮਾਜਿਕ ਅਤੇ ਸੱਭਿਆਚਾਰਕ ਏਕਤਾ ਨੂੰ ਉਤਸ਼ਾਹਿਤ ਕਰਨ ਲਈ ਨਿਰਣਾਇਕ ਭੂਮਿਕਾ ਨਿਭਾ ਰਹੀਆਂ ਹਨ ਜਿਸ ਨਾਲ ਸਮੁੱਚੇ ਵਿਸ਼ਵ ਵਿੱਚ ਜਾਗਰੁਕਤਾ ਫੈਲ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਿਲਾਵਾਂ ਕੋਲ ਵਿਸ਼ਵ ਭਰ ਵਿੱਚ ਖੁਸ਼ਹਾਲੀ ਅਤੇ ਵਿਕਾਸ ਦੇ ਨਵੇਂ ਯੁੱਗ ਦੀ ਸ਼ੁਰੂਆਤ ਕਰਨ ਦੀ ਅਥਾਹ ਸਮਰੱਥਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਮਹਿਲਾਵਾਂ ਵੀ ਸਾਡੇ ਦੇਸ਼ ਦੀਆਂ ਕੌਮਾਂਤਰੀ ਸਰਹੱਦਾਂ ਦੀ ਰਾਖੀ ਕਰਨ ਦੀ ਜ਼ਿੰਮੇਵਾਰੀ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਸਾਡੇ ਸਾਰਿਆਂ ਨੂੰ ਇੱਕ ਸਹੀ ਮੌਕਾ ਪ੍ਰਦਾਨ ਕਰਦੇ ਹਨ ਕਿ ਅਸੀਂ ਮਹਿਲਾਵਾਂ ਦੇ ਰੁਤਬੇ ਨੂੰ ਉੱਚਾ ਚੁੱਕਣ ਅਤੇ ਸਮਾਜ ਵਿੱਚ ਉਨ੍ਹਾਂ ਦਾ ਸਹੀ ਸਥਾਨ ਯਕੀਨੀ ਬਣਾਉਣ ਲਈ ਠੋਸ ਯਤਨ ਕਰੀਏ। ਮਹਿਲਾਵਾਂ ਦੀ ਭਲਾਈ ਅਤੇ ਸਸ਼ਕਤੀਕਰਨ ਨਾਲ ਸਬੰਧਤ ਨੀਤੀਆਂ ਅਤੇ ਪ੍ਰੋਗਰਾਮਾਂ ਵਿੱਚ ਹੋਰ ਵਾਧਾ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਮਾਜਿਕ ਅਤੇ ਗੈਰ-ਸਰਕਾਰੀ ਸੰਗਠਨਾਂ ਦੀ ਸਵੈ-ਇੱਛਤ ਭਾਗੀਦਾਰੀ ਰਾਹੀਂ ਹੀ ਸੰਭਵ ਹੋ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮਾਜ ਵਿੱਚ ਸਮਾਜਿਕ-ਆਰਥਿਕ ਜਾਗ੍ਰਿਤੀ ਬਾਰੇ ਮਹਿਲਾਵਾਂ ਖਾਸ ਕਰਕੇ ਲੜਕੀਆਂ ਦੇ ਰੁਤਬੇ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਮਹਿਲਾਵਾਂ ਦੀ ਆਮਦਨ ਵਿੱਚ ਵਾਧਾ ਕਰਕੇ ਉਨ੍ਹਾਂ ਦੇ ਜੀਵਨ ਨੂੰ ਬਦਲਣ ਲਈ ਐਮ.ਐਨ.ਸੀ. ਗ੍ਰਾਂਟ ਥੋਰਨਟਨ ਦੀ ਸ਼ਲਾਘਾ ਕਰਦਿਆਂ, ਮੁੱਖ ਮੰਤਰੀ ਨੇ ਉਨ੍ਹਾਂ ਨੂੰ ਪੂਰਨ ਸਮਰਥਨ ਅਤੇ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਇਨ੍ਹਾਂ ਕੰਪਨੀਆਂ ਦੀਆਂ 10000 ਮੈਂਬਰ ਮਹਿਲਾ ਲਾਭਪਾਤਰੀਆਂ ਨੇ ਵੱਖ-ਵੱਖ ਗਤੀਵਿਧੀਆਂ ਰਾਹੀਂ ਲਾਭ ਪ੍ਰਾਪਤ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਕੰਪਨੀ ਦੇ ਦਖਲ ਉਪਰੰਤ ਵੱਖ-ਵੱਖ ਪਹਿਲਕਦਮੀਆਂ ਰਾਹੀਂ ਮਹਿਲਾਵਾਂ ਅਤੇ ਪਰਿਵਾਰਾਂ ਦੀ ਆਮਦਨ ਵਿੱਚ ਔਸਤਨ 40 ਫ਼ੀਸਦ ਦਾ ਵਾਧਾ ਹੋਇਆ ਹੈ। ਉਨ੍ਹਾਂ ਨੇ ਐਫ.ਪੀ.ਸੀ. ਦੀਆਂ

ਲਗਭਗ 25 ਮਹਿਲਾ ਮੈਂਬਰਾਂ ਨੂੰ ਡਰੋਨ ਪਾਇਲਟਾਂ ਵਿੱਚ ਸ਼ਾਮਲ ਕਰਕੇ ਉਨ੍ਹਾਂ ਦੀ ਸਮਰੱਥਾ ਵਧਾਉਣ ਸਬੰਧੀ ਕੰਪਨੀ ਦੀ ਪਹਿਲ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਦਾ ਇੱਕੋ-ਇੱਕ ਉਦੇਸ਼ ਮਹਿਲਾਵਾਂ ਦੀ ਆਮਦਨ ਵਿੱਚ ਵਾਧਾ ਕਰਕੇ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨਾ ਹੈ। ਲੜਕੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦੇ ਸਰਵਪੱਖੀ ਵਿਕਾਸ 'ਤੇ ਜ਼ੋਰ ਦਿੰਦਿਆਂ, ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੌਕਾ ਮਿਲਣ 'ਤੇ ਲੜਕੀਆਂ ਕੋਈ ਵੀ ਸ਼ਾਨਦਾਰ ਉੱਪਲਬਧੀ ਹਾਸਲ ਕਰ ਸਕਦੀਆਂ ਹਨ ਅਤੇ ਆਸਾਨੀ ਨਾਲ ਆਪਣਾ ਟੀਚਾ ਸਰ ਕਰ ਸਕਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਕਰਕੇ ਇਹ ਸਮੇਂ ਦੀ ਲੋੜ ਹੈ ਕਿ ਉਨ੍ਹਾਂ ਨੂੰ ਆਪਣੀ ਯੋਗਤਾ ਦਿਖਾਉਣ ਲਈ ਵੱਧ ਤੋਂ ਵੱਧ ਮੌਕੇ ਪ੍ਰਦਾਨ ਕੀਤੇ ਜਾਣ। ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਨਹੀਂ ਛੱਡ ਰਹੀ ਹੈ। ਭਗਵੰਤ ਸਿੰਘ ਮਾਨ ਨੇ ਸੂਬੇ ਦੇ ਆਰਥਿਕ ਵਿਕਾਸ ਵਿੱਚ ਮਹਿਲਾ ਉੱਦਮੀਆਂ ਦੇ ਵੱਡਮੁੱਲੇ ਯੋਗਦਾਨ ਲਈ ਉਨ੍ਹਾਂ ਦੀ ਪ੍ਰਸ਼ੰਸਾ ਵੀ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਵਚਨਬੱਧਤਾ ਨਾਲ ਸੂਬੇ ਦੀਆਂ ਮਹਿਲਾਵਾਂ ਸੂਬੇ ਦੇ ਸਮਾਜਿਕ ਆਰਥਿਕ ਵਿਕਾਸ ਦਾ ਅਨਿੱਖੜਵਾਂ ਅੰਗ ਬਣ ਰਹੀਆਂ ਹਨ।

ਮੁੱਖ ਮੰਤਰੀ ਨੇ ਪੰਜਾਬ ਦੀ ਤਰੱਕੀ ਅਤੇ ਇਸਦੇ ਵਸਨੀਕਾਂ ਦੀ ਖੁਸ਼ਹਾਲੀ ਵਿੱਚ ਮਹਿਲਾਵਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਵੀ ਸਵੀਕਾਰ ਕੀਤਾ। ਉਨ੍ਹਾਂ ਨੇ ਮਹਿਲਾ ਉੱਦਮੀਆਂ ਨੂੰ ਸੂਬੇ ਦੀ ਤਰੱਕੀ ਵਿੱਚ ਬਰਾਬਰ ਦੀ ਭਾਈਵਾਲ ਬਣਾਉਣ ਵਿੱਚ ਸਹਾਇਤਾ ਲਈ ਸੂਬਾ ਸਰਕਾਰ ਦੀਆਂ ਪਹਿਲਕਦਮੀਆਂ 'ਤੇ ਵੀ ਚਾਨਣਾ ਪਾਇਆ। ਭਗਵੰਤ ਸਿੰਘ ਮਾਨ ਨੇ ਮਹਿਲਾ ਉੱਦਮੀਆਂ ਨੂੰ ਉਨ੍ਹਾਂ ਦੇ ਵਿਕਾਸ ਲਈ ਹਰ ਸੰਭਵ ਸਰੋਤ ਉਪਲੱਬਧ ਕਰਵਾ ਕੇ ਮਹਿਲਾ ਸਸ਼ਕਤੀਕਰਨ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾ ਉੱਦਮਤਾ ਨੂੰ ਹੁਲਾਰਾ ਦੇਣ ਪਿੱਛੇ ਸੂਬਾ ਸਰਕਾਰ ਦਾ ਉਦੇਸ਼ ਪੰਜਾਬ ਦੇ ਸਮਾਜਿਕ-ਆਰਥਿਕ ਵਿਕਾਸ ਅਤੇ ਉੱਜਵਲ ਭਵਿੱਖ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਲੋਕਾਂ ਨੇ ਸੂਬਾ ਸਰਕਾਰ ਨੂੰ ਵੱਡਾ ਫਤਵਾ ਦੇ ਕੇ ਇੱਕ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੂਬਾ ਸਰਕਾਰ ਦਾ ਫਰਜ਼ ਹੈ ਕਿ ਉਹ ਆਪਣੇ ਲੋਕਾਂ ਦੀ ਭਲਾਈ ਅਤੇ ਸੂਬੇ ਦੀ ਤਰੱਕੀ ਲਈ ਸਖ਼ਤ ਮਿਹਨਤ ਕਰੇ।

ਆਪਣੀ ਮਾਂ ਦੇ ਪ੍ਰਭਾਵ ਅਤੇ 'ਮਾਂ ਦੇ ਸ਼ਬਦਾਂ' ਦਾ ਹਵਾਲਾ ਦਿੰਦੇ ਹੋਏ, ਜਿਸਨੂੰ ਉੱਘੇ ਵਿਗਿਆਨੀ ਵੀ ਪਰਿਭਾਸ਼ਿਤ ਨਹੀਂ ਕਰ ਸਕਦੇ, ਮੁੱਖ ਮੰਤਰੀ ਨੇ ਮਹਿਲਾ ਸਸ਼ਕਤੀਕਰਨ ਦੀ ਮਹੱਤਤਾ ਨੂੰ ਉਜਾਗਰ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸਮਾਗਮ ਵਿੱਚ ਔਰਤਾਂ ਵੱਲੋਂ ਬਣਾਏ ਗਏ ਉਤਪਾਦਾਂ ਤੋਂ ਪ੍ਰਭਾਵਿਤ ਹੋਏ ਹਨ । ਉਨ੍ਹਾਂ ਨੇ ਇਨ੍ਹਾਂ ਉਤਪਾਦਾਂ ਨੂੰ ਵਿਸ਼ਵ ਪੱਧਰ 'ਤੇ ਵੇਚਣ ਲਈ ਇੱਕ ਸੁਚੱਜੇ ਪਲੇਟਫਾਰਮ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਫੁਲਕਾਰੀ ਅਤੇ ਹੋਰ ਪੰਜਾਬੀ ਉਤਪਾਦਾਂ ਨੂੰ ਦੁਨੀਆ ਭਰ 'ਚ ਪ੍ਰਦਰਸ਼ਿਤ ਕਰਨ ਦਾ ਆਪਣਾ ਸੁਪਨਾ ਸਾਂਝਾ ਕੀਤਾ , ਜਿਸ ਨਾਲ ਔਰਤਾਂ ਨੂੰ ਉੱਦਮੀਆਂ ਦੇ ਰੂਪ 'ਚ ਅੱਗੇ ਆਉਣ ਲਈ ਪ੍ਰੇਰਿਆ ਜਾ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਚੀਨ ਦੀਆਂ ਔਰਤਾਂ ਦੇਸ਼ ਦੇ ਵਿਸ਼ਵ ਪੱਧਰੀ ਉਤਪਾਦਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ, ਇਸੇ ਲਈ ਮੁਲਕ ਦੀ ਆਰਥਿਕਤਾ ਵਿੱਚ ਉਨ੍ਹਾਂ ਦਾ ਅਹਿਮ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ, ਮੌਕਾ ਮਿਲਣ 'ਤੇ, ਪੰਜਾਬੀ ਔਰਤਾਂ ਵੀ ਇਨ੍ਹਾਂ ਵਿਸ਼ਵ ਪੱਧਰੀ ਪ੍ਰੋਜੈਕਟਾਂ ਦਾ ਉਤਪਾਦਨ ਕਰਕੇ ਆਪਣੇ ਲਈ ਇੱਕ ਸਨਮਾਨਯੋਗ ਥਾਂ ਬਣਾ ਸਕਦੀਆਂ ਹਨ। ਇੱਕ ਉਦਾਹਰਣ ਦਿੰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਔਰਤਾਂ ਨੂੰ ਸਿਲਾਈ ਮਸ਼ੀਨਾਂ ਪ੍ਰਦਾਨ ਕੀਤੀਆਂ ਹਨ ਅਤੇ ਉਨ੍ਹਾਂ ਨੂੰ ਸਕੂਲ ਦੀਆਂ ਵਰਦੀਆਂ ਦਾ ਆਰਡਰ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਮੇਂ ਦੌਰਾਨ 25 ਪ੍ਰਾਈਵੇਟ ਸਕੂਲਾਂ ਅਤੇ ਪੰਜਾਬ ਪੁਲਿਸ ਦੀਆਂ ਵਰਦੀਆਂ ਇਨ੍ਹਾਂ ਔਰਤਾਂ ਦੁਆਰਾ ਤਿਆਰ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਔਰਤਾਂ ਦੇ ਐਫ.ਪੀ.ਸੀ. ਸਟਾਲਾਂ ਦਾ ਵੀ ਦੌਰਾ ਕੀਤਾ , ਜਿਨ੍ਹਾਂ ਵਿੱਚ ਕੋਲਡ ਪ੍ਰੈਸਡ ਸਰ੍ਹੋਂ ਦਾ ਤੇਲ, ਬਾਸਮਤੀ ਚੌਲ, ਸ਼ਹਿਦ, ਦੇਸੀ ਘਿਓ, ਆਟਾ ਬਿਸਕੁਟ, ਅਚਾਰ, ਡਰੋਨ ਤਕਨਾਲੋਜੀ ਅਤੇ ਹੱਥ ਨਾਲ ਬਣੇ ਟੈਰਾਕੋਟਾ ਕਲਾਕਿਰਤਾਂ ਸ਼ਾਮਲ ਸਨ। ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਕਿ ਇਹ ਐਫ.ਪੀ.ਸੀ. ਆਉਣ ਵਾਲੇ ਸਮੇਂ ਵਿੱਚ ਔਰਤਾਂ ਨੂੰ ਸਮਰੱਥ ਬਣਾਉਣ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨਗੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੀ ਪੁਰਾਣੀ ਸ਼ਾਨ ਨੂੰ ਬਹਾਲ ਕਰਨਾ ਅਤੇ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣਾ ਸਮੇਂ ਦੀ ਮੁੱਖ ਲੋੜ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪ੍ਰਮਾਤਮਾ ਦੀ ਕਿਰਪਾ ਨਾਲ ਉਨ੍ਹਾਂ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਕੋਈ ਕਸਰ ਨਹੀਂ ਛੱਡ ਰਹੀ ਹੈ ਅਤੇ ਲੋਕ-ਪੱਖੀ ਅਤੇ ਵਿਕਾਸ-ਮੁਖੀ ਨੀਤੀਆਂ ਨੂੰ ਲਾਗੂ ਕਰਨ ਹੀ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸਿਹਤ, ਸਿੱਖਿਆ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚਾ ਖੇਤਰ ਉਨ੍ਹਾਂ ਦੀ ਸਰਕਾਰ ਦੀਆਂ ਪੰਜ ਪ੍ਰਮੁੱਖ ਤਰਜੀਹਾਂ ਹਨ ਅਤੇ ਇਸ ਲਈ ਇਨ੍ਹਾਂ ਖੇਤਰਾਂ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ।



# ਅੰਮ੍ਰਿਤਸਰ ਪ੍ਰਸ਼ਾਸਨ ਨੇ 1700 ਟੀ ਬੀ ਮਰੀਜ਼ਾਂ ਨੂੰ ਖੁਰਾਕ ਲਈ ਗੋਦ ਲਿਆ

ਰਾਸ਼ਟਰੀ ਤਪਦਿਕ ਮਿਟਾਓ ਪ੍ਰੋਗਰਾਮ ਤਹਿਤ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵਲੋਂ ਟੀ ਬੀ ਮੁਕਤ ਭਾਰਤ ਅਭਿਆਨ ਤਹਿਤ 100 ਦਿਨਾਂ ਦੀ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ। ਜਨ ਜਨ ਦਾ ਰੱਖੋ ਧਿਆਨ -ਟੀ ਬੀ ਮੁਕਤ ਭਾਰਤ ਅਭਿਆਨ ਅਤੇ ਸਾਰੇ ਹੋਣਗੇ ਜੇ ਸਾਥ- ਤਾਂ ਟੀ ਬੀ ਨੂੰ ਦੇਣਗੇ ਮਾਤ ਦੇ ਨਾਅਰੇ ਤਹਿਤ ਜਿਲਾ ਅੰਮ੍ਰਿਤਸਰ ਵਿੱਚ ਪਿੰਡ ਪੱਧਰ ਤੱਕ ਇਸ ਮੁਹਿੰਮ ਨੂੰ ਲੈ ਕੇ ਜਾਇਆ ਜਾਵੇਗਾ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਸਿਰਫ ਖੰਘ ਹੀ ਟੀ ਬੀ ਦਾ ਲੱਛਣ ਨਹੀਂ, ਜੇਕਰ ਤੁਹਾਨੂੰ ਬਲਗਮ ਵਾਲੀ ਖੰਘ, ਖੂਨ ਆਉਣਾ, ਬੁਖਾਰ ਹੋਣਾ, ਛਾਤੀ ਵਿੱਚ ਦਰਦ, ਸਰੀਰਕ ਬਦਲਾਅ, ਭਾਰ ਘੱਟਣਾ, ਰਾਤ ਨੂੰ ਪਸੀਨਾ ਆਉਣਾ, ਪੁਰਾਣੀ ਬਿਮਾਰੀ, ਜਾਂ ਥਕਾਵਟ ਹੁੰਦੀ ਹੋਵੇ ਤਾਂ ਇਨਾਂ ਨੂੰ ਨਜ਼ਰਅੰਦਾਜ਼ ਨਾ ਕੀਤਾ ਜਾਵੇ। ਉਨਾਂ ਕਿਹਾ ਕਿ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਅਸੀਂ ਸਾਰੇ ਨਿ-ਕਸ਼ੈ ਮਿੱਤਰ ਬਣ ਕੇ ਟੀ ਬੀ ਦੇ ਮਰੀਜਾਂ ਦੀ ਮਦਦ ਕਰੀਏ।

ਇਸ ਮਹਿਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 1700 ਟੀ ਬੀ ਮਰੀਜਾਂ ਨੂੰ ਖੁਰਾਕ ਮੁਹਈਆ ਕਰਾਉਣ ਲਈ ਗੋਦ ਲਿਆ ਗਿਆ ਹੈ, ਜਿਸ ਵਿਚੋਂ ਜਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਵੀ ਟੀ ਬੀ ਦੇ 100 ਮਰੀਜਾਂ ਨੂੰ ਅਡਾਪਟ ਕੀਤਾ ਗਿਆ ਹੈ ਅਤੇ ਉਨਾਂ ਦਾ ਸਾਰਾ ਖਰਚਾ ਇਹ ਅਧਿਕਾਰੀ ਆਪਣੀ ਜੇਬ ਵਿਚੋਂ ਖਰਚ ਕਰਨਗੇ। ਡਿਪਟੀ ਕਮਿਸ਼ਨਰ ਵਲੋਂ ਵੀ 10 ਮਰੀਜਾਂ ਨੂੰ ਅਡਾਪਟ ਕੀਤਾ ਗਿਆ ਹੈ। ਇਸ ਤੋਂ ਇਲਾਵਾ ਪ੍ਰਸ਼ਾਸਨ ਦੇ ਹੋਰ ਅਧਿਕਾਰੀਆਂ ਵਲੋਂ ਵੀ ਟੀ ਬੀ ਦੇ ਮਰੀਜਾਂ ਨੂੰ ਅਡਾਪਟ ਕੀਤਾ ਜਾ ਰਿਹਾ ਹੈ ਤਾਂ ਜੋ ਜਿਲ੍ਹੇ ਨੂੰ ਟੀ ਬੀ ਮੁਕਤ ਬਣਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਟੀ ਬੀ ਦੇ ਹਰੇਕ ਮਰੀਜ਼ ਦਾ ਰਿਕਾਰਡ ਰੱਖਿਆ ਜਾਵੇਗਾ ਅਤੇ ਹਰੇਕ ਲੋੜਵੰਦ ਮਰੀਜ਼ ਨੂੰ ਮਾਹਿਰਾਂ ਦੀ ਸਲਾਹ ਅਨੁਸਾਰ ਸਹੀ ਖੁਰਾਕ ਦੇਣ ਦਾ ਪ੍ਰਬੰਧ ਕੀਤਾ ਹੈ। ਉਨਾਂ ਦੱਸਿਆ ਕਿ ਜੋ ਮਰੀਜ਼ ਆਰਥਿਕ ਤੌਰ ਉਤੇ ਅਸਮਰੱਥ ਹੋਣ ਕਾਰਨ ਸਹੀ ਖੁਰਾਕ ਨਹੀਂ ਲੈ ਰਹੇ, ਉਹਨਾਂ ਨੂੰ ਜਿਲਾ ਪ੍ਰਸ਼ਾਸਨ ਵੱਲੋਂ ਵੱਖ ਵੱਖ ਵਪਾਰਕ ਅਦਾਰਿਆਂ, ਰੈਡ ਕਰਾਸ, ਧਾਰਮਿਕ ਸੰਸਥਾਵਾਂ ਅਤੇ ਦਾਨੀ ਪੁਰਸ਼ਾਂ ਦੇ ਸਹਿਯੋਗ ਨਾਲ ਹਰ ਮਹੀਨੇ ਖੁਰਾਕ ਮੁਹਈਆ ਕਰਵਾਈ ਜਾ ਰਹੀ ਹੈ ਅਤੇ ਰੋਜ਼ਾਨਾ ਗੱਡੀਆਂ ਇਹ ਖੁਰਾਕ ਮਰੀਜ਼ਾਂ ਤੱਕ ਭੇਜ ਰਹੀਆਂ ਹਨ।

ਸ੍ਰੀਮਤੀ ਸਾਹਨੀ ਨੇ ਕਿਹਾ ਕਿ ਜ਼ਿਲ੍ਹੇ ਵਿੱਚੋਂ ਟੀ ਬੀ ਨੂੰ ਖਤਮ ਕਰਨ ਵਾਲਾ ਅੰਮ੍ਰਿਤਸਰ ਪਹਿਲਾ ਜ਼ਿਲ੍ਹਾ ਦੇਸ਼ ਭਰ ਵਿੱਚ ਹੋਣਾ ਚਾਹੀਦਾ ਹੈ ਅਤੇ ਇਸ ਲਈ ਜੋ ਵੀ ਸਮਾਂ, ਸਾਧਨ, ਪੈਸਾ ਅਤੇ ਐਨਰਜੀ ਲਗਾਉਣ ਦੀ ਲੋੜ ਹੋਈ ਅਸੀਂ ਲਗਾਵਾਂਗੇ।

ਉਹਨਾਂ ਜ਼ਿਲੇ ਵਿੱਚ ਮੌਜੂਦ 5 ਹਜਾਰ ਤੋਂ ਵੱਧ ਮਰੀਜ਼ਾਂ ਦੀ ਰਹਾਇਸ਼ ਅਨੁਸਾਰ ਮੈਪਿੰਗ ਕੀਤੀ ਹੈ ਅਤੇ ਉਹਨਾਂ ਦੇ ਇਲਾਕਿਆਂ ਨੂੰ ਧਿਆਨ ਵਿੱਚ ਰੱਖ ਕੇ ਆਸ਼ਾ ਵਰਕਰ ਜਾਂ ਹੋਰ ਕਰਮਚਾਰੀਆਂ ਦੀ ਡਿਊਟੀ ਅਜਿਹੇ ਮਰੀਜ਼ਾਂ ਦੀ ਦਵਾਈ ਅਤੇ ਖੁਰਾਕ ਮੁਹਈਆ ਕਰਵਾਉਣ ਲਈ ਲਗਾਈ ਹੈ। ਹਰੇਕ ਮਰੀਜ਼ ਨੂੰ ਰੋਜਾਨਾ ਦਵਾਈ ਲੈਣ ਲਈ ਮੋਬਾਇਲ ਉੱਤੇ ਦੋ ਵਾਰ ਮੈਸੇਜ ਵੀ ਜਾਵੇਗਾ ਅਤੇ ਇਸ ਤੋਂ ਇਲਾਵਾ ਜਦੋਂ ਉਸ ਦੀ ਖੁਰਾਕ ਜਾਂ ਦਵਾਈ ਮੁੱਕਦੀ ਹੈ ਤਾਂ ਉਸ ਨੂੰ ਹੈਲਪਲਾਈਨ ਨੰਬਰ ਦਿੱਤਾ ਹੈ ਜੋ ਕਿ ਫੋਨ ਕਰਕੇ ਸਹਾਇਤਾ ਲੈ ਸਕੇ। ਉਨਾਂ ਨੇ ਇਸ ਲਈ ਜੇਲ ਵਿੱਚ ਬੰਦ ਕੈਦੀਆਂ ਵਿੱਚੋਂ ਵੀ ਟੀ ਬੀ ਦੇ ਮਰੀਜ਼ਾਂ ਦੀ ਸ਼ਨਾਖਤ ਕਰਨ ਅਤੇ ਉਹਨਾਂ ਦਾ ਇਲਾਜ ਨੂੰ ਵੀ ਯਕੀਨੀ ਬਣਾਉਣ ਦਾ ਪ੍ਰਬੰਧ ਕੀਤਾ ਹੈ।

ਡਿਪਟੀ ਕਮਿਸ਼ਨਰ ਨੇ ਅੰਮ੍ਰਿਤਸਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਨੇਕ ਕਾਰਜ ਲਈ ਅੱਗੇ ਆਉਣ। ਉਨਾਂ ਕਿਹਾ ਕਿ ਜੋ ਲੋਕ ਆਪਣਾ ਜਨਮ ਦਿਨ, ਵਿਆਹ ਸਾਲਗ੍ਰਿਹਾ ਆਦਿ ਮੌਕਿਆਂ ਤੇ ਟੀ ਬੀ ਦੇ ਮਰੀਜਾਂ ਨੂੰ ਅਡਾਪਟ ਕਰਨ ਅਤੇ ਲੋੜਵੰਦ ਮਰੀਜਾਂ ਦੀ ਖੁਰਾਕ ਅਤੇ ਦਵਾਈ ਦਾ ਪ੍ਰਬੰਧ ਕਰਨ ਤਾਂ ਜੋ ਉਨਾਂ ਦੇ ਇਹ ਦਿਨ ਯਾਦਗਾਰ ਬਣ ਸਕਣ। ਉਨਾਂ ਦੱਸਿਆ ਕਿ ਜਿਲ੍ਹਾ ਪ੍ਰਸ਼ਾਸਨ ਵਲੋਂ ਟੀ ਬੀ ਦੇ ਮਰੀਜਾਂ ਲਈ ਹੈਲਪਲਾਈਨ ਨੰਬਰ 0183-2422155 ਅਤੇ ਮੋਬਾਇਲ ਨੰਬਰ 9056454988 ਜਾਰੀ ਕੀਤਾ ਗਿਆ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੋ ਵਿਅਕਤੀ ਟੀ ਬੀ ਮਰੀਜਾਂ ਨੂੰ ਅਡਾਪਟ ਕਰਨਾ ਚਾਹੁੰਦੇ ਹਨ। ਉਹ ਇਸ ਨੇਕ ਕੰਮ ਲਈ ਦਿੱਤੇ ਗਏ ਹੈਲਪਲਾਈਨ ਉਪਰ ਸੰਪਰਕ ਕਰ ਸਕਦੇ ਹਨ ਅਤੇ ਨਿ-ਕਸ਼ੈ ਪੋਰਟਲ ਤੇ ਰਜਿਸਟਰਡ ਹੋ ਕੇ ਲੋੜਵੰਦਾਂ ਦੀ ਮਦਦ ਵੀ ਕਰ ਸਕਦੇ ਹਨ।

**ਸ਼ੇਰ ਜੰਗ ਸਿੰਘ ਹੁੰਦਲ**

# 35 ਪਿੰਡਾਂ ਨੂੰ ਨਹਿਰੀ ਪਾਣੀ ਨਾਲ ਜੋੜਨ ਲਈ 26 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟਾਂ ਦੀ ਸ਼ੁਰੂਆਤ

ਜਾਗ੍ਰਤੀ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਉੱਤੇ ਪਹਿਰਾ ਦਿੰਦੇ ਹੋਏ ਪੰਜਾਬ ਦੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਦਾ ਟੀਚਾ ਛੇਤੀ ਹੀ ਸਾਕਾਰ ਕਰ ਲਿਆ ਜਾਵੇਗਾ। ਇਹ ਪ੍ਰਗਟਾਵਾ ਪੰਜਾਬ ਦੇ ਜਲ ਸਰੋਤ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਵਿਧਾਨ ਸਭਾ ਹਲਕਾ ਲਹਿਰਾ ਅਧੀਨ ਆਉਂਦੇ 35 ਪਿੰਡਾਂ ਦੇ ਲੋਕਾਂ ਨੂੰ ਖੇਤਾਂ ਦੀ ਸਿੰਚਾਈ ਲਈ ਨਹਿਰੀ ਪਾਣੀ ਉਪਲਬਧ ਕਰਵਾਉਣ ਦੇ ਮਿੱਥੇ ਟੀਚੇ ਤਹਿਤ 26 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਦਿਆ ਕੀਤਾ। ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਨੇ ਕਿਹਾ ਪਿਛਲੇ 18 ਸਾਲਾਂ ਤੋਂ ਇਹਨਾਂ ਪਿੰਡਾਂ ਦੇ ਲੋਕ ਨਹਿਰੀ ਪਾਣੀ ਤੋਂ ਵਾਂਝੇ ਚਲਦੇ ਆ ਰਹੇ ਹਨ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਲੋਕ ਹਿਤਾਂ ਦੀ ਵੱਡੇ ਪੱਧਰ ਉੱਤੇ ਅਣਦੇਖੀ ਕੀਤੀ। ਉਹਨਾਂ ਦੱਸਿਆ ਕਿ ਕਾਗਜ਼ਾਂ ਵਿੱਚ ਦਰਜ ਵੇਰਵਿਆਂ ਅਨੁਸਾਰ ਧਨੌਰੀ ਫੀਡਰ ਰਾਹੀਂ 35249 ਏਕੜ ਜ਼ਮੀਨ ਨੂੰ ਨਹਿਰੀ ਪਾਣੀ ਲਗਦਾ ਹੈ ਜਦ ਕਿ ਹਕੀਕਤ ਵਿੱਚ ਕੇਵਲ 18740 ਏਕੜ ਨੂੰ ਹੀ ਪਾਣੀ ਲੱਗ ਰਿਹਾ ਹੈ ਅਤੇ 16509 ਏਕੜ ਜ਼ਮੀਨ ਨਹਿਰੀ ਪਾਣੀ ਤੋਂ ਵਾਂਝੀ ਹੈ ਜਿਸ ਨੂੰ 20 ਫਰਵਰੀ 2025 ਤੱਕ ਇਸ ਦੇ ਦਾਇਰੇ ਹੇਠ ਲਿਆਂਦਾ ਜਾਵੇਗਾ ਅਤੇ ਖੇਤਾਂ ਵਿੱਚ ਨਹਿਰੀ ਪਾਣੀ ਪੁੱਜਣ ਨਾਲ ਖੇਤੀ ਦੇ ਕਿੱਤੇ ਨਾਲ ਜੁੜੇ ਲੋਕ ਵੱਡੀ ਰਾਹਤ ਮਹਿਸੂਸ ਕਰਨਗੇ।

ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਨੇ ਕਿਹਾ ਕਿ ਜਲ ਸਰੋਤ ਵਿਭਾਗ ਪੰਜਾਬ ਇਸ ਟੀਚੇ ਨੂੰ ਮੁਕੰਮਲ ਕਰਨ ਲਈ ਪੂਰੀ ਤਰ੍ਹਾਂ ਸਰਗਰਮ ਹੈ। ਉਹਨਾਂ ਦੱਸਿਆ ਕਿ ਪੰਜਾਬ ਵਿੱਚ ਡੈਮਾਂ ਰਾਹੀਂ ਪਹਿਲਾਂ ਕੇਵਲ 68% ਪਾਣੀ ਹੀ ਵਰਤੋਂ ਵਿੱਚ ਆ ਰਿਹਾ ਸੀ ਅਤੇ ਨਹਿਰਾਂ, ਖਾਲੇ , ਸੂਏ ਟੁੱਟੇ ਹੋਣ ਕਾਰਨ 32 ਫੀਸਦੀ ਪਾਣੀ ਅਣਵਰਤਿਆ ਰਹਿ ਜਾਂਦਾ ਸੀ ਜਦਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੇ ਜਾ ਰਹੇ ਨਿਰੰਤਰ ਉਪਰਾਲਿਆਂ ਸਦਕਾ ਹੁਣ ਪੰਜਾਬ ਵਿੱਚ 84 ਫੀਸਦੀ ਨਹਿਰੀ ਪਾਣੀ ਵਰਤਿਆ ਜਾ ਰਿਹਾ ਹੈ। ਸ਼੍ਰੀ ਗੋਇਲ ਨੇ ਕਿਹਾ ਕਿ ਇਹ ਪੰਜਾਬ ਦੇ ਹਰ ਨਾਗਰਿਕ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਧਰਤੀ ਹੇਠਲੇ ਪਾਣੀ ਦੀ ਸੰਜਮ ਨਾਲ ਵਰਤੋਂ ਕਰਨ ਅਤੇ ਪਾਣੀ ਨੂੰ ਅਜਾਈ ਨਸ਼ਟ ਹੋਣ ਤੋਂ ਬਚਾਉਣ।

ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਹੁਣ ਨਵੀਂ ਤਕਨੀਕ ਨਾਲ ਉਹਨਾਂ ਦੱਸਿਆ ਕਿ ਧਨੌਰੀ ਫੀਡਰ, ਧਨੌਰੀ ਡਿਸਟਰੀਬਿਊਟਰੀ, ਫੂਲਦ ਮਾਈਨਰ, ਰਾਮਪੁਰ ਮਾਈਨਰ ਅਤੇ ਭੁੱਲਣ ਮਾਈਨਰ ਨੂੰ ਕੰਕਰੀਟ ਨਾਲ ਬਣਾਇਆ ਜਾ ਰਿਹਾ ਹੈ ਅਤੇ ਪਾਣੀ ਦੀ ਸਮਰੱਥਾ ਵੀ ਵਧਾਈ ਜਾਵੇਗੀ ਜਿਸ ਨਾਲ ਲੋਕ ਰਾਹਤ ਮਹਿਸੂਸ ਕਰਨਗੇ।




ਧਰਤੀ ਹੇਠਲੇ ਪਾਣੀ ਦਾ ਪੱਧਰ ਹੋਰ ਡੂੰਘਾ ਹੋਣ ਅਤੇ ਪਾਣੀ ਦੂਸ਼ਿਤ ਹੋਣ ਤੋਂ ਬਚਾਉਣ ਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਫ਼ਤਹਿਗੜ੍ਹ ਸਾਹਿਬ ਵੱਲੋਂ ਪੰਜਾਬ ਤੇ ਭਾਰਤ ਸਰਕਾਰ ਦੁਆਰਾ ਵਿਸ਼ਵ ਬੈਂਕ ਦੀ ਵਿੱਤੀ ਸਹਾਇਤਾ ਨਾਲ ਜਲ ਜੀਵਨ ਮਿਸ਼ਨ ਅਧੀਨ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ 92 ਪਿੰਡਾਂ ਨੂੰ ਪੀਣ ਯੋਗ ਨਹਿਰੀ ਪਾਣੀ ਉਪਲਬੱਧ ਕਰਵਾਉਣ ਲਈ "ਮੈਗਾ ਨਹਿਰੀ ਪਾਣੀ ਪ੍ਰੋਜੈਕਟ" ਪਿੰਡ ਨਨੋਵਾਲ ਵਿਖੇ ਲਗਾਇਆ ਗਿਆ ਹੈ, ਜੋ ਕਿ ਜਲਦ ਹੀ ਲੋਕ ਅਰਪਿਤ ਕੀਤਾ ਜਾਵੇਗਾ।

ਇਹ ਜਾਣਕਾਰੀ ਸਾਂਝੀ ਕਰਦਿਆਂ ਐਕਸੀਅਨ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਸ਼੍ਰੀ ਇਸ਼ਾਨ ਕੌਸ਼ਲ ਨੇ ਦੱਸਿਆ ਕਿ ਇਸ ਪ੍ਰੋਜੈਕਟ ਵਿੱਚ ਬਲਾਕ ਖੇੜਾ ਦੇ 69 ਪਿੰਡ ਅਤੇ ਬਲਾਕ ਬਸੀ ਪਠਾਣਾਂ ਦੇ 23 ਪਿੰਡ ਸ਼ਾਮਿਲ ਹਨ। ਇਨ੍ਹਾਂ ਪਿੰਡਾਂ ਵਿੱਚ ਕੁੱਲ 131 ਕਿਲੋਮੀਟਰ ਡੀ.ਆਈ. ਟ੍ਰਾਂਸਮਿਸ਼ਨ ਪਾਈਪ ਲਾਈਨ ਵਿਛਾਈ ਗਈ ਹੈ, ਜਿਸ ਰਾਹੀਂ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਸਾਫ-ਸੁੱਥਰੇ ਪੀਣ ਵਾਲੇ ਪਾਣੀ ਦੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ।

ਇਸ ਪ੍ਰੋਜੈਕਟ ਅਧੀਨ ਪਿੰਡ ਨਨੋਵਾਲ ਵਿਖੇ ਇੱਕ ਵਾਟਰ ਟ੍ਰੀਟਮੈਂਟ ਪਲਾਂਟ (12 ਐਮ.ਐਲ.ਡੀ.) ਲਗਾਇਆ ਗਿਆ ਹੈ ਅਤੇ ਭਾਖੜਾ ਨਹਿਰ (ਮੇਨ ਲਾਈਨ) ਦੀ ਰਾਜਪੁਰਾ ਡਿਸਟ੍ਰੀਬਿਊਟਰੀ ਦਾ ਪਾਣੀ ਲੈ ਕੇ, ਉਸ ਪਾਣੀ ਨੂੰ ਫਿਲਟਰੇਸ਼ਨ ਅਤੇ ਕਲੋਰੀਨੇਸ਼ਨ ਰਾਹੀਂ ਕੀਟਾਣੂ ਰਹਿਤ ਕਰ ਕੇ 92 ਪਿੰਡਾਂ ਦੇ ਸਬੰਧਤ ਜਲ ਘਰਾਂ ਦੀਆਂ ਟੈਂਕੀਆਂ ਵਿੱਚ ਭਰਿਆ ਜਾਵੇਗਾ।

ਟੈਂਕੀਆਂ ਤੋਂ ਪਾਈਪ ਲਾਈਨਾਂ ਰਾਹੀਂ ਪਾਣੀ ਘਰ-ਘਰ ਪਹੁੰਚਾਇਆ ਜਾਵੇਗਾ। ਇਸ ਪ੍ਰੋਜੈਕਟ ਦੀ ਕੁੱਲ ਅਨੁਮਾਨਤ ਲਾਗਤ 100.08 ਕਰੋੜ ਰੁਪਏ ਹੈ। ਨਹਿਰੀ ਪਾਣੀ ਨਾਲ ਧਰਤੀ ਹੇਠਲੇ ਦਿਨੋ-ਦਿਨ ਡੂੰਘੇ ਹੋ ਰਹੇ ਪਾਣੀ ਦੇ ਪੱਧਰ ਦਾ ਬਚਾਅ ਹੋਵੇਗਾ, ਕੈਮੀਕਲ ਰਹਿਤ ਹੋਣ ਸਦਕਾ ਪਾਣੀ ਦੂਸ਼ਿਤ ਹੋਣ ਦੇ ਆਸਾਰ ਘੱਟ ਹੋਣਗੇ। ਇਸ ਨਾਲ ਵਾਤਾਵਰਨ ਵਿੱਚ ਵੀ ਸਥਿਰਤਾ ਆਵੇਗੀ।

# ਮਿਸ਼ਨ ਹੌਸ਼ਿਆਰ:

# ਜ਼ਿਲ੍ਹਾ ਪੁਲਿਸ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਸਬ-ਡਵੀਜ਼ਨਲ ਪੱਧਰ 'ਤੇ ਖੇਡ ਮੁਕਾਬਲੇ ਸ਼ੁਰੂ

ਜਾਗ੍ਰਤੀ ਬਿਊਰੋ



ਐਸ. ਐਸ. ਪੀ. ਸੁਰੇਂਦਰ ਲਾਂਬਾ ਪਿੰਡ ਛਾਉਣੀ ਕਲਾਂ ਵਿਖੇ ਖੇਡ ਮੁਕਾਬਲੇ ਤੋਂ ਪਹਿਲਾਂ ਖਿਡਾਰੀਆਂ ਨਾਲ ਜਾਣ-ਪਛਾਣ ਕਰਦੇ ਹੋਏ।

ਨਸ਼ਿਆਂ ਦੀ ਅਲਾਮਤ ਨਾਲ ਨਜਿੱਠਣ ਲਈ ਹਾਲ ਹੀ ਵਿੱਚ ਸ਼ੁਰੂ ਕੀਤੇ ਮਿਸ਼ਨ 'ਹੋਸ਼ਿਆਰ' ਤੋਂ ਬਾਅਦ ਜ਼ਿਲ੍ਹਾ ਪੁਲਿਸ ਵੱਲੋਂ ਨੌਜਵਾਨਾਂ ਨੂੰ ਵੱਖ-ਵੱਖ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਸਬ-ਡਵੀਜ਼ਨਲ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ ਗਈ।

ਇਸ ਪਹਿਲਕਦਮੀ ਬਾਰੇ ਜਾਣਕਾਰੀ ਦਿੰਦੇ ਹੋਏ, ਹੁਸ਼ਿਆਰਪੁਰ ਦੇ ਐਸ. ਐਸ. ਪੀ. ਸੁਰੇਂਦਰ ਲਾਂਬਾ ਨੇ ਦੱਸਿਆ ਕਿ ਇਨ੍ਹਾਂ ਖੇਡਮੁਕਾਬਲਿਆਂ ਦਾ ਉਦੇਸ਼ ਨੌਜਵਾਨਾਂ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨਾ ਹੈ ਤਾਂ ਜੋ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਢੰਗ ਨਾਲ ਵਰਤਿਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਯਤਨ ਨਸ਼ਿਆਂ ਨਾਲ ਲੜਨ ਦੇ ਨਾਲ-ਨਾਲ ਇਸ ਦਾ ਸ਼ਿਕਾਰ ਹੋ ਚੁੱਕੇ ਵਿਅਕਤੀਆਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਅਤੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ 'ਸੰਪਰਕ' ਪ੍ਰੋਗਰਾਮ ਦਾ ਹਿੱਸਾ ਹੈ।

ਜਿਲਾ ਪੁਲਿਸ ਮੁਖੀ ਸੁਰੇਂਦਰ ਲਾਂਬਾ ਨੇ ਦੱਸਿਆ ਕਿ ਇਹਨਾਂ ਖੇਡ ਮੁਕਾਬਲਿਆਂ ਵਿੱਚ ਬਾਸਕਟਬਾਲ, ਵਾਲੀਬਾਲ, ਫੁੱਟਬਾਲ ਅਤੇ ਐਥਲੈਟਿਕਸ ਦੇ ਖੇਡ ਮੁਕਾਬਲੇ ਸ਼ਾਮਲ ਹਨ ਜੋ ਸਾਰੇ ਸੱਤ ਸਬ-ਡਵੀਜ਼ਨਾਂ ਵਿੱਚ ਹੋਣਗੇ, ਜਿੱਥੇ 1,500 ਤੋਂ ਵੱਧ ਨੌਜਵਾਨ ਵੱਖ-ਵੱਖ ਖੇਡਾਂ ਵਿੱਚ ਹਿੱਸਾ ਲੈਣਗੇ। ਉਹਨਾਂ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨਾ ਯਕੀਨੀ ਤੌਰ 'ਤੇ ਨਸ਼ਿਆਂ ਦੀ ਇਸ ਲਾਹਨਤ ਵਿਰੁੱਧ ਉਸਾਰੂ ਸੰਦੇਸ਼ ਦੇਵੇਗਾ। ਉਨ੍ਹਾਂ ਕਿਹਾ ਕਿ ਨੌਜਵਾਨ ਆਪਣੀ ਪਸੰਦ ਦੀਆਂ ਖੇਡਾਂ ਵਿੱਚ ਹਿੱਸਾ ਲੈ ਕੇ ਨਾ ਸਿਰਫ਼ ਆਪਣੇ ਖੇਡ ਹੁਨਰ ਨੂੰ ਨਿਖਾਰ ਸਕਦੇ ਹਨ ਸਗੋਂ ਹੋਰਨਾਂ ਲਈ ਪ੍ਰੇਰਨਾ ਵੀ ਬਣ ਸਕਦੇ ਹਨ। ਉਨ੍ਹਾਂ ਕਿਹਾ ਕਿ ਸਬ-ਡਵੀਜ਼ਨ ਪੱਧਰ ਦੀਆਂ ਖੇਡਾਂ ਤੋਂ ਬਾਅਦ, ਜ਼ਿਲ੍ਹਾ ਪੱਧਰੀ ਟੂਰਨਾਮੈਂਟ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਈਵੈਂਟਾਂ ਵਿੱਚ ਕੁੱਲ 176 ਟੀਮਾਂ ਭਾਗ ਲੈ ਰਹੀਆਂ ਹਨ ਅਤੇ ਜੇਤੂ ਟੀਮਾਂ ਅੱਗੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਗੀਆਂ।

ਸੁਰੇਂਦਰ ਲਾਂਬਾ ਨੇ ਕਿਹਾ ਕਿ ਇਹ ਉਪਰਾਲਾ ਜ਼ਿਲ੍ਹਾ ਪੁਲਿਸ ਵੱਲੋਂ ਆਪਣੀ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁਪਰਡੈਂਟ ਆਫ਼ ਪੁਲਿਸ (ਐਸ.ਪੀ.), ਡਿਪਟੀ ਸੁਪਰਡੈਂਟ ਆਫ਼ ਪੁਲਿਸ (ਡੀ.ਐਸ.ਪੀ.) ਅਤੇ ਸਟੇਸ਼ਨ ਹਾਊਸ ਅਫ਼ਸਰ (ਐਸ.ਐਚ.ਓਜ.) ਨੂੰ ਪਹਿਲਾਂ ਹੀ ਆਪਸ-ਆਪਣੇ ਪੱਧਰ 'ਤੇ ਇਨ੍ਹਾਂ ਸਮਾਗਮਾਂ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ ਤਾਂ ਜੋ ਅਤੇ ਪਾਰਦਰਸ਼ੀ ਅਤੇ ਉਸਾਰੂ ਖੇਡ ਮੁਕਾਬਲੇ ਯਕੀਨੀ ਬਣਾਏ ਜਾ ਸਕਣ।

ਸੁਰੇਂਦਰ ਲਾਂਬਾ ਨੇ ਲੋਕਾਂ ਨੂੰ ਨਸ਼ਿਆਂ ਦੀ ਸਮੱਸਿਆ ਵਿਰੁੱਧ ਲੜਾਈ ਵਿੱਚ ਸਹਾਇਤਾ ਕਰਨ ਲਈ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ ਮਾਹਿਰਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਪੁਨਰਵਾਸ ਕੇਂਦਰ ਵਿੱਚ ਤਿੰਨ-ਨੁਕਾਤੀ ਰਣਨੀਤੀ ਪ੍ਰੀਵੈਂਸ਼ਨ, ਐਨਫੋਰਸਮੈਂਟ ਅਤੇ ਮੁੜ ਵਸੇਬਾ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਸ ਨੇਕ ਕਾਰਜ ਵਿੱਚ ਪੁਲਿਸ ਦੀ ਸਹਾਇਤਾ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ ਅਤੇ ਨਸ਼ਿਆਂ ਦੀ ਵਿਕਰੀ ਅਤੇ ਤਸਕਰੀ ਵਿੱਚ ਸ਼ਾਮਲ ਲੋਕਾਂ ਵਿਰੁੱਧ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

ਜ਼ਿਕਰਯੋਗ ਹੈ ਕਿ ਪੁਲਿਸ ਸਟੇਸ਼ਨ ਪੱਧਰ 'ਤੇ ਟੀਮਾਂ ਵਿੱਚ ਗੜ੍ਹਸ਼ੰਕਰ ਅਤੇ ਤਲਵਾੜਾ ਵਿੱਚ ਛੇ-ਛੇ, ਮਾਹਿਲਪੁਰ ਵਿੱਚ 10, ਚੱਬੇਵਾਲ ਵਿੱਚ ਅੱਠ, ਮੇਹਟੀਆਣਾ ਵਿੱਚ 12, ਬੁੱਲੋਵਾਲ ਅਤੇ ਹੁਸ਼ਿਆਰਪੁਰ ਸ਼ਹਿਰ ਵਿੱਚ 10-10, ਸਦਰ ਥਣਾਂ ਅਧੀਨ 32, ਮਾਡਲ ਟਾਊਨ ਵਿੱਚ 20, ਹਰਿਆਣਾ ਵਿੱਚ 12, ਗੜ੍ਹਦੀਵਾਲਾ, ਮੁਕੇਰੀਆਂ ਅਤੇ ਹਾਜੀਪੁਰ ਵਿੱਚ ਅੱਠ-ਅੱਠ, ਟਾਂਡਾ ਵਿੱਚ 14 ਅਤੇ ਦਸੂਹਾ ਵਿੱਚ 12 ਟੀਮਾਂ ਸ਼ਾਮਲ ਸਨ।

# 147143 ਲਾਭਪਾਤਰੀਆਂ ਨੂੰ ਵੱਖ-ਵੱਖ ਪੈਨਸ਼ਨ ਸਕੀਮਾਂ ਅਧੀਨ 22.07 ਕਰੋੜ ਰੁਪਏ ਦੀ ਅਦਾਇਗੀ

ਜਾਗ੍ਰਤੀ ਬਿਊਰੋ

ਫਾਜ਼ਿਲਕਾ ਜ਼ਿਲ੍ਹੇ ਵਿਚ 147143 ਲਾਭਪਾਤਰੀਆਂ ਨੂੰ ਵੱਖ-ਵੱਖ ਪੈਨਸ਼ਨ ਸਕੀਮਾਂ ਅਧੀਨ 22 ਕਰੋੜ 07 ਲੱਖ 14 ਹਜ਼ਾਰ 500 ਰੁਪਏ ਦੀ ਪ੍ਰਤੀ ਮਹੀਨਾ ਅਦਾਇਗੀ ਕੀਤੀ ਗਈ ਹੈ। ਇਹ ਜਾਣਕਾਰੀ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨਵੀਨ ਗੜਵਾਲ ਨੇ ਦਿੱਤੀ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਬੁਢਾਪਾ ਪੈਨਸ਼ਨ ਦੇ 97573 ਲਾਭਪਾਤਰੀਆਂ ਨੂੰ 14,63,59,500 ਰੁਪਏ, ਵਿਧਵਾ ਤੇ ਬੇਸਹਾਰਾ ਔਰਤਾਂ ਲਈ ਪੈਨਸ਼ਨ ਦੇ 25322 ਲਾਭਪਾਤਰੀਆਂ ਨੂੰ 3,79,83,000 ਰੁਪਏ, 10163 ਬੇਸਹਾਰਾ ਬੱਚਿਆਂ ਲਈ 1,52,44,500 ਪੈਨਸ਼ਨ ਅਤੇ ਦਿਵਿਆਂਗ ਪੈਨਸ਼ਨ ਦੇ 14085 ਲਾਭਪਾਤਰੀਆਂ ਨੂੰ 2,11,27,500 ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਗਈ। ਉਨ੍ਹਾਂ ਦੱਸਿਆ ਕਿ ਇਹ ਪੈਨਸ਼ਨ ਰਾਸ਼ੀ ਸਿੱਧੇ ਤੌਰ 'ਤੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿਚ ਜਮ੍ਹਾਂ ਹੁੰਦੀ ਹੈ, ਜਿਸ ਨਾਲ ਜਿੱਥੇ ਲਾਭਪਾਤਰੀਆਂ ਦੀ ਖੱਜਲ-ਖੁਆਰੀ ਘਟੀ ਹੈ, ਉੱਥੇ ਉਨ੍ਹਾਂ ਦੇ ਸਮੇਂ ਦੀ ਬੱਚਤ ਵੀ ਹੋਈ ਹੈ। ਉਨ੍ਹਾਂ ਕਿਹਾ ਕਿ ਪੈਨਸ਼ਨ ਦੀ ਅਦਾਇਗੀ ਦਾ ਕੰਮ ਪੂਰੀ ਪਾਰਦਰਸ਼ਤਾ ਨਾਲ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ।

ਸ੍ਰੀ ਨਵੀਨ ਗੜਵਾਲ ਨੇ ਦੱਸਿਆ ਕਿ ਪੁਰਸ਼, ਜਿਨ੍ਹਾਂ ਦੀ ਉਮਰ 65 ਸਾਲ ਜਾਂ ਇਸ ਤੋਂ ਵੱਧ ਹੋਵੇ ਅਤੇ ਔਰਤਾਂ, ਜਿਨ੍ਹਾਂ ਦੀ ਉਮਰ 58 ਸਾਲ ਜਾਂ ਇਸ ਤੋਂ ਵੱਧ ਹੋਵੇ, ਦੀ ਆਮਦਨ ਸਾਰੇ ਵਸੀਲਿਆਂ ਤੋਂ ਸਾਲਾਨਾ ਆਮਦਨ 60 ਹਜ਼ਾਰ ਰੁਪਏ ਤੋਂ ਵੱਧ ਨਾ ਹੋਵੇ ਅਤੇ ਪੇਂਡੂ ਖੇਤਰ ਵਿੱਚ 2.5 ਏਕੜ ਤੋਂ ਘੱਟ ਜ਼ਮੀਨ ਵਾਲੇ ਅਤੇ ਸ਼ਹਿਰੀ ਖੇਤਰ ਵਿੱਚ 200 ਵਰਗ ਮੀਟਰ ਤੋਂ ਘੱਟ ਮਕਾਨ ਦੀ ਮਾਲਕੀ ਵਾਲੇ ਯੋਗ ਲਾਭਪਾਤਰੀਆਂ ਨੂੰ ਬੁਢਾਪਾ ਪੈਨਸ਼ਨ ਦਾ ਲਾਭ ਦਿੱਤਾ ਜਾਂਦਾ ਹੈ।

ਇਸੇ ਤਰ੍ਹਾਂ 58 ਸਾਲ ਤੋਂ ਘੱਟ ਉਮਰ ਦੀਆਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ, ਜਿਨ੍ਹਾਂ ਦੀ ਸਾਲਾਨਾ ਆਮਦਨ 60 ਹਜ਼ਾਰ ਤੋਂ ਵੱਧ ਨਾ ਹੋਵੇ ਅਤੇ 21 ਸਾਲ ਤੋਂ ਘੱਟ ਉਮਰ ਦੇ ਅਜਿਹੇ ਬੱਚੇ, ਜੋ ਮਾਤਾ ਪਿਤਾ ਦੀ ਮੌਤ ਜਾਂ ਉਨ੍ਹਾਂ ਦੀ ਦਿਵਿਆਂਗਤਾ ਕਾਰਨ ਦੇਖ-ਭਾਲ ਤੋਂ ਵਾਂਝੇ ਹੋ ਗਏ ਹੋਣ ਅਤੇ ਉਨ੍ਹਾਂ ਦੀ ਆਮਦਨ ਸਾਲਾਨਾ 60 ਹਜ਼ਾਰ ਤੋਂ ਘੱਟ ਹੋਵੇ, ਨੂੰ ਵੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਇਸੇ ਤਰ੍ਹਾਂ 50 ਫ਼ੀਸਦੀ ਤੋਂ ਵੱਧ ਵਾਲੇ ਦਿਵਿਆਂਗ ਵੀ ਵਿੱਤੀ ਸਹਾਇਤਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੈਨਸ਼ਨ ਲੈਣ ਲਈ ਦਸਤਾਵੇਜ ਨੇੜੇ ਦੇ ਸੇਵਾ ਕੇਂਦਰ ਵਿਖੇ ਜਮਾ ਕਰਵਾਏ ਜਾ ਸਕਦੇ ਹਨ|

# ਹੈਲਪ ਲਾਇਨ 1076 `ਤੇ ਜ਼ਿਲ੍ਹੇ ਦੇ 1124 ਨਾਗਰਿਕਾਂ ਨੇ ਘਰ ਬੈਠੇ ਪ੍ਰਸ਼ਾਸ਼ਕੀ ਸੇਵਾਵਾਂ ਦਾ ਲਿਆ ਲਾਭ

ਜਾਗ੍ਰਤੀ ਬਿਊਰੋ

ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਘਰ ਬੈਠੇ ਵੱਖ-ਵੱਖ ਪ੍ਰਸ਼ਾਸ਼ਨਿਕ ਸੇਵਾਵਾਂ ਦਾ ਲਾਭ ਦੇਣ ਲਈ ਸ਼ੁਰੂ ਕੀਤੀ ਗਈ 1076 ਹੈਲਪ ਲਾਇਨ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਲੋਕਾਂ ਲਈ ਲਾਹੇਵੰਦ ਸਾਬਤ ਹੋ ਰਹੀ ਹੈ। ਇਸ ਹੈਲਪ ਲਾਇਨ ਰਾਹੀਂ ਨਾਗਰਿਕਾਂ ਨੇ ਵੱਖ-ਵੱਖ ਸੇਵਾਵਾਂ ਦਾ ਘਰ ਬੈਠੇ ਹੀ ਲਾਭ ਹਾਸਲ ਕੀਤਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਈ ਵੀ ਨਾਗਰਿਕ 1076 ਤੇ ਫੋਨ ਕਰਕੇ 43 ਪ੍ਰਕਾਰ ਦੀਆਂ ਸੇਵਾਵਾਂ ਜਿੰਨ੍ਹਾਂ ਵਿਚ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਮੈਰਿਜ ਸਰਟੀਫਿਕੇਟ, ਜਨਮ/ਮੌਤ ਸਰਟੀਫਿਕੇਟ, ਲੇਬਰ ਕਾਰਡ ਆਦਿ ਸ਼ਾਮਿਲ ਹਨ, ਦਾ ਲਾਭ ਹਾਸਲ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਦਫਤਰਾਂ ਨਾਲ ਸਬੰਧਤ ਇੰਨ੍ਹਾਂ ਸਰਕਾਰੀ ਸੇਵਾਵਾਂ ਲਈ ਪ੍ਰਾਰਥੀ ਸਰਕਾਰੀ ਨੁੰਮਾਇੰਦੇ ਨੂੰ ਆਪਣੇ ਘਰ ਬੁਲਾ ਸਕਦਾ ਹੈ ਭਾਵ ਇੰਨ੍ਹਾਂ 43 ਪ੍ਰਕਾਰ ਦੇ ਸਰਕਾਰੀ ਕੰਮਾਂ ਲਈ ਕਿਸੇ ਵੀ ਦਫ਼ਤਰ ਜਾਣ ਦੀ ਜਰੂਰਤ ਨਹੀਂ ।

ਡਾ: ਸੋਨਾ ਥਿੰਦ ਨੇ ਦੱਸਿਆ ਕਿ ਹੈਲਪ ਲਾਇਨ ਨੰਬਰ 1076 ਰਾਹੀਂ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਨਾਲ ਸਬੰਧਤ 351, ਪੁਲਿਸ ਵਿਭਾਗ ਨਾਲ ਸਬੰਧਤ 316, ਪ੍ਰਸੋਨਲ ਵਿਭਾਗ ਨਾਲ ਸਬੰਧਤ 62, ਮਾਲ ਵਿਭਾਗ ਨਾਲ ਸਬੰਧਤ 62, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਨਾਲ ਸਬੰਧਤ 06, ਸਮਾਜਿਕ ਨਿਆਂ ਤੇ ਅਧਿਕਾਰਤਾ ਵਿਭਾਗ ਨਾਲ ਸਬੰਧਤ 207 ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਨਾਲ ਸਬੰਧਤ 115 ਨਾਗਰਿਕਾਂ ਨੇ ਸੇਵਾਵਾਂ ਹਾਸਲ ਕੀਤੀਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸੁਵਿਧਾ ਨਾਲ ਆਮ ਲੋਕਾਂ ਦੇ ਦਫ਼ਤਰਾਂ ਵਿੱਚ ਆਉਣ-ਜਾਣ ਨਾਲ ਉਨ੍ਹਾਂ ਦੇ ਸਮੇਂ ਦੀ ਬੱਚਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਸੇਵਾ ਤਹਿਤ ਸਰਕਾਰੀ ਨੁਮਾਂਇੰਦਾ ਨਾਗਰਿਕ ਦੇ ਘਰ ਆ ਕੇ ਉਸ ਦੀ ਅਰਜ਼ੀ ਲੈਂਦਾ ਹੈ, ਫੋਟੋ ਤੇ ਹੋਰ ਦਸਤਾਵੇਜ਼ ਪ੍ਰਾਪਤ ਕਰਦਾ ਹੈ ਅਤੇ ਨਾਗਰਿਕ ਦਾ ਕੰਮ ਹੋਣ ਤੋਂ ਬਾਅਦ ਸਰਟੀਫਿਕੇਟ ਉਨ੍ਹਾਂ ਦੇ ਘਰ ਪਹੁੰਚਾਉਂਦਾ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈ ਜਾ ਰਹੀ ਇਸ ਡੋਰ ਸਟੈੱਪ ਸਰਵਿਸ ਰਾਹੀਂ 1076 'ਤੇ ਕਾਲ ਕਰਕੇ ਘਰ ਬੈਠੇ ਹੀ ਪ੍ਰਸ਼ਾਸਨਿਕ ਸੇਵਾਵਾਂ ਦਾ ਵੱਧ ਤੋਂ ਵੱਧ ਲਾਹਾ ਲੈ ਕੇ ਆਪਣੇ ਕੀਮਤੀ ਸਮੇਂ ਦੀ ਬੱਚਤ ਕਰਨ।

# ਸੁਨਾਮ ਵਾਸੀਆਂ ਨੂੰ ਇੱਕ ਹੋਰ ਅਹਿਮ ਸੌਗਾਤ

# 3.68 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪੰਜਾਬ ਦੇ ਚੌਥੇ ਜੋਨਲ ਡਰੱਗ ਵੇਅਰ ਹਾਊਸ ਦਾ ਰੱਖਿਆ ਨੀਹ ਪੱਥਰ

ਜਾਗ੍ਰਤੀ ਬਿਊਰੋ




ਲੋਹੜੀ ਦੇ ਪਵਿੱਤਰ ਦਿਹਾੜੇ ਦੇ ਮੌਕੇ ਉੱਤੇ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਸੁਨਾਮ ਦੇ ਵਾਸੀਆਂ ਨੂੰ ਇੱਕ ਹੋਰ ਅਹਿਮ ਸੌਗਾਤ ਦਿੱਤੀ ਹੈ। ਸਿਵਲ ਹਸਪਤਾਲ ਸੁਨਾਮ ਵਿਖੇ ਲਗਭਗ 3.68 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਜੋਨਲ ਡਰੱਗ ਵੇਅਰ ਹਾਊਸ ਦਾ ਨੀਹ ਪੱਥਰ ਰੱਖਦਿਆਂ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਵੇਅਰ ਹਾਊਸ ਦੇ ਬਣਨ ਨਾਲ ਨਾ ਕੇਵਲ ਸੰਗਰੂਰ ਬਲਕਿ ਨੇੜਲੇ ਕਈ ਜ਼ਿਲ੍ਹਿਆਂ ਦੇ ਸਰਕਾਰੀ ਹਸਪਤਾਲਾਂ ਵਿੱਚ ਦਵਾਈਆਂ ਦੀ ਘਾਟ ਨੂੰ ਹਮੇਸ਼ਾ ਲਈ ਦੂਰ ਕਰ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਇਹ ਇੱਕ ਵੱਡਾ ਸਟੋਰ ਹੋਵੇਗਾ ਜਿੱਥੇ ਕਿ ਹਰ ਵੇਲੇ 15 ਤੋਂ 18 ਕਰੋੜ ਰੁਪਏ ਦੇ ਮੁੱਲ ਦੀਆਂ ਹਰ ਕਿਸਮ ਦੀਆਂ ਦਵਾਈਆਂ ਮੌਜੂਦ ਰਹਿਣਗੀਆਂ ਅਤੇ ਜ਼ਿਲ੍ਹਿਆਂ ਦੀ ਲੋੜ ਮੁਤਾਬਕ ਇੱਥੋਂ ਇਹਨਾਂ ਦਵਾਈਆਂ ਦੀ ਸਪਲਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਇਹ ਪੰਜਾਬ ਦਾ ਚੌਥਾ ਜੋਨਲ ਡਰੱਗ ਵੇਅਰ ਹਾਊਸ ਹੈ ਜੋ ਕਿ ਸਿਹਤ ਖੇਤਰ ਵਿੱਚ ਇੱਕ ਵੱਡੀ ਕ੍ਰਾਂਤੀ ਲਿਆਉਣ ਦਾ ਜ਼ਰੀਆ ਸਾਬਤ ਹੋਵੇਗਾ।

ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਵੱਡੇ ਲੋਕ ਹਿਤਾਂ ਨੂੰ ਤਰਜੀਹ ਦਿੰਦਿਆਂ ਯੋਜਨਾਬਧ ਢੰਗ ਨਾਲ ਪ੍ਰੋਜੈਕਟ ਉਲੀਕ ਰਹੀ ਹੈ। ਉਹਨਾਂ ਕਿਹਾ ਕਿ ਕਈ ਵਾਰ ਅਜਿਹੇ ਮਾਮਲੇ ਸਾਹਮਣੇ ਆਉਂਦੇ ਹਨ ਕਿ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਦਵਾਈਆਂ ਦੀ ਘਾਟ ਕਾਰਨ ਲੋਕਾਂ ਨੂੰ ਪ੍ਰਾਈਵੇਟ ਕੈਮਿਸਟ ਸ਼ਾਪ ਤੋਂ ਮਹਿੰਗੇ ਮੁੱਲ ਤੇ ਦਵਾਈਆਂ ਖਰੀਦਣੀਆਂ ਪੈਂਦੀਆਂ ਹਨ ਅਤੇ ਇਸ ਜੋਨਲ ਡਰੱਗ ਵੇਅਰ ਹਾਊਸ ਦੇ ਨਿਰਮਾਣ ਨਾਲ ਅਜਿਹੀਆਂ ਸਮੱਸਿਆਵਾਂ ਤੋਂ ਹਮੇਸ਼ਾਂ ਲਈ ਛੁਟਕਾਰਾ ਮਿਲ ਜਾਵੇਗਾ ਅਤੇ ਲੋੜਵੰਦ ਲੋਕ ਵੱਡੀ ਰਾਹਤ ਮਹਿਸੂਸ ਕਰਨਗੇ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਸੁਨਾਮ ਉਧਮ ਸਿੰਘ ਵਾਲਾ ਦੇ 6 ਸਰਕਾਰੀ ਸਕੂਲਾਂ ਵਿੱਚ ਵੀ ਲਗਭਗ ਡੇਢ ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਹਲਕੇ ਦੇ ਸਰਬਪੱਖੀ ਵਿਕਾਸ ਲਈ ਪਿੰਡਾਂ ਅਤੇ ਸ਼ਹਿਰਾਂ ਵਿੱਚ ਅਨੇਕਾਂ ਪ੍ਰੋਜੈਕਟ ਪਾਈਪ ਲਾਈਨ ਵਿੱਚ ਹਨ ਜਿਨਾਂ ਨੂੰ ਨਿਰਧਾਰਿਤ ਸਮੇਂ ਦੇ ਅੰਦਰ ਅੰਦਰ ਮੁਕੰਮਲ ਕਰਕੇ ਸੁਨਾਮ ਵਾਸੀਆਂ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ।

ਜੋਨਲ ਡਰੱਗ ਵੇਅਰ ਹਾਊਸ ਦੇ ਨੀਹ ਪੱਥਰ ਸਮਾਰੋਹ ਮੌਕੇ ਸਿਵਲ ਹਸਪਤਾਲ ਦੇ ਐਸ.ਐਮ.ਓ ਡਾਕਟਰ ਸੰਜੇ ਕਾਮਰਾ ਨੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਸ੍ਰੀ ਅਮਨ ਅਰੋੜਾ ਵੱਲੋਂ ਸਿਵਲ ਹਸਪਤਾਲ ਵਿੱਚ ਨਵੇਂ ਓਪੀਡੀ ਬਲਾਕ ਅਤੇ ਬਲੱਡ ਬੈਂਕ ਸਮੇਤ ਅਨੇਕਾਂ ਲੋਕ ਪੱਖੀ ਪ੍ਰੋਜੈਕਟਾਂ ਨੂੰ ਸਫਲਤਾ ਨਾਲ ਨੇਪਰੇ ਚੜਾਇਆ ਗਿਆ ਹੈ।

# ਕਿਸਾਨ ਰਾਜਦੀਪ ਸਿੰਘ ਦੀ ਕਾਮਯਾਬੀ ਦੀ ਕਹਾਣੀ: ਇੱਕ ਸਾਦੇ ਕਿਸਾਨ ਦਾ ਵਪਾਰਕ ਸਫਰ

ਜਾਗ੍ਰਤੀ ਬਿਊਰੋ



ਜ਼ਿਲ੍ਹਾ ਮੋਗਾ ਦੇ ਪਿੰਡ ਭਿੰਡਰ ਕਲਾਂ ਦੇ 31 ਸਾਲਾ ਉੱਦਮੀ ਕਿਸਾਨ ਰਾਜਦੀਪ ਸਿੰਘ ਨੇ ਸਹੀ ਦ੍ਰਿਸ਼ਟੀਕੋਣ, ਮਿਹਨਤ ਅਤੇ ਨਵੀਨਤਾ ਨਾਲ ਕਾਮਯਾਬੀ ਦੇ ਨਵੇਂ ਦਿਸਹੱਦੇ ਕਾਇਮ ਕੀਤੇ ਹਨ। ਉਸ ਦੁਆਰਾ ਰਵਾਇਤੀ ਖੇਤੀ ਨਾਲੋਂ ਅੱਗੇ ਵਧ ਕੇ ਗੁੜ ਦੀ ਪ੍ਰੋਸੈਸਿੰਗ ਕਰਕੇ ਆਪਣਾ ਵਿਲੱਖਣ ਨਾਮ ਸਥਾਪਿਤ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਜਦੋਂ ਉਸ ਦੇ ਸਾਥੀ ਵਿਦੇਸ਼ ਜਾਣ ਦੇ ਸੁਪਨੇ ਦੇਖ ਰਹੇ ਸਨ, ਉਸਨੇ ਪਿੰਡ ਵਿੱਚ ਰਹਿ ਕੇ ਖੇਤੀ ਨਾਲ ਜੁੜਿਆ ਭਵਿੱਖ ਦੇਖਿਆ ਅਤੇ ਵਧੀਆ ਗੁਣਵੱਤਾ ਵਾਲੇ ਜਹਿਰ ਮੁਕਤ ਖਾਣੇ ਦੀ ਮੰਗ ਨੂੰ ਸਮਝਿਆ।ਸਾਲ 2023 ਵਿੱਚ ਰਾਜਦੀਪ ਸਿੰਘ ਨੇ ਪੀ.ਏ.ਯੂ. ਅਤੇ ਕੇ.ਵੀ.ਕੇ. ਦੇ ਵਿਗਿਆਨੀਆਂ ਦੀ ਸਲਾਹ ਨਾਲ ਗੁੜ ਅਤੇ ਸ਼ੱਕਰ ਬਨਾਉਣ ਦਾ ਕੰਮ ਸ਼ੁਰੂ ਕੀਤਾ, ਜੋ ਕਿ ਪੂਰੀ ਤੌਰ ਉੱਤੇ ਪ੍ਰਵਾਨ ਚੜ੍ਹਿਆ।

ਰਾਜਦੀਪ ਸਿੰਘ ਨੇ ਲੋੜੀਂਦੀ ਮਸ਼ੀਨਰੀ, ਕੜਾਹੇ, ਤਵੇ ਦੀ ਮੋਟਾਈ, ਚੋਬੇ ਦੀ ਬਣਤਰ, ਉਚਾਈ ਸੰਬੰਧੀ ਕ੍ਰਿਸ਼ੀ ਵਿਗਿਆਨ ਕੇਂਦਰ, ਮੋਗਾ ਅਤੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਮਾਹਿਰਾਂ ਤੋਂ ਸਮੇਂ- ਸਮੇਂ ਸਿਰ ਜਾਣਕਾਰੀ ਹਾਸਿਲ ਕਰਕੇ 6 ਲੱਖ ਰੁਪਏ ਦੇ ਸ਼ੁਰੂਆਤੀ ਨਿਵੇਸ਼ ਨਾਲ ਮੋਗਾ- ਲੁਧਿਆਣਾ ਦੇ ਮੇਨ ਹਾਈ-ਵੇਅ ਤੇ ਪੈਂਦੇ ਕੋਕਰੀ ਫੂਲਾ ਸਿੰਘ ਵਾਲਾ ਵਿਖੇ ਗੰਨੇ ਤੋਂ ਗੁੜ ਦੇ ਵਪਾਰ ਦੀ ਸ਼ੁਰੂਆਤ ਕੀਤੀ।ਉਹ ਰਸਾਇਣ ਮੁਕਤ ਰੋਹ (ਰਸ) ਦੀ ਸਫਾਈ ਲਈ ਭਿੰਡੀ ਦੇ ਪਾਣੀ ਦੀ ਵਰਤੋਂ ਕਰਦਾ ਹੈ।ਉਸ ਨੇ ਕੰਮ ਨੂੰ ਸਿਰਫ ਗੁੜ ਦੀ ਭੇਲੀ (ਪੀਸ) ਬਨਾਉਣ ਤੱਕ ਸੀਮਤ ਨਹੀਂ ਰੱਖਿਆ ਸਗੋਂ ਗਾਹਕ ਦੀ ਮੰਗ ਅਨੁਸਾਰ ਟੁਕੜੀ (ਬਰਫੀ) ਵਾਲਾ ਗੁੜ, ਡਰਾਈ ਫਰੂਟ ਵਾਲਾ ਗੁੜ, ਸ਼ੱਕਰ, ਗੁੜ ਚਨਾ, ਹੋਰ ਕਈ ਪ੍ਰਕਾਰ ਦੀ ਵਰਾਇਟੀ ਤਿਆਰ ਕੀਤੀ।ਘੁਲਾੜੇ ਦੀ ਜਗ੍ਹਾ ਦੀ ਚੋਣ ਢੁੱਕਵੀਂ ਹੋਣ ਕਾਰਨ ਉਹਨਾਂ ਨੂੰ ਪਹਿਲੇ ਹੀ ਸਾਲ ਵਿੱਚ ਚੰਗਾ ਉਤਸ਼ਾਹ ਮਿਲਿਆ।ਸੜਕ ਦੇ ਨਾਲ-ਨਾਲ ਉਠਦੇ ਮੱਠੇ-ਮੱਠੇ ਧੂੰਏਂ ਅਤੇ ਗੁੜ ਦੀ ਮਹਿਕ ਖ਼ੀਦਦਾਰ ਨੂੰ ਮੱਲੋ- ਮੱਲੀ ਰੁਕਣ ਲਈ ਮਜ਼ਬੂਰ ਕਰ ਦਿੰਦੀ ਹੈ।ਗੰਨੇ ਦੀ ਰੋਹ ਦੀ ਪਰਖ ਉਸ ਦੀ ਪੀ. ਐਚ ਅਤੇ ਟੀ. ਐਸ. ਐਸ ਦੇ ਅਧਾਰ ਕੀਤੀ ਜਾਂਦੀ ਹੈ, ਜੋ ਗੁੜ ਦੀ ਕੁਆਲਟੀ ਅਤੇ ਭੰਡਾਰਨ ਲਈ ਜ਼ਿੰਮੇਵਾਰ ਹੁੰਦੇ ਹਨ।ਇਸ ਘੁਲਾੜੇ ਨੂੰ ਭਾਰਤ ਸਰਕਾਰ ਦੀ ਐਮ. ਐਸ. ਐਮ. ਈ ਸਕੀਮ ਤਹਿਤ ਰਜਿਸਟਰ ਕੀਤਾ ਗਿਆ ਅਤੇ ਆਪਣੇ ਇਸ ਯੂਨਿਟ ਦਾ ਨਾਮ ' ਗੋਲਡਨ ਓਰਾ ' ਰੱਖਿਆ।ਇਸ ਤੋਂ ਇਲਾਵਾ ਉਹ ਬੇਕਰੀ ਦੇ ਕੰਮ ਵੀ ਕਰਦਾ ਹੈ।

ਕ੍ਰਿਸ਼ੀ ਵਿਗਿਆਨ ਕੇਂਦਰ ਮੋਗਾ ਦੇ ਰਮਨਦੀਪ ਕੌਰ ਅਤੇ ਅਮਨਦੀਪ ਸਿੰਘ ਬਰਾੜ ਨੇ ਦੱਸਿਆ ਕਿ ਰਾਜਦੀਪ ਸਿੰਘ ਨੇ ਬੇਕਰੀ ਵਿੱਚ ਗੁੜ ਨੂੰ ਖੰਡ ਦੀ ਥਾਂ ਕੁਦਰਤੀ ਮਿਠਾਸ ਦੇ ਤੌਰ ਤੇ ਵਰਤਿਆ ਅਤੇ ਭੰਡਾਰਨ ਲਈ ਰੱਖੇ ਗੁੜ ਤੋਂ ਲਾਭ ਨੂੰ ਦੋਗੁਣਾ ਕਰ ਲਿਆ।ਉਸ ਦੁਆਰਾ ਤਿਆਰ ਕੀਤੇ ਆਟੇ ਦੇ ਬਿਸਕੁਟ ਵਿੱਚ ਦੇਸੀ ਘਿਓ, ਕਣਕ ਦਾ ਆਟਾ, ਦੁੱਧ ਅਤੇ ਗੁੜ ਸ਼ਾਮਿਲ ਕੀਤਾ ਗਿਆ।ਉਸਨੇ ਗੋਲਡਨ ਓਰਾ ਨੂੰ ਟਿਕਾਊ ਬ੍ਰਾਂਡ ਬਨਾਉਣ ਲਈ ਖੁਰਾਕ ਸੁਰੱਖਿਆ ਨਿਯਮਾਂ ਦੇ ਤਹਿਤ FSSAI ਅਤੇ MSME ਤੋਂ ਜਰੂਰੀ ਸਰਟੀਫਿਕੇਟ ਵੀ ਪ੍ਰਾਪਤ ਕੀਤਾ ਹੋਇਆ ਹੈ।

ਡਿਪਟੀ ਕਮਿਸ਼ਨਰ ਸ਼੍ਰੀ ਵਿਸ਼ੇਸ਼ ਸਾਰੰਗਲ ਨੇ ਰਾਜਦੀਪ ਸਿੰਘ ਦੇ ਜ਼ਜਬੇ ਨੂੰ ਸਲਾਮ ਕਰਦਿਆਂ ਹੋਰ ਕਿਸਾਨਾਂ ਨੂੰ ਵੀ ਮਿਹਨਤ ਨਾਲ ਕੁਝ ਨਵਾਂ ਕਰਨਾ ਲਈ ਪ੍ਰੇਰਿਤ ਹੋਣ ਦਾ ਸੱਦਾ ਦਿੱਤਾ ਹੈ। ਉਹਨਾਂ ਕਿਹਾ ਕਿ ਰਾਜਦੀਪ ਸਿੰਘ ਦੀ ਕਹਾਣੀ ਇਹ ਦਰਸਾਉਂਦੀ ਹੈ ਕਿ ਸਹੀ ਦ੍ਰਿਸ਼ਟੀਕੋਣ, ਮਿਹਨਤ ਅਤੇ ਨਵੀਨਤਾ ਨਾਲ ਕਾਮਯਾਬੀ ਹਾਸਲ ਕੀਤੀ ਜਾ ਸਕਦੀ ਹੈ।ਉਸਦੀ ਕਾਮਯਾਬੀ ਨੇ ਬਹੁਤ ਸਾਰੇ ਨੌਜਵਾਨ ਕਿਸਾਨਾਂ ਨੂੰ ਖੇਤੀ ਵਿੱਚ ਪਦਾਰਥਾਂ ਦੀ ਪ੍ਰੋਸੈਸਿੰਗ ਅਤੇ ਮੁੱਲ ਵਧਾਊ ਉਤਪਾਦ ਬਨਾਉਣ ਅਤੇ ਉਦਯੋਗਤਾ ਦੇ ਬਾਰੇ ਸੋਚਣ ਲਈ ਪ੍ਰੇਰਨਾ ਦਿੱਤੀ ਹੈ।




- ਤੁਹਾਨੂੰ ਮੈਗਜ਼ੀਨ ਦਾ ਸਭ ਤੋਂ ਚੰਗਾ ਪੱਖ ਕਿਹੜਾ ਲੱਗਦਾ ਹੈ?
- ਇਸਨੂੰ ਹੋਰ ਸੁਚੱਜਾ ਬਣਾਉਣ ਲਈ ਤੁਹਾਡੇ ਕੋਲ ਕੀ ਸੁਝਾਅ ਹਨ?
- ਕ੍ਰਿਪਾ ਕਰਕੇ ਆਪਣੇ ਜਵਾਬ ਹੇਠ ਲਿਖੇ ਪਤੇ `ਤੇ ਭੇਜੋ।


ਵਿਕਾਸ ਜਾਗ੍ਰਤੀ<br>
ਕਮਰਾ ਨੰ: 1, ਪੰਜਵੀਂ ਮੰਜ਼ਿਲ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ।<br>
ਫ਼ੋਨ ਨੰ: 0172-2740668


ਪਾਠਕਾਂ ਨੂੰ ਸਨਿਮਰ ਬੇਨਤੀ ਹੈ ਕਿ ਉਹ ਵਿਕਾਸ ਜਾਗ੍ਰਤੀ ਵਾਸਤੇ ਆਪਣੀਆਂ ਮੌਲਿਕ ਅਤੇ ਅਪ੍ਰਕਾਸ਼ਿਤ ਰਚਨਾਵਾਂ ਹੀ ਭੇਜਣ ਦੀ ਖੇਚਲ ਕਰਨ।
ਇਹ ਰਚਨਾਵਾਂ ਟਾਈਪ ਕਰ ਕੇ ਹੀ **punmagazine2020@gmail.com**`ਤੇ ਭੇਜਿਆਂ ਜਾਣ ਜੀ।

ਸੰਪਾਦਕ

# ਪੰਜਾਬ ਸਰਕਾਰ ਹੁਣ ਸੋਸ਼ਲ ਮੀਡੀਆ 'ਤੇ

ਪੰਜਾਬ ਸਰਕਾਰ ਨੇ ਸੂਬਾ ਸਰਕਾਰ ਅਤੇ ਪੰਜਾਬ ਦੇ ਲੋਕਾਂ ਦਰਮਿਆਨ ਦੋ-ਪੱਖੀ ਸੰਚਾਰ ਦੀ ਸਹੂਲਤ ਲਈ ਸੋਸ਼ਲ ਮੀਡੀਆ ਦੀ ਦੁਨੀਆ ਵਿੱਚ ਕਦਮ ਰੱਖਿਆ ਹੈ। ਪੰਜਾਬ ਸਬੰਧੀ ਨਵੀਨਤਮ ਘਟਨਾਵਾਂ, ਖ਼ਬਰਾਂ, ਨੀਤੀਆਂ, ਸਕੀਮਾਂ ਅਤੇ ਪਹਿਲਕਦਮੀਆਂ ਬਾਰੇ ਨਿਯਮਤ ਰੀਅਲ-ਟਾਈਮ ਅਪਡੇਟਸ ਲਈ ਫੇਸਬੁੱਕ, ਟਵਿੱਟਰ, ਵਰਡਪ੍ਰੈਸ ਅਤੇ ਯੂਟਿਊਬ 'ਤੇ ਸਾਡੇ ਨਾਲ ਆਨਲਾਈਨ ਜੁੜੋ।

**#PunjabGovtIndia** ਨਾਲ ਜੁੜੋ ਅਤੇ ਅਧਿਕਾਰਤ ਪੰਨਿਆਂ 'ਤੇ ਲਾਈਕ/ਕਮੈਂਟ/ਸ਼ੇਅਰ ਕਰੋ:

**Facebook.com/PunjabGovtIndia**

**x.com/pbgovtindia**

**Punjabgovtindia.wordpress.com**

**Youtube.com/c/PunjabGovtIndia**

ਕਿਸੇ ਵੀ ਜਾਣਕਾਰੀ ਜਾਂ ਸੁਝਾਵਾਂ ਲਈ ਸਾਨੂੰ **pbgovt.socialmedia@gmail.com** 'ਤੇ ਈ-ਮੇਲ ਵੀ ਕਰ ਸਕਦੇ ਹੋ।

ਤੁਸੀਂ ਪੰਜਾਬ ਐਡਵਾਂਸ (ਅੰਗਰੇਜ਼ੀ), ਵਿਕਾਸ ਜਾਗ੍ਰਿਤੀ (ਪੰਜਾਬੀ), ਵਿਕਾਸ ਜਾਗ੍ਰਿਤੀ (ਹਿੰਦੀ) ਮਾਸਿਕ ਈ-ਮੈਗਜ਼ੀਨ ਵੀ ਡਾਊਨਲੋਡ ਕਰ ਸਕਦੇ ਹੋ
ਅਤੇ
ਵਧੇਰੇ ਜਾਣਕਾਰੀ ਅਤੇ ਸੂਬੇ ਦੀਆਂ ਵਿਕਾਸ ਪਹਿਲਕਦਮੀਆਂ/ ਸਕੀਮਾਂ ਦੀ ਵਿਸਤ੍ਰਿਤ ਜਾਣਕਾਰੀ ਲਈ **ipr.punjab.gov.in** 'ਤੇ ਜਾਓ।

ਤੁਹਾਡੇ ਸੁਝਾਅ ਸਾਡੇ ਲਈ ਬਹੁਤ ਕੀਮਤੀ ਹਨ। ਤੁਸੀਂ ਮੈਗਜ਼ੀਨਾਂ ਸਬੰਧੀ ਆਪਣੀਆਂ ਟਿੱਪਣੀਆਂ **feedbackpunmedia@gmail.com** 'ਤੇ ਦੇ ਸਕਦੇ ਹੋ।

***ਸਾਨੂੰ ਤੁਹਾਡੇ ਸੁਝਾਵਾਂ ਦੀ ਉਡੀਕ ਰਹੇਗੀ।***

GOVT. OF PUNJAB

Punjab Land of Unlimited Opportunities

# ਰੰਗਲਾ ਪੰਜਾਬ
# ਨਿਵੇਸ਼ਕਾਂ ਦੀ ਪਹਿਲੀ ਪਸੰਦ



## ਉਦਯੋਗ ਖੇਤਰ ਵਿੱਚ ਲਏ ਗਏ ਵੱਡੇ ਫ਼ੈਸਲੇ

ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ-2022 ਲਾਗੂ

ਕਾਰੋਬਾਰ ਦੀ ਸਹੂਲਤ ਲਈ ਇਨਵੈਸਟ ਪੰਜਾਬ ਬਿਜ਼ਨਸ ਫਰਸਟ ਪੋਰਟਲ ਸ਼ੁਰੂ

ਸਨਅਤਕਾਰਾਂ ਲਈ ਗ੍ਰੀਨ ਸਟੈਂਪ ਪੇਪਰ ਦੀ ਸਹੂਲਤ

ਸਾਲ 2022 ਤੋਂ ਹੁਣ ਤੱਕ ਕੁੱਲ 5,300 ਨਿਵੇਸ਼ ਪ੍ਰਸਤਾਵ ਪ੍ਰਵਾਨ

ਕੁੱਲ ₹86,541 ਕਰੋੜ ਦਾ ਨਿਵੇਸ਼, 3,92,540 ਨੌਜਵਾਨਾਂ ਲਈ ਪੈਦਾ ਹੋ ਰਹੇ ਰੁਜ਼ਗਾਰ ਦੇ ਮੌਕੇ

ਸੁਝਾਅ ਲਈ ਸੰਪਰਕ ਕਰੋ-
punjabconsultation@gmail.com
ਵੱਟਸਐਪ ਨੰਬਰ: 8194891948

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵੱਟਸਐਪ ਚੈਨਲ ਨਾਲ ਜੁੜੋ

ਇੱਥੇ ਸਕੈਨ ਕਰੋ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ